ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

**International Daily Newspaper & WEB TV**

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਸ਼ਨਿੱਚਰਵਾਰ, 18 ਜੁਲਾਈ 2026 (ਨਾਨਕਸ਼ਾਹੀ ਸੰਮਤ : ੫੫੮, ੩ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਪੀਐਮ ਮੋਦੀ ਵੱਲੋਂ ਜਲੰਧਰ ਕੈਂਟ ਰੇਲਵੇ ਸਟੇਸ਼ਨ ਦਾ ਉਦਘਾਟਨ

# ਪੰਜਾਬ 'ਚ ਵਿਕਾਸ ਕਰਨਾ ਭਾਜਪਾ ਦਾ ਸੁਫ਼ਨਾ: ਪੀਐਮ ਮੋਦੀ



### ਆਵਾਜ਼ਿ ਕੌਮ ਦੀ ਵਿਸ਼ੇਸ਼ ਰਿਪੋਰਟ

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅੱਜ ਜਲੰਧਰ ਦੌਰੇ 'ਤੇ ਪਹੁੰਚੇ, ਜਿੱਥੇ ਉਨ੍ਹਾਂ ਵੱਲੋਂ 125 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਜਲੰਧਰ ਕੈਂਟ ਰੇਲਵੇ ਸਟੇਸ਼ਨ ਦਾ ਉਦਘਾਟਨ ਕੀਤਾ ਗਿਆ। ਹਰੇ ਰੰਗ ਦੀ ਦਸਤਾਰ ਸਜਾ ਕੇ ਪ੍ਰਧਾਨ ਮੰਤੀ ਨਰਿੰਦਰ ਮੋਦੀ ਦਾ ਸਟੇਜ਼ ਉਤੇ ਪਹੁੰਚਣ 'ਤੇ ਪੰਜਾਬ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਸ਼ਾਲ ਅਤੇ ਕ੍ਰਿਪਾਨ ਦੇ ਕੇ ਉਨ੍ਹਾਂ ਦਾ ਵਿਸ਼ੇਸ਼ ਤੌਰ 'ਤੇ ਸਵਾਗਤ ਕੀਤਾ। ਇਸ ਦੇ ਨਾਲ ਹੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਮਹਾਰਾਜਾ ਰਣਜੀਤ ਸਿੰਘ ਦੀ ਤਸਵੀਰ ਵੀ ਭੇਟ ਕੀਤੀ ਗਈ। ਇਸ ਮੌਕੇ ਸਟੇਜ਼ 'ਤੇ ਸੰਬੋਧਨ ਕਰਦੇ ਹੋਏ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਕਿ ਅੱਜ ਸਾਡਾ ਜਲੰਧਰ ਵਿਕਾਸ ਦੇ ਕੰਮਾਂ ਦਾ ਸਾਕਸ਼ੀ ਬਣ ਰਿਹਾ ਹੈ। ਵਿਕਾਸ ਦੇ ਕੰਮਾਂ ਨੂੰ ਗਤੀ ਦਿੰਦੇ ਹੋਏ ਕਈ ਨਵੀਆਂ ਰੇਲ ਸੇਵਾਵਾਂ ਸ਼ੁਰੂ ਕੀਤੀਆਂ ਗਈਆਂ ਹਨ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਪੰਜਾਬੀ ਵਿਚ ਭਾਸ਼ਣ ਦੀ ਸ਼ੁਰੂਆਤ ਕੀਤੀ। ਵਿਕਾਸ ਕੰਮ ਨੂੰ ਗਤੀ ਲਈ ਕਈ ਨਵੀਆਂ ਰੇਲ ਸੇਵਾ ਚਲਾਈਆਂ ਗਈਆਂ। ਪੰਜਾਬ ਵਿਚ ਵਿਕਾਸ ਕਰਨਾ ਭਾਜਪਾ ਦਾ ਸੁਫ਼ਨਾ ਹੈ। ਗੁਰੂਆਂ ਦੀ ਧਰਤੀ 'ਤੇ ਆ ਕੇ ਮਾਣ ਮਹਿਸੂਸ ਹੋ ਰਿਹਾ ਹੈ। ਆਪਣੇ ਸੰਬੋਧਨ ਦੌਰਾਨ ਪ੍ਰਧਾਨ ਮੰਤਰੀ ਨੇ ਮਹਾਨ ਸਿੱਖ ਆਗੂ ਅਤੇ ਸੁਤੰਤਰਤਾ ਸੈਨਾਨੀ ਜਥੇਦਾਰ ਤੇਜਾ ਸਿੰਘ ਸਮੁੰਦਰੀ ਦੀ 100ਵੀਂ ਬਰਸੀ ਦੇ ਮੌਕੇ ਉਨ੍ਹਾਂ ਨੂੰ ਨਮਨ ਕਰਦਿਆਂ ਨਿੱਘੀ ਸ਼ਰਧਾਂਜਲੀ ਭੇਟ ਕੀਤੀ। ਪੀਐਮ ਮੋਦੀ ਨੇ ਕਿਹਾ ਕਿ ਪੰਜਾਬ ਵਿੱਚ ਭਾਵੇਂ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਨਹੀਂ ਹੈ, ਪਰ ਇਸ ਦੇ ਬਾਵਜੂਦ ਕੇਂਦਰ ਸਰਕਾਰ ਸੂਬੇ ਦੇ ਸਰਵਪੱਖੀ ਵਿਕਾਸ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀ ਹੈ। ਜਲੰਧਰ ਕੈਂਟ ਸਟੇਸ਼ਨ ਦੇ ਦੌਰੇ ਦੌਰਾਨ ਪ੍ਰਧਾਨ ਮੰਤਰੀ ਮੋਦੀ ਨੇ ਸੰਤ ਨਿਰੰਜਨ ਦਾਸ ਨਾਲ ਵੀ ਮੁਲਾਕਾਤ ਕੀਤੀ। ਪ੍ਰਧਾਨ ਮੰਤਰੀ ਵੱਲੋਂ ਇਹ ਮੁਲਾਕਾਤ ਸੰਤ ਰਵਿਦਾਸ ਐਕਸਪ੍ਰੈਸ ਟਰੇਨ 'ਚ ਬੈਠ ਕੇ ਕੀਤੀ ਗਈ। ਦੱਸ ਦੇਈਏ ਕਿ ਜਲੰਧਰ ਕੈਂਟ ਰੇਲਵੇ ਸਟੇਸ਼ਨ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕੀਤਾ ਗਿਆ ਹੈ। ਇਸਦੇ ਉਦਘਾਟਨ ਨਾਲ ਦੁਆਬਾ ਖੇਤਰ ਦੇ ਲੋਕਾਂ ਨੂੰ ਵੱਡੀ ਰਾਹਤ ਮਿਲਣ ਦੀ ਉਮੀਦ ਹੈ। ਇਸ ਮੌਕੇ ਰਵਨੀਤ ਸਿੰਘ ਬਿੱਟੂ, ਪੰਜਾਬ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ, ਸੁਨੀਲ ਜਾਖੜ ਸਮੇਤ ਕਈ ਸੀਨੀਅਰ ਆਗੂ ਮੌਜੂਦ ਰਹੇ।



## ਜਲੰਧਰ ਕੈਂਟ ਰੇਲਵੇ ਸਟੇਸ਼ਨ ਪਹੁੰਚੇ ਪਦਮ ਸ਼੍ਰੀ ਸੰਤ ਨਿਰੰਜਨ ਦਾਸ ਜੀ, ਰਵਨੀਤ ਬਿੱਟੂ ਨੇ ਕੀਤਾ ਸਵਾਗਤ





**ਪ੍ਰਧਾਨ ਮੰਤਰੀ ਨਰਿੰਦਰ ਮੋਦੀ** ਦੇ ਜਲੰਧਰ ਦੇ ਦੌਰੇ ਦੌਰਾਨ, ਜਿੱਥੇ ਉਨ੍ਹਾਂ ਵੱਲੋਂ 125 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਜਲੰਧਰ ਕੈਂਟ ਰੇਲਵੇ ਸਟੇਸ਼ਨ ਦਾ ਉਦਘਾਟਨ ਕਰਨ ਤੋਂ ਪਹਿਲਾ ਜਿੱਥੇ ਇਸ ਦੇ ਲਈ ਜ਼ਿਲ੍ਹਾ ਪ੍ਰਸ਼ਾਸਨ ਅਤੇ ਭਾਰਤੀ ਜਨਤਾ ਪਾਰਟੀ ਵੱਲੋਂ ਸਖ਼ਤ ਪ੍ਰਬੰਧ ਕੀਤੇ ਗਏ ਸਨ। ਉਥੇ ਹੀ ਇਸੇ ਦੌਰਾਨ ਡੇਰਾ ਸੱਚਖੰਡ ਬੱਲਾਂ ਦੇ ਮੁਖੀ ਪਦਮ ਸ਼੍ਰੀ ਸੰਤ ਨਿਰੰਜਨ ਦਾਸ ਜੀ ਜਲੰਧਰ ਕੈਂਟ ਰੇਲਵੇ ਸਟੇਸ਼ਨ ਪਹੁੰਚੇ, ਜਿੱਥੇ ਉਨ੍ਹਾਂ ਦਾ ਸੁਆਗਤ ਰਵਨੀਤ ਸਿੰਘ ਬਿੱਟੂ ਵੱਲੋਂ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਸੰਤ ਨਿਰੰਜਨ ਦਾਸ ਨਾਲ ਮੁਲਾਕਾਤ ਕਰਦੇ ਹੋਏ ਆਸ਼ੀਰਵਾਦ ਵੀ ਲਿਆ। ਇਸ ਦੌਰਾਨ ਕਈ ਮੁੱਦਿਆਂ 'ਤੇ ਵਿਚਾਰ-ਚਰਚਾ ਵੀ ਕੀਤੀ ਗਈ।



ਆਵਾਜ਼ਿ ਕੌਮ AWAZE QAUM International Newspaper & WEB TV

## ਪੰਜਾਬ ਸਰਕਾਰ ਵੱਲੋਂ 88 ਵਿਧਾਨ ਸਭਾ ਹਲਕਿਆਂ ਵਿੱਚ ਅਗਰਵਾਲ ਸਮਾਜ ਦੇ ਕੋਆਰਡੀਨੇਟਰ ਨਿਯੁਕਤ

ਚੰਡੀਗੜ੍ਹ, 17 ਜੁਲਾਈ (ਆਵਾਜ਼ਿ ਕੌਮ ਬਿਊਰੋ)-ਪੰਜਾਬ ਸਰਕਾਰ ਵੱਲੋਂ ਅਗਰਵਾਲ ਸਮਾਜ ਨਾਲ ਸਬੰਧਤ ਗਤੀਵਿਧੀਆਂ ਨੂੰ ਮਜ਼ਬੂਤ ਕਰਨ ਲਈ ਸੂਬੇ ਦੇ 88 ਵਿਧਾਨ ਸਭਾ ਹਲਕਿਆਂ ਵਿੱਚ ਕੋਆਰਡੀਨੇਟਰ ਨਿਯੁਕਤ ਕੀਤੇ ਗਏ ਹਨ। ਮੁੱਖ ਮੰਤਰੀ ਦਫ਼ਤਰ ਵੱਲੋਂ ਜਾਰੀ ਸੂਚੀ ਅਨੁਸਾਰ ਵੱਖ-ਵੱਖ ਹਲਕਿਆਂ ਲਈ ਨਵੇਂ ਨਿਯੁਕਤੀਆਂ ਦਾ ਐਲਾਨ ਕੀਤਾ ਗਿਆ ਹੈ। ਜਾਰੀ ਸੂਚੀ ਮੁਤਾਬਕ ਮੁਕੇਰੀਆਂ ਤੋਂ ਰੋਹਿਤ ਕੁਮਾਰ ਅਗਰਵਾਲ, ਸ਼ਾਮ ਚੌਰਾਸੀ ਤੋਂ ਯੋਗੇਸ਼ ਗੁਪਤਾ, ਉੜਮੁੜ ਤੋਂ ਮੁਨੀਸ਼ ਗੁਪਤਾ, ਚੱਬੇਵਾਲ



ਆਵਾਜ਼ਿ ਕੌਮ AWAZE QAUM International Newspaper & WEB TV

ਤੋਂ ਵਿਪਨ ਅਗਰਵਾਲ, ਗੜ੍ਹਸ਼ੰਕਰ ਤੋਂ ਭੂਸ਼ਣ ਕੁਮਾਰ, ਆਦਮਪੁਰ ਤੋਂ ਰਾਜੀਵ ਸਿੰਗਲਾ, ਕਰਤਾਰਪੁਰ ਤੋਂ ਰਵਿੰਦਰ ਕੁਮਾਰ, ਨਕੋਦਰ ਤੋਂ ਅਮਿਤ ਗੋਇਲ, ਫਿਲੌਰ ਤੋਂ ਰਵੀ ਕਾਂਤ, ਸ਼ਾਹਕੋਟ ਤੋਂ ਸ਼ਿਵ ਸ਼ੰਭੂ, ਜਲੰਧਰ ਕੈਂਟ ਤੋਂ ਰਾਜਕੁਮਾਰ ਗਰਗ, ਜਲੰਧਰ ਸੈਂਟਰਲ ਤੋਂ ਰਾਜਨ ਗੁਪਤਾ, ਜਲੰਧਰ ਨਾਰਥ ਤੋਂ ਚੰਦਨ ਗੋਇਲ, ਜਲੰਧਰ ਵੈਸਟ ਤੋਂ ਨੀਰਜ ਗੁਪਤਾ, ਕਪੂਰਥਲਾ ਤੋਂ ਅਰੁਣ ਅਗਰਵਾਲ, ਫਗਵਾੜਾ ਤੋਂ ਕੈਲਾਸ਼ ਗੁਪਤਾ, ਬੰਗਾ ਤੋਂ ਅਸੀਮ ਅਗਰਵਾਲ, ਅਟਾਰੀ ਤੋਂ ਨਿਖਿਲ ਗੁਪਤਾ, ਅੰਮ੍ਰਿਤਸਰ ਸੈਂਟਰਲ ਤੋਂ ਸਨੀ ਗੁਪਤਾ, ਅੰਮ੍ਰਿਤਸਰ ਈਸਟ ਤੋਂ ਦੀਪਕ ਬਾਂਸਲ, ਅੰਮ੍ਰਿਤਸਰ ਨਾਰਥ ਤੋਂ ਨਰੇਸ਼ ਅਗਰਵਾਲ, ਅੰਮ੍ਰਿਤਸਰ ਸਾਊਥ ਤੋਂ ਸ਼ੁਭਮ ਗੁਪਤਾ, ਅੰਮ੍ਰਿਤਸਰ ਵੈਸਟ ਤੋਂ ਆਕਾਸ਼ ਅਗਰਵਾਲ, ਬਟਾਲਾ ਤੋਂ ਵਰੁਣ ਬਾਂਸਲ, ਡੇਰਾ ਬਾਬਾ ਨਾਨਕ ਤੋਂ ਮਨੋਜ ਕੁਮਾਰ, ਗੁਰਦਾਸਪੁਰ ਤੋਂ ਅੰਕੁਸ਼ ਅਗਰਵਾਲ, ਸੁਜਾਨਪੁਰ ਤੋਂ ਮੁਨੀਸ਼ ਬਾਂਸਲ, ਖਡੂਰ ਸਾਹਿਬ ਤੋਂ ਨਰਿੰਦਰ ਤੇਜਪਾਲ, ਪੱਟੀ ਤੋਂ ਵਿਨੀ ਗੋਇਲ ਅਤੇ ਤਰਨਤਾਰਨ ਤੋਂ ਅਮਿਤ ਗੁਪਤਾ ਨੂੰ ਜ਼ਿੰਮੇਵਾਰੀ ਸੌਂਪੀ ਗਈ ਹੈ। ਇਸੇ ਤਰ੍ਹਾਂ ਫਰੀਦਕੋਟ ਤੋਂ ਅਤੁਲ ਗੋਇਲ, ਜੈਤੋ ਤੋਂ ਨਰੇਸ਼ ਜਿੰਦਲ, ਕੋਟਕਪੂਰਾ ਤੋਂ ਕ੍ਰਿਸ਼ਨ ਕੁਮਾਰ ਗੋਇਲ, ਫਤਿਹਗੜ੍ਹ ਸਾਹਿਬ ਤੋਂ ਰਾਜਨ ਗੁਪਤਾ, ਦਾਖਾ ਤੋਂ ਮੁਕੇਸ਼ ਬਾਂਸਲ, ਗਿੱਲ ਤੋਂ ਰਵੀ ਕੁਮਾਰ ਗਰਗ, ਰਾਏਕੋਟ ਤੋਂ ਰਾਜੀਵ ਗਰਗ, ਖੰਨਾ ਤੋਂ ਵਿਕਾਸ ਅਗਰਵਾਲ, ਪਾਇਲ ਤੋਂ ਪਵਨ ਗੁਪਤਾ, ਆਤਮ ਨਗਰ ਤੋਂ ਮੁਕੇਸ਼ ਅਗਰਵਾਲ, ਲੁਧਿਆਣਾ ਸੈਂਟਰਲ ਤੋਂ ਕੁੰਜ ਬਿਹਾਰੀ ਧਨੂਕਾ, ਲੁਧਿਆਣਾ ਈਸਟ ਤੋਂ ਅਮਿਤ ਕੁਮਾਰ ਗੁਪਤਾ, ਲੁਧਿਆਣਾ ਨਾਰਥ ਤੋਂ ਜੁਗਲ ਗੋਇਲ, ਲੁਧਿਆਣਾ ਸਾਊਥ ਤੋਂ ਡਾ. ਸੰਜੇ ਕੁਮਾਰ, ਲੁਧਿਆਣਾ ਵੈਸਟ ਤੋਂ ਗਿਆਨ ਚੰਦ, ਬਾਘਾ ਪੁਰਾਣਾ ਤੋਂ ਭੂਸ਼ਣ ਗੋਇਲ, ਧਰਮਕੋਟ ਤੋਂ ਕਪਿਲ ਸਿੰਗਲਾ, ਮੋਗਾ ਤੋਂ ਸੰਕੇਤ ਗਰਗ, ਨਿਹਾਲ ਸਿੰਘਵਾਲਾ ਤੋਂ ਵਿਨੋਦ ਕੁਮਾਰ ਗੋਇਲ, ਅਮਰਗੜ੍ਹ ਤੋਂ ਜਤਿੰਦਰ ਕੁਮਾਰ, ਮਾਲੇਰਕੋਟਲਾ ਤੋਂ ਸੁਰਿੰਦਰ ਕੁਮਾਰ ਗਰਗ, ਘਨੌਰ ਤੋਂ ਪ੍ਰਦੀਪ ਕੁਮਾਰ, ਨਾਭਾ ਤੋਂ ਵਿਕਾਸ ਗੋਇਲ, ਪਟਿਆਲਾ ਦਿਹਾਤੀ ਤੋਂ ਦੀਪਕ ਗੋਇਲ, ਰਾਜਪੁਰਾ ਤੋਂ ਪੰਕਜ ਮਿੱਤਲ, ਪਟਿਆਲਾ ਤੋਂ ਨਰੇਸ਼ ਗੁਪਤਾ, ਸਮਾਣਾ ਤੋਂ ਤਰਸੇਮ ਚੰਦ, ਸਨੌਰ ਤੋਂ ਅਨਿਲ ਬਾਂਸਲ, ਸ਼ੁਤਰਾਣਾ ਤੋਂ ਮਦਨ ਗੋਇਲ ਅਤੇ ਚਮਕੌਰ ਸਾਹਿਬ ਤੋਂ ਪ੍ਰਿੰਸ ਜੈਨ ਨੂੰ ਨਿਯੁਕਤ ਕੀਤਾ ਗਿਆ ਹੈ।

## ਪੰਜਾਬ 'ਚ ਗਰਮੀ ਨੇ ਕੱਢੇ ਵੱਟ ਪਾਰਾ ਪਹੁੰਚਿਆ 41 ਡਿਗਰੀ ਤੋਂ ਪਾਰ, ਪੰਜਾਬ ਅਤੇ ਚੰਡੀਗੜ੍ਹ ਵਿੱਚ ਮਾਨਸੂਨ ਦੀ ਰਫ਼ਤਾਰ ਪਈ ਮੱਠੀ



ਚੰਡੀਗੜ੍ਹ, 18 ਜੁਲਾਈ (ਆਵਾਜ਼ਿ ਕੌਮ ਬਿਊਰੋ)- ਪੰਜਾਬ ਵਿਚ ਇਸ ਸਮੇਂ ਮਾਨਸੂਨ ਦੀ ਰਫ਼ਤਾਰ ਮੱਠੀ ਪੈ ਗਈ ਹੈ। ਮੀਂਹ ਨਾ ਪੈਣ ਕਾਰਨ ਗਰਮੀ ਅਤੇ ਹੁੰਮਸ ਨਾਲ ਹੋਣ ਵਾਲੀ ਪਰੇਸ਼ਾਨੀ ਹੋਰ ਵਧ ਗਈ ਹੈ। ਸ਼ੁੱਕਰਵਾਰ ਨੂੰ, ਮੌਸਮ ਵਿਭਾਗ ਕੇਂਦਰ, ਚੰਡੀਗੜ੍ਹ ਨੇ ਸੂਬੇ ਦੇ ਅੱਠ ਜ਼ਿਲ੍ਹਿਆਂ ਵਿੱਚ ਗਰਮੀ ਅਤੇ ਹੁੰਮਸ ਨੂੰ ਲੈ ਕੇ 'ਯੈਲੋ ਅਲਰਟ' ਜਾਰੀ ਕੀਤਾ। ਇਨ੍ਹਾਂ ਜ਼ਿਲ੍ਹਿਆਂ ਵਿੱਚ ਫਿਰੋਜ਼ਪੁਰ, ਫਾਜ਼ਿਲਕਾ, ਫਰੀਦਕੋਟ, ਸ੍ਰੀ ਮੁਕਤਸਰ ਸਾਹਿਬ, ਮੋਗਾ, ਬਠਿੰਡਾ, ਬਰਨਾਲਾ ਅਤੇ ਮਾਨਸਾ ਸ਼ਾਮਲ ਹਨ। ਇਸ ਤੋਂ ਇਲਾਵਾ, ਪਠਾਨਕੋਟ, ਗੁਰਦਾਸਪੁਰ, ਹੁਸ਼ਿਆਰਪੁਰ, ਸ਼ਹੀਦ ਭਗਤ ਸਿੰਘ ਨਗਰ (ਨਵਾਂਸ਼ਹਿਰ), ਫਤਿਹਗੜ੍ਹ ਸਾਹਿਬ, ਰੂਪਨਗਰ ਅਤੇ ਐਸ.ਏ.ਐਸ. ਨਗਰ (ਮੋਹਾਲੀ) ਦੇ ਕੁਝ ਇਲਾਕਿਆਂ ਵਿੱਚ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਣ ਦੀ ਸੰਭਾਵਨਾ ਹੈ। ਹਾਲਾਂਕਿ, ਇਨ੍ਹਾਂ ਜ਼ਿਲ੍ਹਿਆਂ ਲਈ ਮੌਸਮ ਸਬੰਧੀ ਕੋਈ ਚਿਤਾਵਨੀ ਜਾਰੀ ਨਹੀਂ ਕੀਤੀ ਗਈ ਹੈ। ਇਸ ਦੌਰਾਨ, ਸੂਬੇ ਦੇ ਵੱਧ ਤੋਂ ਵੱਧ ਤਾਪਮਾਨ ਵਿੱਚ 0.5 ਡਿਗਰੀ ਸੈਲਸੀਅਸ ਦਾ ਵਾਧਾ ਦਰਜ ਕੀਤਾ ਗਿਆ ਹੈ, ਜਿਸ ਨਾਲ ਇਹ ਆਮ ਨਾਲੋਂ 2.8 ਡਿਗਰੀ ਸੈਲਸੀਅਸ ਵੱਧ ਹੋ ਗਿਆ ਹੈ। ਬਠਿੰਡਾ ਵਿੱਚ ਸਭ ਤੋਂ ਵੱਧ ਤਾਪਮਾਨ 41.2 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਮੌਸਮ ਵਿਗਿਆਨੀਆਂ ਅਨੁਸਾਰ, ਇਸ ਸਮੇਂ ਓਡੀਸ਼ਾ ਅਤੇ ਪੱਛਮੀ ਬੰਗਾਲ ਦੇ ਉੱਪਰ ਮੀਂਹ ਲਿਆਉਣ ਵਾਲਾ ਘੱਟ ਦਬਾਅ ਵਾਲਾ ਖੇਤਰ ਸਰਗਰਮ ਹੈ। ਨਮੀ ਭਰੀਆਂ ਹਵਾਵਾਂ ਇਸ ਪ੍ਰਣਾਲੀ ਦੇ ਆਲੇ-ਦੁਆਲੇ ਇਕੱਠੀਆਂ ਹੁੰਦੀਆਂ ਹਨ, ਜਿਸ ਨਾਲ ਬੱਦਲ ਬਣਦੇ ਹਨ ਅਤੇ ਭਾਰੀ ਮੀਂਹ ਪੈਂਦਾ ਹੈ। ਕਿਉਂਕਿ ਇਹ ਪ੍ਰਣਾਲੀ ਪੰਜਾਬ ਤੋਂ ਕਾਫ਼ੀ ਦੂਰ ਸਥਿਤ ਹੈ, ਇਸ ਲਈ ਲੋੜੀਂਦੀ ਨਮੀ ਅਤੇ ਮੀਂਹ ਵਾਲੇ ਬੱਦਲ ਰਾਜ ਤੱਕ ਨਹੀਂ ਪਹੁੰਚ ਪਾ ਰਹੇ ਹਨ; ਇਹੀ ਕਾਰਨ ਹੈ ਕਿ ਇੱਥੇ ਮਾਨਸੂਨ ਦੀ ਸਰਗਰਮੀ ਕਮਜ਼ੋਰ ਬਣੀ ਹੋਈ ਹੈ। ਚੰਡੀਗੜ੍ਹ ਮੌਸਮ ਵਿਗਿਆਨ ਕੇਂਦਰ ਦੇ ਡਾਇਰੈਕਟਰ ਸੁਰਿੰਦਰ ਪਾਲ ਅਨੁਸਾਰ 19 ਜੁਲਾਈ ਤੋਂ ਬਾਰਿਸ਼ ਦੀ ਗਤੀਵਿਧੀ ਵਧਣ ਦੀ ਸੰਭਾਵਨਾ ਹੈ। ਇਸ ਦੌਰਾਨ, 20 ਤੋਂ 22 ਜੁਲਾਈ ਦੇ ਵਿਚਕਾਰ ਸੂਬੇ ਦੇ ਕਈ ਇਲਾਕਿਆਂ ਵਿੱਚ ਚੰਗੀ ਬਾਰਿਸ਼ ਹੋਣ ਦੀ ਸੰਭਾਵਨਾ ਹੈ।

## ਤਰਨ ਤਾਰਨ 'ਚ 2 ਸਕੇ ਭਰਾਵਾਂ ਦੀ ਮੌਤ

### ਖਾਣਾ ਖਾਣ ਤੋਂ ਬਾਅਦ ਵਿਗੜੀ ਤਬੀਅਤ, ਇਲਾਜ ਦੌਰਾਨ ਤੋੜਿਆ ਦਮ

ਤਰਨਤਾਰਨ, 17 ਜੁਲਾਈ (ਆਵਾਜ਼ਿ ਕੌਮ ਬਿਊਰੋ)- ਤਰਨਤਾਰਨ ਦੇ ਪਿੰਡ ਰਾਣੀਵਾਲਾ ਵਿੱਚ ਰਹੱਸਮਈ ਹਾਲਾਤਾਂ ਵਿੱਚ ਦੋ ਸਕੇ ਭਰਾਵਾਂ ਦੀ ਮੌਤ ਹੋ ਗਈ। ਇਸ ਘਟਨਾ ਤੋਂ ਬਾਅਦ ਇਲਾਕੇ ਵਿੱਚ ਸਨਸਨੀ ਫੈਲ ਗਈ ਹੈ। ਪੁਲਿਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਮ੍ਰਿਤਕਾਂ ਦੀ ਪਹਿਚਾਣ ਪਿੰਡ ਰਾਣੀਵਾਲਾ ਦੇ ਰਹਿਣ ਵਾਲੇ ਸਰਜੀਤ ਸਿੰਘ ਦੇ



ਪੁੱਤਰਾਂ ਗੁਰਨਿਸ਼ਾਨ ਸਿੰਘ (7 ਸਾਲ) ਅਤੇ ਗੁਰਦਾਨ ਸਿੰਘ (ਡੇਢ ਸਾਲ) ਵਜੋਂ ਹੋਈ ਹੈ। ਮਿਲੀ ਜਾਣਕਾਰੀ ਅਨੁਸਾਰ 13 ਜੁਲਾਈ ਦੀ ਰਾਤ ਪਰਿਵਾਰ ਨੇ ਘਰ ਵਿੱਚ ਬਣਿਆ ਖਾਣਾ ਖਾਧਾ ਸੀ। ਖਾਣਾ ਖਾਣ ਤੋਂ ਕੁਝ ਸਮੇਂ ਬਾਅਦ ਪਰਿਵਾਰ ਦੇ ਮੈਂਬਰਾਂ ਦੀ ਅਚਾਨਕ ਤਬੀਅਤ ਖਰਾਬ ਹੋਣ ਲੱਗੀ। ਮੁੱਢਲੇ ਇਲਾਜ ਦੇ ਬਾਵਜੂਦ ਦੋਵੇਂ ਬੱਚਿਆਂ ਦੀ ਹਾਲਤ ਵਿੱਚ ਸੁਧਾਰ ਨਹੀਂ ਆਇਆ, ਜਿਸ ਤੋਂ ਬਾਅਦ ਉਨ੍ਹਾਂ ਨੂੰ ਹਸਪਤਾਲ ਲਿਜਾਇਆ ਗਿਆ। ਹਸਪਤਾਲ ਪਹੁੰਚਣ ਤੋਂ ਪਹਿਲਾਂ ਹੀ ਗੁਰਨਿਸ਼ਾਨ ਸਿੰਘ ਦੀ ਮੌਤ ਹੋ ਗਈ, ਜਦਕਿ ਡੇਢ ਸਾਲਾ ਗੁਰਦਾਨ ਸਿੰਘ ਨੇ ਕੱਲ੍ਹ ਇਲਾਜ ਦੌਰਾਨ ਦਮ ਤੋੜ ਦਿੱਤਾ। ਸ਼ੁਰੂਆਤੀ ਤੌਰ 'ਤੇ ਸ਼ੱਕ ਜਤਾਇਆ ਜਾ ਰਿਹਾ ਹੈ ਕਿ ਇਹ ਘਟਨਾ ਦੂਸ਼ਿਤ ਖਾਣਾ ਖਾਣ ਜਾਂ ਖਾਣੇ ਵਿੱਚ ਕਿਸੇ ਜ਼ਹਿਰੀਲੇ ਪਦਾਰਥ ਦੇ ਹੋਣ ਕਾਰਨ ਵਾਪਰੀ ਹੋ ਸਕਦੀ ਹੈ। ਹਾਲਾਂਕਿ ਪਰਿਵਾਰ ਦੇ ਹੋਰ ਮੈਂਬਰਾਂ ਦੀ ਹਾਲਤ ਹੁਣ ਸਥਿਰ ਦੱਸੀ ਜਾ ਰਹੀ ਹੈ। ਘਟਨਾ ਦੀ ਸੂਚਨਾ ਮਿਲਦਿਆਂ ਹੀ ਥਾਣਾ ਚੋਹਲਾ ਸਾਹਿਬ ਦੀ ਪੁਲਿਸ ਮੌਕੇ 'ਤੇ ਪਹੁੰਚੀ ਅਤੇ ਜਾਂਚ ਸ਼ੁਰੂ ਕਰ ਦਿੱਤੀ। ਥਾਣਾ ਚੋਹਲਾ ਸਾਹਿਬ ਦੇ ਡਿਊਟੀ ਅਫ਼ਸਰ ਏਐਸਆਈ ਰਣਜੀਤ ਸਿੰਘ ਨੇ ਦੱਸਿਆ ਕਿ ਪੁਲਿਸ ਮਾਮਲੇ ਦੇ ਹਰ ਪੱਖ ਦੀ ਗੰਭੀਰਤਾ ਨਾਲ ਜਾਂਚ ਕਰ ਰਹੀ ਹੈ। ਏਐਸਆਈ ਰਣਜੀਤ ਸਿੰਘ ਨੇ ਦੱਸਿਆ ਕਿ ਸ਼ੁਰੂਆਤੀ ਜਾਂਚ ਵਿੱਚ ਜ਼ਹਿਰੀਲਾ ਪਦਾਰਥ ਖਾਣ ਦੀ ਆਸ਼ੰਕਾ ਜਤਾਈ ਜਾ ਰਹੀ ਹੈ, ਪਰ ਮੌਤ ਦੇ ਅਸਲ ਕਾਰਨਾਂ ਦਾ ਪਤਾ ਮੈਡੀਕਲ ਅਤੇ ਪੋਸਟਮਾਰਟਮ ਰਿਪੋਰਟ ਆਉਣ ਤੋਂ ਬਾਅਦ ਹੀ ਲੱਗੇਗਾ। ਪੁਲਿਸ ਨੇ ਕਿਹਾ ਕਿ ਜਾਂਚ ਰਿਪੋਰਟ ਦੇ ਆਧਾਰ 'ਤੇ ਅਗਲੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਦੇਗ ਤੇਗ ਫ਼ਤਹਿ ਪੰਥ ਕੀ ਜੀਤ



ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਊਥਾਲ ਪਾਰਕ ਐਵਨਿਊ ਵਿਖੇ

# ਮਹਾਨ ਸ਼ਹੀਦੀ ਸਮਾਗਮ

## 24 ਤੋਂ 26 ਜੁਲਾਈ 2026

**ਅਰੰਭ**
ਸ੍ਰੀ ਅਖੰਡਪਾਠ ਸਾਹਿਬ
24 ਜੁਲਾਈ 2026

**ਭੋਗ**
ਸ੍ਰੀ ਅਖੰਡਪਾਠ ਸਾਹਿਬ
26 ਜੁਲਾਈ 2026

### ਸ਼ਹੀਦ ਸਿੰਘਾਂ ਦੀ ਯਾਦ ਵਿੱਚ

- ਸ਼ਹੀਦ ਜਨਰਲ ਲਾਭ ਸਿੰਘ — ਮੁਖੀ ਖਾਲਿਸਤਾਨ ਕਮਾਂਡੋ ਫੋਰਸ
- ਸ਼ਹੀਦ ਜਨਰਲ ਅਵਤਾਰ ਸਿੰਘ ਬ੍ਰਹਮਾ — ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ
- ਸ਼ਹੀਦ ਜਨਰਲ ਗੁਰਜੰਟ ਸਿੰਘ ਬੁੱਧਸਿੰਘ ਵਾਲਾ — ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ
- ਸ਼ਹੀਦ ਭਾਈ ਮਹਿੰਦਰ ਸਿੰਘ ਟੋਰਾਂਟੋ (ਕਨੇਡਾ)
- ਸ਼ਹੀਦ ਭਾਈ ਸੁਖਦੇਵ ਸਿੰਘ ਬੱਬਰ — ਜਥੇਦਾਰ ਬੱਬਰ ਖਾਲਸਾ
- ਸ਼ਹੀਦ ਭਾਈ ਰਸ਼ਪਾਲ ਸਿੰਘ ਛੰਦੜਾ — ਜਨਰਲ ਭਿੰਡਰਾਂ ਵਾਲਾ ਟਾਈਗਰ ਫੋਰਸ

### ਸ਼ਹੀਦੀ ਸਮਾਗਮ

ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸਵੇਰੇ 11 ਵਜੇ ਤੋਂ 1 ਵਜੇ ਤੱਕ ਦੀਵਾਨ ਸਜਾਏ ਜਾਣਗੇ।
ਪੰਥਕ ਬੁਲਾਰੇ ਸ਼ਹੀਦ ਸਿੰਘਾਂ ਦੀਆਂ ਜੀਵਨੀਆਂ ਬਾਰੇ ਆਪਣੇ ਵਿਚਾਰ ਦੇਣਗੇ।
ਸਮੂਹ ਪੰਥਕ ਆਗੂਆਂ ਨੂੰ ਸੱਦਾ ਦਿੱਤਾ ਜਾਂਦਾ ਹੈ।


**ਸੰਗਤਾਂ ਨੂੰ ਵਧ-ਚੜ੍ਹ ਕੇ ਪਹੁੰਚਣ ਦੀ ਬੇਨਤੀ ਕੀਤੀ ਜਾਂਦੀ ਹੈ।**

## ਸਿੱਖ ਫੈਡਰੇਸ਼ਨ, ਯੂ. ਕੇ.

ਪਰਮਿੰਦਰ ਸਿੰਘ ਬੱਲ — ਪ੍ਰਧਾਨ | ਅਜੀਤਪਾਲ ਸਿੰਘ ਸਹੋਤਾ — ਜਨਰਲ ਸਕੱਤਰ | ਹਰਮੇਲ ਸਿੰਘ ਖਾਲਸਾ — ਆਰਗੇਨਾਈਜ਼ਰ

ਟੈਲੀਫ਼ੋਨ: 07771608 363 | ਈ-ਮੇਲ: PSBAL46@gmail.com

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net






ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ
ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ ਕੌਮ AWAZE QAUM
International Newspaper & WEB TV


ਸਿੱਖ ਪੰਥ ਦੇ ਮਹਾਨ ਵਿਦਵਾਨ
ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਜੀ
ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ
ਪ੍ਰਚਾਰ ਦੌਰੇ ਤੇ ਅਮਰੀਕਾ ਵਿਖੇ ਪਹੁੰਚ ਰਹੇ ਹਨ।
24 ਜੂਨ – 21 ਜੁਲਾਈ 2026
ਨਿਊ ਯਾਰਕ
ਨਿਊ ਜਰਸੀ
ਫਿਲਾਡੈਲਫੀਆ
ਇੰਡੀਆਨਾ
ਰਿਵਰਸਾਈਡ
ਬੇਕਰਸਫੀਲਡ
ਫਰਿਜ਼ਨੋ
ਟਰੇਸੀ
ਆਵਾਜ਼ਿ ਕੌਮ AWAZE QAUM
International Newspaper & WEB TV
ਵਧੇਰੇ ਜ਼ਾਣਕਾਰੀ ਲਈ ਸੰਪਰਕ ਕਰੋ:
+1 209 740 1731 | +1 209 624 6549 | +1 209 624 91

# ਇੱਕ ਨਜ਼ਰ ...





## ਐਸਡੀਐਮ ਤਲਵੰਡੀ ਸਾਬੋ ਵੱਲੋਂ ਨਸ਼ਾ ਮੁਕਤੀ ਕੇਂਦਰ ਸਿਵਲ ਹਸਪਤਾਲ ਤਲਵੰਡੀ ਸਾਬੋ ਦਾ ਦੌਰਾ

### ਨਵੇਂ ਖੁੱਲ੍ਹ ਰਹੇ ਨਸ਼ਾ ਮੁਕਤੀ ਕੇਂਦਰ ਦੀ ਕੀਤੀ ਜਾਂਚ

ਤਲਵੰਡੀ ਸਾਬੋ, 17 ਜੁਲਾਈ (ਗੁਰਜੰਟ ਸਿੰਘ ਨਥੇਹਾ)- ਮਾਨਯੋਗ ਸਿਹਤ ਮੰਤਰੀ ਪੰਜਾਬ, ਮਾਨਯੋਗ ਬੀਬਾ ਬਲਜਿੰਦਰ ਕੌਰ ਐਮਐਲਏ ਤਲਵੰਡੀ ਸਾਬੋ ਅਤੇ ਚੀਫ ਪੰਜਾਬ ਸਰਕਾਰ ਅਤੇ ਸਿਵਲ ਸਰਜਨ ਬਠਿੰਡਾ ਡਾਕਟਰ ਤਪਿੰਦਰਜੋਤ ਕੌਸ਼ਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੀਨੀਅਰ ਮੈਡੀਕਲ ਅਫਸਰ ਸਿਵਲ ਹਸਪਤਾਲ ਤਲਵੰਡੀ ਸਾਬੋ ਡਾਕਟਰ ਰਵੀਕਾਂਤ ਗੁਪਤਾ ਵੱਲੋਂ ਮਾਨਯੋਗ ਐਸਡੀਐਮ ਤਲਵੰਡੀ ਸਾਬੋ ਨੂੰ ਸਿਵਲ ਹਸਪਤਾਲ ਤਲਵੰਡੀ ਸਾਬੋ ਦਾ ਦੌਰਾ ਕਰਵਾਇਆ ਗਿਆ। ਐਸਡੀਐਮ ਸਾਹਿਬ ਵੱਲੋਂ ਨਸ਼ਾ ਮੁਕਤੀ ਕੇਂਦਰ, ਐਮਰਜੰਸੀ, ਓਪੀਡੀ ਵਿੰਗ ਅਤੇ ਐਸਐਮਓ ਦਫਤਰ ਦਾ ਦੌਰਾ ਕੀਤਾ ਗਿਆ। ਇਸ ਦੌਰੇ ਦੌਰਾਨ ਐਸਐਮਓ ਤਲਵੰਡੀ ਸਾਬੋ ਡਾਕਟਰ ਰਵੀਕਾਂਤ ਗੁਪਤਾ, ਡਾਕਟਰ ਅੰਕੁਰ ਸਿੰਗਲਾ ਮਨੋਰੋਗਾਂ ਦੇ ਮਾਹਰ, ਸਮੂਹ ਨਰਸਿੰਗ ਸਿਸਟਰ, ਫਾਰਮੇਸੀ ਅਫਸਰ, ਫੈਸਿਲਿਟੀ ਮੈਨੇਜਰ ਅਤੇ ਹੋਰ ਅਧਿਕਾਰੀ ਤੇ ਕਰਮਚਾਰੀ ਸ਼ਾਮਿਲ ਸਨ। ਨਸ਼ਾ ਮੁਕਤੀ ਕੇਂਦਰ ਦੇ ਦੌਰੇ ਦੌਰਾਨ ਮਾਨਯੋਗ ਐਸਡੀਐਮ ਮੈਡਮ ਵੱਲੋਂ ਨਵੇਂ ਖੁੱਲ ਰਹੇ ਨਸ਼ਾ ਮੁਕਤੀ ਕੇਂਦਰ ਵਿੱਚ ਕੀਤੇ ਗਏ ਪ੍ਰਬੰਧਾਂ ਦੀ ਸ਼ਲਾਘਾ ਕੀਤੀ ਅਤੇ ਹਸਪਤਾਲ ਦੇ ਐਸਐਮਓ ਸਾਹਿਬ ਨੂੰ ਵਿਸ਼ਵਾਸ ਦਵਾਇਆ ਕਿ ਜਲਦ ਤੋਂ ਜਲਦ ਨਿਯਮਾਂ ਦੇ ਮੁਤਾਬਿਕ ਨਸ਼ਾ ਮੁਕਤੀ ਕੇਂਦਰ ਨੂੰ ਖੋਲਣ ਵਿੱਚ ਪ੍ਰਸ਼ਾਸਨ ਤਰਫੋਂ ਪੂਰੀ ਸਹਾਇਤਾ ਕੀਤੀ ਜਾਵੇਗੀ। ਐਮਰਜੈਂਸੀ ਦੇ ਦੌਰੇ ਦੌਰਾਨ ਐਸਡੀਐਮ ਸਾਹਿਬ ਵੱਲੋਂ ਮਰੀਜ਼ਾਂ ਨਾਲ ਗੱਲਬਾਤ ਕੀਤੀ ਗਈ, ਉਹਨਾਂ ਨੂੰ ਦਵਾਈਆਂ ਮਿਲਣ ਬਾਰੇ ਪੁੱਛਿਆ ਗਿਆ, ਐਮਰਜੈਂਸੀ ਦੇ ਪ੍ਰਬੰਧਾਂ ਬਾਰੇ ਪੁੱਛਿਆ ਗਿਆ। ਮਾਨਯੋਗ ਐਸਡੀਐਮ ਸਾਹਿਬ ਵੱਲੋਂ ਓਪੀਡੀ ਦੇ ਦੌਰੇ ਦੌਰਾਨ ਮਰੀਜ਼ਾਂ ਅਤੇ ਡਾਕਟਰਾਂ ਨਾਲ ਗੱਲਬਾਤ ਕੀਤੀ ਗਈ ਅਤੇ ਹਸਪਤਾਲ ਦੇ ਪ੍ਰਬੰਧਾਂ ਦੀ ਸ਼ਲਾਘਾ ਕੀਤੀ ਗਈ।

## ਕਾਂਗਰਸ ਪਾਰਟੀ ਦੇ ਮੁੱਖ ਬੁਲਾਰੇ ਅਵਤਾਰ ਸਿੰਘ ਟੱਕਰ ਨੇ ਅਹੁਦੇ ਤੋਂ ਦਿੱਤਾ ਅਸਤੀ.ਫਾ

ਜੰਡਿਆਲਾ ਗੁਰੂ, 17 ਜੁਲਾਈ ( ਕੁਲਵੰਤ ਸਿੰਘ ਵਿਰਦੀ)- ਬੀਤੇ ਦਿਨਾਂ ਤੋਂ ਕਾਂਗਰਸ ਪਾਰਟੀ ਵਿੱਚ ਆਪਸੀ ਖਿਚੋਤਾਣ ਨੇ ਹਰੇਕ ਪੰਜਾਬੀ ਨੂੰ ਸੋਚਣ ਲਈ ਮਜਬੂਰ ਕਰ ਦਿੱਤਾ ਹੈ ਕਿ ਪਾਰਟੀ ਦੇ ਅੰਦਰੂਨੀ ਮਸਲਿਆਂ ਦਾ ਹੱਲ ਅੰਦਰ ਬੈਠ ਕਿ ਹੱਲ ਹੋ ਸਕਦਾ ਹੈ ਪਰ ਦੂਜੇ ਪਾਸੇ ਪੁਰਾਣੇ ਜੁਝਾਰੂ ਵਰਕਰ ਕਾਂਗਰਸ ਪਾਰਟੀ ਨੂੰ ਅਲਵਿਦਾ ਆਖ ਰਹੇ ਹਨ ਕਿਤੇ ਨਾ ਕਿਤੇ ਇਨਾਂ ਵਰਕਰਾਂ ਅੰਦਰ ਵੀ ਲੰਮੇ ਸਮੇਂ ਤੋਂ ਪਾਰਟੀ ਲਈ ਕੀਤੀ ਜਾ ਰਹੀ ਮਿਹਨਤ ਦਾ ਮੁਲ ਨਹੀਂ ਪੈ ਰਿਹਾ ਅਤੇ ਲਗਦਾ ਹੈ ਕਿ ਕਿਸੇ ਵਰਕਰ ਨੂੰ ਜੇਕਰ ਅਹੁਦੇ ਤੇ ਨਿਯੁਕਤ ਕੀਤਾ ਜਾਂਦਾ ਹੈ ਤਾਂ ਉਹ ਆਪਣੇ ਅਹੁਦੇ ਨੂੰ ਕਿਉਂ ਛੱਡ ਰਹੇ ਹਨ ਇਨਾਂ ਗੱਲਾਂ ਤੇ ਸਸਪੈਂਸ ਬਣਿਆ ਹੋਇਆ ਹੈ ਕਿਉਂਕਿ ਦੋ ਦਿਨ ਪਹਿਲਾਂ ਹਲਕਾ ਜੰਡਿਆਲਾ ਗੁਰੂ ਦੇ ਹੀ ਪਿੰਡ ਤਾਰਾਗੜ੍ਹ ਤੋਂ ਕਾਂਗਰਸ ਪਾਰਟੀ ਨਾਲ 45 ਸਾਲਾਂ ਤੋਂ ਜੁੜੇ ਵਰਕਰ ਪਾਰਟੀ ਨੂੰ ਅਲਵਿਦਾ ਆਖ ਗਏ ਅਤੇ ਬੀਤੇ ਦਿਨ ਸ੍ਰ ਅਵਤਾਰ ਸਿੰਘ ਟੱਕਰ ਜਾਣੀਆਂ ਮੁੱਖ ਬੁਲਾਰਾ ਕਾਂਗਰਸ ਪਾਰਟੀ ਨੇ ਆਪਣੇ ਅਹੁਦਿਆਂ ਤੋਂ ਅਸਤੀਫਾ ਦੇ ਦਿੱਤਾ ਜਿਸ ਦੀ ਚਰਚਾ ਸੋਸਲ ਮੀਡੀਆ ਪਲੇਟਫਾਰਮ ਤੇ ਅਤੇ ਹਲਕੇ ਦੇ ਸਹਿਰ ਜੰਡਿਆਲਾ ਗੁਰੂ ਗਹਿਰੀ ਮੰਡੀ ਅਤੇ ਹਲਕੇ ਦੇ ਪਿੰਡਾਂ ਵਿੱਚ ਵੀ ਚਲ ਰਹੀ ਹੈ ਕਿ ਅਵਤਾਰ ਸਿੰਘ ਟੱਕਰ ਵੱਲੋਂ ਆਖਰ ਕਿਉਂ ਦਿੱਤਾ ਗਿਆ ਅਸਤੀਫਾ । ਉਨਾਂ ਕਿਹਾ ਕਿ ਘਰ ਦੇ ਕੰਮਕਾਜ ਵਧਣ ਕਾਰਨ ਮੈਂ ਅਹੁਦੇ ਤੋਂ ਅਸਤੀਫਾ ਦਿੱਤਾ ਹੈ ਪਰ ਮੈਂ ਕਾਂਗਰਸ ਪਾਰਟੀ ਲਈ ਵਰਕਰ ਤੌਰ ਤੇ ਕੰਮ ਕਰਾਂਗਾ ! ਬਾਕੀ ਉਨਾਂ ਨੇ ਅੱਗੇ ਹੋਰ ਪਾਰਟੀ ਪ੍ਰਤੀ ਗੱਲਬਾਤ ਕਰਨ ਦਾ ਸਸਪੈਂਸ ਬਰਕਰਾਰ ਰੱਖਿਆ।



## ਸ਼ਹਿਰ ਵਿੱਚ ਲੱਗੇ ਕੂੜੇ ਦੇ ਢੇਰ ਬਿਮਾਰੀਆਂ ਫੈਲਣ ਦਾ ਖਤਰਾ : ਨੀਲੂ ਮਿੱਤਲ

ਧੂਰੀ, 17 ਜੁਲਾਈ (ਰਣਜੀਤ ਸਿੰਘ ਪੇਧਨੀ)- ਥਾਂ-ਥਾਂ ਤੇ ਕੂੜੇ ਅਤੇ ਗੰਦਗੀ ਦੇ ਢੇਰ ਲੱਗੇ ਹੋਏ ਹਨ ਜਿਸ ਨਾਲ ਭਿਆਨਕ ਬਿਮਾਰੀਆਂ ਫੈਲਣ ਦਾ ਖਤਰਾ ਦਿਨੋ ਦਿਨ ਵੱਧਦਾ ਜਾ ਰਿਹਾ ਹੈ। ਹਰ ਗਲੀ ਮੁਹੱਲੇ ਤੇ ਚੌਂਕ ਵਿੱਚ ਜਿੱਥੇ ਕੂੜੇ ਦੇ ਢੇਰ ਲੱਗੇ ਹਨ ਉੱਥੇ ਹੀ ਕਈ ਥਾਵਾਂ ਤੇ ਸੀਵਰੇਜ ਦਾ ਗੰਦਾ ਪਾਣੀ ਓਵਰਫਲੋ ਹੋ ਕੇ ਬਾਹਰ ਗਲੀਆਂ ਵਿੱਚ ਘੁੰਮ ਰਿਹਾ ਹੈ। ਬਰਸਾਤ ਦੇ ਮੌਸਮ ਵਿੱਚ ਜਿੱਥੇ ਬਿਮਾਰੀ ਫੈਲਣ ਦਾ ਖਤਰਾ ਪਹਿਲਾਂ ਹੀ ਬਹੁਤ ਜਿਆਦਾ ਹੁੰਦਾ ਹੈ ਉੱਥੇ ਇਹ ਗੰਦਗੀ ਦੇ ਢੇਰ ਅਤੇ ਸੀਵਰੇਜ ਦਾ ਪਾਣੀ ਜੋ ਗਲੀਆਂ ਵਿੱਚ ਘੁੰਮ ਰਿਹਾ ਹੈ ਉਸਨੇ ਲੋਕਾਂ ਨਾਲ ਜੀਣਾ ਮੁਸ਼ਿਕਲ ਕੀਤਾ ਹੋਇਆ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਬੀਜੇਪੀ ਦੇ ਆਗੂ ਕ੍ਰਿਸਨ ਗੋਪਾਲ ਨੀਲੂ ਮਿੱਤਲ ਨੇ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੂੰ ਚਾਹੀਦਾ ਹੈ ਕਿ ਜਲਦ ਤੋਂ ਜਲਦ ਸਫਾਈ ਕਰਮੀਆਂ ਦੀਆਂ ਹੱਕੀ ਮੰਗਾਂ ਨੂੰ ਮੰਨ ਕੇ ਹੜਤਾਲ ਨੂੰ ਖਤਮ ਕਰਵਾਇਆ ਜਾਵੇ ਅਤੇ ਧੂਰੀ ਸ਼ਹਿਰ ਵਾਸੀਆਂ ਨੂੰ ਗੰਦਗੀ ਅਤੇ ਕੂੜੇ ਦੇ ਢੇਰ ਤੋਂ ਰਾਹਤ ਦਵਾਈ ਜਾਵੇ। ਉਹਨਾਂ ਕਿਹਾ ਕਿ ਜੇਕਰ ਸਰਕਾਰ ਸਫਾਈ ਕਰਮਵਾਰੀਆਂ ਇਹਨਾਂ ਮੰਗਾਂ ਨੂੰ ਜਲਦ ਤੋਂ ਜਲਦ ਨਹੀਂ ਮੰਨਦੀ ਤਾਂ ਆਉਣ ਵਾਲੇ ਦਿਨਾਂ ਵਿੱਚ ਧੂਰੀ ਸ਼ਹਿਰ ਦੇ ਹਾਲਾਤ ਹੋਰ ਵੀ ਜਿਆਦਾ ਭਿਆਨਕ ਹੋਣਗੇ ਅਤੇ ਜੇਕਰ ਕੋਈ ਬਿਮਾਰੀ ਜਾਂ ਮਹਾਂਮਾਰੀ ਫੈਲਦੀ ਹੈ ਤਾਂ ਉਸਦੀ ਜਿੰਮੇਵਾਰੀ ਸਰਕਾਰ ਅਤੇ ਪ੍ਰਸ਼ਾਸਨ ਦੀ ਹੋਵੇਗੀ।



# ਹਲਕੇ 'ਚ ਅਕਾਲੀ ਦਲ ਵਾਰਿਸ ਪੰਜਾਬ ਦੇ ਦੀਆਂ ਹੁੰਦੀਆਂ ਗਤੀਵਿਧੀਆਂ ਤੋਂ ਬਾਬਾ ਬਿਬੇਕ ਸਿੰਘ ਬੇਖਬਰ

### ਜਾਣਬੁੱਝ ਕਿ ਬਣਾਈ ਜਾ ਰਹੀ ਦੂਰੀ ਚਰਚਾ ਦਾ ਵਿਸਾ ਬਣਿਆ , 2027 'ਚ ਕਿਸ ਦੇ ਸਿਰ ਤੇ ਸੱਜੇਗਾ ਤਾਜ

ਜੰਡਿਆਲਾ ਗੁਰੂ, 17 ਜੁਲਾਈ ( ਕੁਲਵੰਤ ਸਿੰਘ ਵਿਰਦੀ)- ਅਕਾਲੀ ਦਲ ਵਾਰਿਸ ਪੰਜਾਬ ਦੇ ਜਥੇਬੰਦੀ ਜੋ ਕਿ ਇਕ ਪੰਥਕ ਜਥੇਬੰਦੀ ਵਜੋਂ ਉਭਰ ਕਿ ਸਾਹਮਣੇ ਆ ਰਹੀ ਹੈ ਕਿਉਂਕਿ ਸੋਸਲ ਮੀਡੀਆ ਪਲੇਟਫਾਰਮ ਤੇ ਅਤੇ ਪੰਜਾਬ ਦੇ ਲੋਕਾਂ ਦੀ ਇਕ ਹੀ ਮੰਗ ਵੇਖਣ ਨੂੰ ਮਿਲ ਰਹੀ ਹੈ ਅਤੇ ਉਹ ਹੈ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਇਸ ਵਾਰ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸੀਐਮ ਦਾ ਚਿਹਰਾ ਦੇਖਣਾ ਚਾਹੁੰਦੇ ਹਨ, ਅਤੇ ਧੜਾ ਧੜ ਲੋਕ ਇਸ ਪਾਰਟੀ ਨਾਲ ਜੁੜ ਰਹੇ ਹਨ, ਜਿਉਂ ਜਿਉਂ ਹੀ ਚੋਣਾਂ ਦਾ ਸਮਾਂ ਕੋਲ ਆ ਰਿਹਾ ਹੈ ਉਵੇਂ ਹੀ ਲੋਕ ਵਾਰਸ ਪੰਜਾਬ ਦੇ ਜਥੇਬੰਦੀ ਨਾਲ ਜੁੜ ਰਹੇ ਹਨ, ਅਤੇ ਹਰ ਹਲਕੇ ਵਿੱਚ ਨਵੇਂ ਤੋਂ ਨਵਾਂ ਆਗੂ ਕਿ ਸਾਹਮਣੇ ਆ ਰਿਹਾ ਹੈ। ਜੰਡਿਆਲਾ ਹਲਕੇ ਤੋਂ ਬਹੁਤ ਆਗੂ ਜੋ ਅਕਾਲੀ ਦਲ ਵਾਰਸ ਜਥੇਬੰਦੀ ਨਾਲ ਜੁੜ ਰਹੇ ਹਨ, । ਜੇਕਰ ਟਿਕਟ ਦੀ ਦਾਵੇਦਾਰੀ ਦੀ ਗੱਲ ਕਰੀਏ ਤਾਂ ਵੇਖਣ ਨੂੰ ਮਿਲ ਰਿਹਾ ਹੈ ਕਿ ਹਰ ਕੋਈ ਆਗੂ ਟਿਕਟ ਦਾ ਚਾਹਵਾਨ ਹੈ।, ਪਰ ਟਿਕਟ ਦੀ ਦਾਵੇਦਾਰੀ ਦੇ ਨਾਲ ਨਾਲ ਜੇਕਰ ਅਕਾਲੀ ਦਲ ਵਾਰਿਸ ਪੰਜਾਬ ਦੀ ਜਥੇਬੰਦੀ ਦੇ ਸ਼ੁਰੂ ਤੋਂ ਜੁੜੇ ਉਮੀਦਵਾਰਾਂ ਦੀ ਗੱਲ ਕਰੀਏ ਤਾਂ ਜਦੋਂ ਤੋਂ ਹੀ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਵੱਲੋਂ ਖਾਲਸਾ ਵਹੀਰ ਚਲਾਈ ਗਈ ਹੈ ਉਸ ਟਾਈਮ ਤੋਂ ਹੀ ਪਾਰਟੀ ਨਾਲ ਜੁੜੇ ਅਤੇ ਹਰ ਚੰਗੇ ਮਾੜੇ ਸਮੇਂ ਦੇ ਵਿੱਚ ਕਿਰਦਾਰ ਨਿਭਾਉਣ ਵਾਲਿਆਂ ਵਿੱਚ ਬਾਬਾ ਬਿਬੇਕ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਨਾਨਕਸਰ ਸਾਹਿਬ ਜੰਡਿਆਲਾ ਗੁਰੂ ਦਾ ਨਾਮ ਵੀ ਉਭਰ ਕੇ ਆਉਂਦਾ ਹੈ ਜਿਨਾਂ ਨੇ ਪਾਰਟੀ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਸਾਥ ਨਿਭਾਇਆ, ਅਤੇ ਹੁਣ ਤੱਕ ਵੀ ਪਾਰਟੀ ਦੇ ਨਾਲ ਪੂਰਾ ਸਹਿਯੋਗ ਕਰਕੇ ਚੱਲ ਰਹੇ ਹਨ।, ਬੀਤੇ ਸਮੇਂ ਐਮਪੀ ਦੀਆਂ ਚੋਣਾਂ ਵਿੱਚ ਵੀ ਭਾਈ ਬਿਬੇਕ ਸਿੰਘ ਨੇ ਆਪਣਾ ਅਹਿਮ ਰੋਲ ਨਿਭਾਇਆ ਅਤੇ ਪਿੰਡਾਂ ਵਿੱਚ ਆਪਣੀਆਂ ਗਤੀਵਿਧੀਆਂ ਨੌਜਵਾਨਾਂ ਨੂੰ ਨਾਲ ਲੈ ਕੇ ਜਾਰੀ ਰੱਖੀਆਂ,, ਅਤੇ ਪਾਰਟੀ ਦਾ ਵੱਧ ਚੜ ਕੇ ਸਾਥ ਦਿੱਤਾ, ਪਰ ਇਸ ਵਾਰ ਵਿਧਾਨ ਸਭਾ ਦੀਆਂ ਚੋਣਾਂ ਵਿੱਚ ਜੋ ਪਾਰਟੀ ਨਾਲ ਸ਼ੁਰੂ ਤੋਂ ਜੁੜੇ ਹੋਏ ਸੇਵਾਦਾਰ ਹਨ ਉਹਨਾਂ ਦੇ ਚਿਹਰਿਆਂ ਤੇ ਮਾਯੂਸ਼ੀ ਦਾ ਆਲਮ ਵੇਖਣ ਨੂੰ ਮਿਲ ਰਿਹਾ ਹੈ।, ਕਿਉਂਕਿ ਜਿਵੇਂ ਜਿਵੇਂ ਹੀ ਚੋਣਾਂ ਦਾ ਸਮਾਂ ਨੇੜੇ ਆ ਰਿਹਾ ਹੈ, ਸਮੇਂ ਦੇ ਹਿਸਾਬ ਨਾਲ ਨਾਲ ਨਵੇਂ ਉਮੀਦਵਾਰ ਵੀ ਹਲਕਾ ਜੰਡਿਆਲਾ ਗੁਰੂ ਵਿੱਚ ਉਭਰ ਕੇ ਆ ਰਹੇ ਹਨ।, ਕਿਉਂਕਿ ਉਹ ਪਹਿਲਾਂ ਹੀ ਰਾਜਨੀਤੀ ਦੀ ਖੇਡ ਖੇਡ ਚੁੱਕੇ ਹਨ ਅਤੇ ਰਾਜਨੀਤੀ ਵਿੱਚ ਕਾਫੀ ਸਮਾਂ ਉਹਨਾਂ ਨੇ ਆਪਣਾ ਜੀਵਨ ਗੁਜ਼ਾਰਿਆ ਹੈ।, ਤੇ ਕੁਝ ਹੋਰ ਚਿਹਰੇ ਵੀ ਜੋ ਕਿ ਪਹਿਲਾਂ ਤੋਂ ਹੀ ਪਾਰਟੀ ਦੇ ਨਾਲ ਜੁੜੇ ਹਨ ਉਨਾਂ ਨੂੰ ਅੱਖੋਂ ਪਰੋਖੇ ਕੀਤਾ ਜਾ ਰਿਹਾ ਹੈ ਜੰਡਿਆਲਾ ਗੁਰੂ ਹਲਕੇ ਵਿੱਚ ਵਾਰਸ ਪੰਜਾਬ ਦੀ ਜਥੇਬੰਦੀ ਦੇ ਪਾਰਟੀ ਦੇ ਟਿਕਟ ਦੇ ਦਾਅਵੇਦਾਰ ਜਿਆਦਾ ਹੋਣ ਕਰਕੇ ਅਤੇ ਬਾਬਾ ਬਿਬੇਕ ਸਿੰਘ ਦਾ ਕਈ ਜਗ੍ਹਾ ਤੇ ਗੈਰ ਹਾਜ਼ਰ ਰਹਿਣ ਕਰਕੇ ਪਿੰਡਾਂ ਦੇ ਲੋਕਾਂ ਵਿੱਚ ਇਸ ਗੱਲ ਦੀ ਚਰਚਾ ਜੋਰਾਂ ਤੇ ਹੈ ਕਿ ਜੰਡਿਆਲਾ ਗੁਰੂ ਤੋਂ ਅਕਾਲੀ ਦਲ ਵਾਰਿਸ ਪੰਜਾਬ ਦੇ ਜਥੇਬੰਦੀ ਦਾ ਕਿਹੜਾ ਹੋਵੇਗਾ ਉਮੀਦਵਾਰ ਤੇ ਕੌਣ ਹੋਵੇਗਾ ਟਿਕਟ ਦਾ ਦਾਅਵੇਦਾਰ, ਇਨਾ ਵਿੱਚ ਕਈ ਚਿਹਰੇ ਅਜਿਹੇ ਵੀ ਹਨ ਜਿਨਾਂ ਦੀਆਂ ਪਿੰਡਾਂ ਵਿੱਚ ਗਤੀਵਿਧੀਆਂ ਬਹੁਤ ਹੀ ਘੱਟ ਵੇਖਣ ਨੂੰ ਮਿਲ ਰਹੀਆਂ ਹਨ ! ਅਤੇ ਜੰਡਿਆਲਾ ਗੁਰੂ ਦੇ ਆਸ-ਪਾਸ ਹੁੰਦੀਆਂ ਗਤੀਵਿਧੀਆ ਤੋਂ ਬਾਬਾ ਬਿਬੇਕ ਸਿੰਘ ਵੱਲੋਂ ਕਿਉਂ ਬਣਾਈ ਜਾ ਰਹੀ ਦੂਰੀ ਕੀ ਬਾਬਾ ਬਿਬੇਕ ਸਿੰਘ ਨੂੰ ਇਨਾਂ ਗਤੀਵਿਧੀਆ ਤੋਂ ਦੂਰ ਰੱਖਿਆ ਜਾ ਰਿਹਾ ਹੈ !

## ਹਰਜੀਤ ਸਿੰਘ ਗਰੇਵਾਲ ਨੂੰ ਕੌਮੀ ਘੱਟ ਗਿਣਤੀ ਕਮਿਸ਼ਨ ਦਾ ਚੇਅਰਮੈਨ ਨਿਯੁਕਤ ਕੀਤਾ ਜਾਣਾ ਪੰਜਾਬ, ਸਿੱਖ ਭਾਈਚਾਰੇ ਅਤੇ ਦੇਸ਼ ਦੀਆਂ ਘੱਟ ਗਿਣਤੀਆਂ ਲਈ ਮਾਣ ਵਾਲਾ .ਫੈਸਲਾ: ਪ੍ਰੋ. ਸਰਚਾਂਦ ਸਿੰਘ ਖਿਆਲਾ





ਅੰਮ੍ਰਿਤਸਰ, 17 ਜੁਲਾਈ (ਆਵਾਜ਼ਿ ਕੌਮ ਬਿਊਰੋ)-ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਸਰਦਾਰ ਹਰਜੀਤ ਸਿੰਘ ਗਰੇਵਾਲ ਨੂੰ ਕੌਮੀ ਘੱਟ ਗਿਣਤੀ ਕਮਿਸ਼ਨ ਦਾ ਚੇਅਰਮੈਨ ਨਿਯੁਕਤ ਕੀਤੇ ਜਾਣ 'ਤੇ ਦਿਲੋਂ ਵਧਾਈ ਦਿੰਦਿਆਂ ਇਸ ਨੂੰ ਪੰਜਾਬ, ਸਿੱਖ ਭਾਈਚਾਰੇ ਅਤੇ ਦੇਸ਼ ਦੀਆਂ ਸਮੂਹ ਘੱਟ ਗਿਣਤੀਆਂ ਲਈ ਮਾਣਮੱਤਾ ਅਤੇ ਦੂਰਅੰਦੇਸ਼ੀ ਭਰਿਆ ਫ਼ੈਸਲਾ ਕਰਾਰ ਦਿੱਤਾ ਹੈ। ਪ੍ਰੋ. ਖਿਆਲਾ ਨੇ ਇਸ ਨਿਯੁਕਤੀ ਲਈ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ, ਕੇਂਦਰੀ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ, ਕੇਂਦਰੀ ਘੱਟ ਗਿਣਤੀ ਮਾਮਲਿਆਂ ਦੇ ਮੰਤਰੀ ਸ੍ਰੀ ਕਿਰਨ ਰਿਜਿਜੂ, ਭਾਜਪਾ ਦੀ ਸਮੁੱਚੀ ਹਾਈਕਮਾਂਡ, ਭਾਜਪਾ ਪੰਜਾਬ ਦੇ ਪ੍ਰਧਾਨ ਸ. ਕੇਵਲ ਸਿੰਘ ਢਿੱਲੋਂ ਅਤੇ ਸੰਗਠਨ ਮਹਾਂਮੰਤਰੀ ਸ੍ਰੀਨਿਵਾਸਲੂ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਯੋਗਤਾ, ਤਜਰਬੇ, ਸੰਗਠਨ ਪ੍ਰਤੀ ਸਮਰਪਣ ਅਤੇ ਸਮਾਜਿਕ ਵਚਨਬੱਧਤਾ ਨੂੰ ਸਨਮਾਨ ਦਿੰਦਿਆਂ ਸ. ਹਰਜੀਤ ਸਿੰਘ ਗਰੇਵਾਲ ਵਰਗੇ ਯੋਗ ਅਤੇ ਅਨੁਭਵੀ ਆਗੂ 'ਤੇ ਭਰੋਸਾ ਪ੍ਰਗਟਾਇਆ ਹੈ। ਉਨ੍ਹਾਂ ਕਿਹਾ ਕਿ ਸ. ਹਰਜੀਤ ਸਿੰਘ ਗਰੇਵਾਲ ਲੰਬੇ ਸਮੇਂ ਤੋਂ ਭਾਰਤੀ ਜਨਤਾ ਪਾਰਟੀ ਦੇ ਸਮਰਪਿਤ, ਅਨੁਭਵੀ ਅਤੇ ਸਰਗਰਮ ਆਗੂ ਵਜੋਂ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ। ਪਾਰਟੀ ਸੰਗਠਨ ਨੂੰ ਮਜ਼ਬੂਤ ਕਰਨ, ਰਾਸ਼ਟਰਵਾਦੀ ਵਿਚਾਰਧਾਰਾ ਨੂੰ ਲੋਕਾਂ ਤੱਕ ਪਹੁੰਚਾਉਣ, ਸਿੱਖ ਭਾਈਚਾਰੇ ਨਾਲ ਸੰਵਾਦ ਕਾਇਮ ਕਰਨ ਅਤੇ ਰਾਸ਼ਟਰੀ ਮੁੱਦਿਆਂ 'ਤੇ ਪਾਰਟੀ ਦਾ ਪੱਖ ਪ੍ਰਭਾਵਸ਼ਾਲੀ ਢੰਗ ਨਾਲ ਰੱਖਣ ਵਿੱਚ ਉਨ੍ਹਾਂ ਦਾ ਮਹੱਤਵਪੂਰਨ ਯੋਗਦਾਨ ਰਿਹਾ ਹੈ। ਉਨ੍ਹਾਂ ਦਾ ਵਿਸ਼ਾਲ ਸੰਗਠਨਾਤਮਕ ਤਜਰਬਾ, ਪ੍ਰਸ਼ਾਸਨਿਕ ਸਮਝ ਅਤੇ ਸਮਾਜਿਕ ਵਚਨਬੱਧਤਾ ਇਸ ਅਹਿਮ ਜ਼ਿੰਮੇਵਾਰੀ ਲਈ ਉਨ੍ਹਾਂ ਨੂੰ ਯੋਗ ਬਣਾਉਂਦੀ ਹੈ। ਉਨ੍ਹਾਂ ਕਿਹਾ ਕਿ ਕੌਮੀ ਘੱਟ ਗਿਣਤੀ ਕਮਿਸ਼ਨ ਦੇਸ਼ ਦੀ ਇੱਕ ਮਹੱਤਵਪੂਰਨ ਸੰਵਿਧਾਨਕ ਸੰਸਥਾ ਹੈ, ਜਿਸ ਦਾ ਉਦੇਸ਼ ਘੱਟ ਗਿਣਤੀ ਭਾਈਚਾਰਿਆਂ ਦੇ ਸੰਵਿਧਾਨਕ ਅਧਿਕਾਰਾਂ ਦੀ ਰੱਖਿਆ, ਉਨ੍ਹਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ, ਸਰਕਾਰ ਨੂੰ ਨੀਤੀਗਤ ਸਿਫ਼ਾਰਸ਼ਾਂ ਦੇਣਾ ਅਤੇ ਸਮਾਜਿਕ ਨਿਆਂ ਨੂੰ ਮਜ਼ਬੂਤ ਕਰਨਾ ਹੈ। ਪੰਜਾਬ ਅਤੇ ਸਿੱਖ ਭਾਈਚਾਰੇ ਨਾਲ ਜੁੜੇ ਧਾਰਮਿਕ, ਵਿਦਿਅਕ, ਸੱਭਿਆਚਾਰਕ ਅਤੇ ਸੰਵਿਧਾਨਕ ਹਿੱਤਾਂ ਦੀ ਰੱਖਿਆ ਅਤੇ ਉਨ੍ਹਾਂ ਨਾਲ ਸਬੰਧਤ ਮੁੱਦਿਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਉਠਾਉਣ ਵਿੱਚ ਵੀ ਇਸ ਕਮਿਸ਼ਨ ਦੀ ਵਿਸ਼ੇਸ਼ ਭੂਮਿਕਾ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਅੱਜ ਸਿੱਖ ਕੌਮ ਕਈ ਮਹੱਤਵਪੂਰਨ ਚੁਣੌਤੀਆਂ ਅਤੇ ਮੁੱਦਿਆਂ ਦਾ ਸਾਹਮਣਾ ਕਰ ਰਹੀ ਹੈ। ਦੇਸ਼ ਅਤੇ ਵਿਦੇਸ਼ ਵਿੱਚ ਸਿੱਖ ਭਾਈਚਾਰੇ ਨਾਲ ਜੁੜੇ ਧਾਰਮਿਕ, ਸੱਭਿਆਚਾਰਕ, ਵਿਦਿਅਕ, ਨੌਜਵਾਨਾਂ ਅਤੇ ਪ੍ਰਤੀਨਿਧਤਾ ਨਾਲ ਸਬੰਧਤ ਕਈ ਮਸਲੇ ਸੰਵੇਦਨਸ਼ੀਲਤਾ ਅਤੇ ਗੰਭੀਰਤਾ ਨਾਲ ਹੱਲ ਕੀਤੇ ਜਾਣ ਦੀ ਲੋੜ ਹੈ। ਉਨ੍ਹਾਂ ਨੂੰ ਪੂਰਾ ਵਿਸ਼ਵਾਸ ਹੈ ਕਿ ਸਰਦਾਰ ਹਰਜੀਤ ਸਿੰਘ ਗਰੇਵਾਲ ਆਪਣੇ ਵਿਸ਼ਾਲ ਤਜਰਬੇ, ਸੰਤੁਲਿਤ ਸੋਚ ਅਤੇ ਸਿੱਖ ਮਸਲਿਆਂ ਦੀ ਡੂੰਘੀ ਸਮਝ ਦੇ ਆਧਾਰ 'ਤੇ ਕੌਮੀ ਘੱਟ ਗਿਣਤੀ ਕਮਿਸ਼ਨ ਰਾਹੀਂ ਇਨ੍ਹਾਂ ਮੁੱਦਿਆਂ ਨੂੰ ਉਚਿਤ ਮੰਚਾਂ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਉਠਾਉਣ ਅਤੇ ਉਨ੍ਹਾਂ ਦੇ ਹੱਲ ਲਈ ਰਚਨਾਤਮਕ ਯੋਗਦਾਨ ਪਾਉਣਗੇ। ਉਨ੍ਹਾਂ ਕਿਹਾ ਕਿ ਸਿੱਖ ਕੌਮ ਨੇ ਦੇਸ਼ ਦੀ ਆਜ਼ਾਦੀ, ਸਰਹੱਦਾਂ ਦੀ ਸੁਰੱਖਿਆ, ਖੇਤੀਬਾੜੀ, ਉਦਯੋਗ, ਸਮਾਜ ਸੇਵਾ ਅਤੇ ਰਾਸ਼ਟਰ ਨਿਰਮਾਣ ਵਿੱਚ ਇਤਿਹਾਸਕ ਅਤੇ ਬੇਮਿਸਾਲ ਯੋਗਦਾਨ ਪਾਇਆ ਹੈ। ਇਸ ਮਹਾਨ ਵਿਰਾਸਤ ਅਤੇ ਰਾਸ਼ਟਰ ਪ੍ਰਤੀ ਸਿੱਖ ਭਾਈਚਾਰੇ ਦੀਆਂ ਕੁਰਬਾਨੀਆਂ ਨੂੰ ਧਿਆਨ ਵਿੱਚ ਰੱਖਦਿਆਂ ਉਮੀਦ ਕੀਤੀ ਜਾਂਦੀ ਹੈ ਕਿ ਸਰਦਾਰ ਹਰਜੀਤ ਸਿੰਘ ਗਰੇਵਾਲ ਸਿੱਖ ਕੌਮ ਨਾਲ ਸਬੰਧਤ ਜਾਇਜ਼ ਮੁੱਦਿਆਂ ਅਤੇ ਚਿੰਤਾਵਾਂ ਨੂੰ ਸੰਵਿਧਾਨਕ ਦਾਇਰੇ ਅੰਦਰ ਪ੍ਰਭਾਵਸ਼ਾਲੀ ਢੰਗ ਨਾਲ ਅੱਗੇ ਵਧਾਉਣ ਅਤੇ ਉਨ੍ਹਾਂ ਦੇ ਹੱਲ ਲਈ ਮਹੱਤਵਪੂਰਨ ਭੂਮਿਕਾ ਨਿਭਾਉਣਗੇ। ਪ੍ਰੋ. ਖਿਆਲਾ ਨੇ ਵਿਸ਼ਵਾਸ ਪ੍ਰਗਟਾਇਆ ਕਿ ਸਰਦਾਰ ਹਰਜੀਤ ਸਿੰਘ ਗਰੇਵਾਲ ਆਪਣੇ ਤਜਰਬੇ, ਦੂਰਅੰਦੇਸ਼ੀ ਅਤੇ ਸੰਵੇਦਨਸ਼ੀਲ ਕਾਰਜਸ਼ੈਲੀ ਨਾਲ ਇਸ ਅਹੁਦੇ ਦੀ ਮਰਿਆਦਾ ਨੂੰ ਹੋਰ ਉੱਚਾ ਚੁੱਕਣਗੇ ਅਤੇ ਦੇਸ਼ ਦੀਆਂ ਸਮੂਹ ਘੱਟ ਗਿਣਤੀਆਂ ਦੇ ਹੱਕਾਂ ਦੀ ਰੱਖਿਆ ਦੇ ਨਾਲ-ਨਾਲ ਰਾਸ਼ਟਰੀ ਏਕਤਾ, ਸਮਾਜਿਕ ਸਦਭਾਵਨਾ ਅਤੇ ਸੰਵਿਧਾਨਕ ਕਦਰਾਂ-ਕੀਮਤਾਂ ਨੂੰ ਹੋਰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਯੋਗਦਾਨ ਪਾਉਣਗੇ। ਉਨ੍ਹਾਂ ਨੇ ਸਰਦਾਰ ਹਰਜੀਤ ਸਿੰਘ ਗਰੇਵਾਲ ਨੂੰ ਇੱਕ ਵਾਰ ਫਿਰ ਦਿਲੋਂ ਵਧਾਈ ਦਿੰਦਿਆਂ ਅਰਦਾਸ ਕੀਤੀ ਕਿ ਵਾਹਿਗੁਰੂ ਜੀ ਉਨ੍ਹਾਂ ਨੂੰ ਇਸ ਮਹੱਤਵਪੂਰਨ ਜ਼ਿੰਮੇਵਾਰੀ ਨੂੰ ਸਫ਼ਲਤਾਪੂਰਵਕ ਨਿਭਾਉਣ ਲਈ ਚੜ੍ਹਦੀ ਕਲਾ, ਤੰਦਰੁਸਤੀ ਅਤੇ ਹੋਰ ਵੱਧ ਸਮਰੱਥਾ ਬਖ਼ਸ਼ਣ।

## ਸਿਹਤ ਵਿਭਾਗ ਵੱਲੋਂ ਐਂਟੀ ਲਾਰਵਾ ਗਤੀਵਿਧੀਆਂ, ਸਪ੍ਰੇਅ, ਫੌਗਿੰਗ ਅਤੇ ਜਾਗਰੂਕਤਾ ਲਈ ਟੀਮਾਂ ਰਵਾਨਾ



ਚੌਕ ਮਹਿਤਾ, 17 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)- ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਸਿਹਤ ਵਿਭਾਗ ਵੱਲੋਂ "ਹਰ ਸ਼ੁਕਰਵਾਰ ਡੇਂਗੂ 'ਤੇ ਵਾਰ ਮੁਹਿੰਮ ਤਹਿਤ ਅੱਜ ਸ਼ਹਿਰ ਭਰ ਵਿੱਚ ਐਂਟੀ ਲਾਰਵਾ ਗਤੀਵਿਧੀਆਂ, ਫੌਗਿੰਗ, ਸਪਰੇਅ ਅਤੇ ਲੋਕਾਂ ਨੂੰ ਜਾਗਰੂਕ ਕਰਨ ਲਈ ਵਿਸ਼ੇਸ਼ ਟੀਮਾਂ ਰਵਾਨਾ ਕੀਤੀਆਂ ਗਈਆਂ। ਇਹ ਟੀਮਾਂ ਸ਼ਹਿਰ ਦੇ ਡੇਂਗੂ ਪ੍ਰਭਾਵਿਤ ਹੌਟਸਪਾਟ ਇਲਾਕਿਆਂ ਵਿੱਚ ਜਾ ਕੇ ਐਂਟੀ ਲਾਰਵਾ ਕਾਰਵਾਈ ਕਰਨ ਦੇ ਨਾਲ-ਨਾਲ ਫੌਗਿੰਗ, ਸਪਰੇਅ ਅਤੇ ਜਾਗਰੂਕਤਾ ਮੁਹਿੰਮ ਵੀ ਚਲਾ ਰਹੀਆਂ ਹਨ। ਇਸ ਦੌਰਾਨ ਸਿਵਲ ਹਸਪਤਾਲ, ਰਾਮ ਬਾਗ, ਜਹਾਜਗੜ੍ਹ, ਪੁਤਲੀਘਰ, ਮਜੀਠਾ ਰੋਡ, ਰੋਡਵੇਜ਼ ਅਤੇ ਭਗਤਾਂਵਾਲਾ ਸਮੇਤ ਹੋਰ ਹੌਟਸਪਾਟ ਇਲਾਕਿਆਂ ਵਿੱਚ ਲੋਕਾਂ ਨੂੰ ਡੇਂਗੂ ਤੋਂ ਬਚਾਅ ਲਈ ਜਾਗਰੂਕ ਕੀਤਾ ਗਿਆ. । ਇਸ ਮੌਕੇ ਸਿਵਲ ਸਰਜਨ ਡਾ. ਰਸ਼ਮੀ ਵਿੱਜ ਨੇ ਕਿਹਾ ਕਿ ਆਉਣ ਵਾਲੇ ਬਰਸਾਤੀ ਮੌਸਮ ਦੌਰਾਨ ਕਈ ਥਾਵਾਂ 'ਤੇ ਪਾਣੀ ਇਕੱਠਾ ਹੋਣਾ ਸੁਭਾਵਿਕ ਹੈ, ਪਰ ਜਿੱਥੇ ਪਾਣੀ ਖੜ੍ਹਾ ਰਹਿੰਦਾ ਹੈ ਉੱਥੇ ਮੱਛਰਾਂ ਦੀ ਪੈਦਾਵਾਰ ਵੀ ਤੇਜ਼ੀ ਨਾਲ ਹੁੰਦੀ ਹੈ। ਇਸ ਲਈ ਹਰ ਨਾਗਰਿਕ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਮੱਛਰਾਂ ਦੀ ਪੈਦਾਵਾਰ ਨੂੰ ਰੋਕਣ ਵਿੱਚ ਸਿਹਤ ਵਿਭਾਗ ਦਾ ਸਹਿਯੋਗ ਕਰੇ। ਜ਼ਿਲ੍ਹਾ ਐਪੀਡਿਮੋਲੋਜਿਸਟ ਡਾ. ਹਰਜੋਤ ਕੌਰ ਨੇ ਦੱਸਿਆ ਕਿ ਡੇਂਗੂ ਇੱਕ ਵਾਇਰਲ ਬਿਮਾਰੀ ਹੈ, ਜੋ ਏਡੀਜ਼ ਐਜਿਪਟੀ ਮੱਛਰ ਦੇ ਕੱਟਣ ਨਾਲ ਫੈਲਦੀ ਹੈ। । ਇਸ ਮੌਕੇ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਨੀਲਮ ਭਗਤ, ਸੀਨੀਅਰ ਮੈਡੀਕਲ ਅਫ਼ਸਰ ਡਾ. ਨਰੇਸ਼ ਕੁਮਾਰ, ਸਹਾਇਕ ਮਲੇਰੀਆ ਅਫ਼ਸਰ ਗੁਰਦੇਵ ਸਿੰਘ, ਐਸ.ਆਈ. ਸੁਖਦੇਵ ਸਿੰਘ, ਪਰਮਜੀਤ ਸਿੰਘ, ਰਜਿੰਦਰ ਸਿੰਘ, ਹਰਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਆਈ.ਸੀ. ਹਰਮੀਤ ਸਿੰਘ, ਸੰਜੀਵ ਕੁਮਾਰ, ਕੁਲਦੀਪ ਸਿੰਘ, ਰਣਜੋਧ ਸਿੰਘ, ਫੀਲਡ ਵਰਕਰ ਅਤੇ ਬਰੀਡਿੰਗ ਚੈੱਕਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM

## ਇੱਕ ਨਜ਼ਰ...



## ਓ.ਐਸ.ਡੀ. ਸੁਖਵੀਰ ਸਿੰਘ ਨੇ ਮੁੱਖ ਮੰਤਰੀ ਸਹਾਇਤਾ ਕੇਂਦਰ, ਧੂਰੀ ਵਿਖੇ ਸੁਣੀਆਂ ਲੋਕਾਂ ਦੀਆਂ ਮੁਸ਼ਕਲਾਂ


### ਲੋਕਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਕਰਨਾ ਪੰਜਾਬ ਸਰਕਾਰ ਦੀ ਮੁੱਖ ਤਰਜੀਹ: ਓ.ਐਸ.ਡੀ. ਸੁਖਵੀਰ ਸਿੰਘ

ਧੂਰੀ, 17 ਜੁਲਾਈ (ਰਣਜੀਤ ਸਿੰਘ ਪੇਧਨੀ)–ਮੁੱਖ ਮੰਤਰੀ ਸਹਾਇਤਾ ਕੇਂਦਰ, ਧੂਰੀ ਵਿਖੇ ਅੱਜ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਨੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ। ਇਸ ਮੌਕੇ ਉਨ੍ਹਾਂ ਮਾਲ, ਪੇਂਡੂ ਵਿਕਾਸ, ਨਗਰ ਕੌਂਸਲ, ਬਿਜਲੀ, ਪਾਣੀ ਸਪਲਾਈ, ਸਮਾਜਿਕ ਸੁਰੱਖਿਆ ਅਤੇ ਹੋਰ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਮਾਮਲਿਆਂ ਦਾ ਵਿਸਥਾਰ ਨਾਲ ਜਾਇਜ਼ਾ ਲੈਂਦਿਆਂ ਸਬੰਧਤ ਅਧਿਕਾਰੀਆਂ ਨੂੰ ਲੋਕਾਂ ਦੀਆਂ ਸਮੱਸਿਆਵਾਂ ਦਾ ਤੁਰੰਤ, ਪਾਰਦਰਸ਼ੀ ਅਤੇ ਸਮਾਂਬੱਧ ਢੰਗ ਨਾਲ ਨਿਪਟਾਰਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਇਸ ਮੌਕੇ ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਨੂੰ ਜਵਾਬਦੇਹ, ਪਾਰਦਰਸ਼ੀ ਅਤੇ ਭ੍ਰਿਸ਼ਟਾਚਾਰ-ਮੁਕਤ ਪ੍ਰਸ਼ਾਸਨ ਮੁਹੱਈਆ ਕਰਵਾਉਣ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਹਾਇਤਾ ਕੇਂਦਰਾਂ ਦੀ ਸਥਾਪਨਾ ਦਾ ਮਕਸਦ ਆਮ ਲੋਕਾਂ ਨੂੰ ਇੱਕੋ ਛੱਤ ਹੇਠ ਆਪਣੀਆਂ ਸਮੱਸਿਆਵਾਂ ਰੱਖਣ ਦਾ ਮੌਕਾ ਦੇਣਾ ਅਤੇ ਉਨ੍ਹਾਂ ਦਾ ਨਿਰਧਾਰਤ ਸਮੇਂ ਅੰਦਰ ਹੱਲ ਯਕੀਨੀ ਬਣਾਉਣਾ ਹੈ। ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਧੂਰੀ ਵਿਧਾਨ ਸਭਾ ਹਲਕੇ ਦੇ ਹਰ ਵਸਨੀਕ ਦੀ ਸਮੱਸਿਆ ਦਾ ਹੱਲ ਕਰਵਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਖੁਦ ਨਿਰੰਤਰ ਨਿਗਰਾਨੀ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਹਾਇਤਾ ਕੇਂਦਰ ਰਾਹੀਂ ਪ੍ਰਾਪਤ ਹੋਣ ਵਾਲੀ ਹਰ ਸ਼ਿਕਾਇਤ ਦੀ ਨਿਯਮਤ ਸਮੀਖਿਆ ਕੀਤੀ ਜਾਂਦੀ ਹੈ ਤਾਂ ਜੋ ਲੋਕਾਂ ਨੂੰ ਤੇਜ਼, ਪ੍ਰਭਾਵਸ਼ਾਲੀ ਅਤੇ ਸੰਤੁਸ਼ਟੀਜਨਕ ਸੇਵਾਵਾਂ ਮਿਲ ਸਕਣ। ਉਨ੍ਹਾਂ ਅਧਿਕਾਰੀਆਂ ਨੂੰ ਇਹ ਵੀ ਹਦਾਇਤ ਕੀਤੀ ਕਿ ਜਿਨ੍ਹਾਂ ਮਾਮਲਿਆਂ ਦਾ ਮੌਕੇ 'ਤੇ ਨਿਪਟਾਰਾ ਸੰਭਵ ਹੈ, ਉਨ੍ਹਾਂ ਨੂੰ ਤੁਰੰਤ ਹੱਲ ਕੀਤਾ ਜਾਵੇ, ਜਦਕਿ ਬਾਕੀ ਮਾਮਲਿਆਂ ਵਿੱਚ ਬਿਨਾਂ ਕਿਸੇ ਬੇਲੋੜੀ ਦੇਰੀ ਦੇ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ। ਉਨ੍ਹਾਂ ਕਿਹਾ ਕਿ ਲੋਕਾਂ ਦੀ ਸੰਤੁਸ਼ਟੀ ਹੀ ਸਰਕਾਰ ਦੀ ਕਾਰਗੁਜ਼ਾਰੀ ਦਾ ਸਭ ਤੋਂ ਵੱਡਾ ਮਾਪਦੰਡ ਹੈ ਅਤੇ ਇਸ ਵਿੱਚ ਕਿਸੇ ਕਿਸਮ ਦੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸ ਮੌਕੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਮੈਂਬਰ ਵਕਫ ਬੋਰਡ ਡਾ. ਅਨਵਰ ਭਸੌੜ, ਮੁੱਖ ਮੰਤਰੀ ਫੀਲਡ ਅਫਸਰ ਅਰਵਿੰਦ ਕੁਮਾਰ, ਰਮਨਦੀਪ ਸਿੰਘ, ਸਰਪੰਚ ਲਵਪ੍ਰੀਤ ਸਿੰਘ ਹੋਤੀਪੁਰ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।

## ਸਰਪੰਚ ਮਨਪ੍ਰੀਤ ਸ਼ਰਮਾ ਬਣੇ ਬ੍ਰਾਹਮਣ ਵੈਲਫੇਅਰ ਬੋਰਡ ਪੰਜਾਬ ਧੂਰੀ ਦੇ ਚੇਅਰਮੈਨ

ਧੂਰੀ, 17 ਜੁਲਾਈ (ਰਣਜੀਤ ਸਿੰਘ ਪੇਧਨੀ)–ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਦੇ ਵਿੱਚ ਪੈਂਦੇ ਪਿੰਡ ਜਹਾਂਗੀਰ ਤੋਂ ਉੱਦਮੀ ਨੌਜਵਾਨ ਸਰਪੰਚ ਮਨਪ੍ਰੀਤ ਸ਼ਰਮਾ ਨੂੰ ਪਾਰਟੀ ਪ੍ਰਤੀ ਉਹਨਾਂ ਦੀਆਂ ਸੇਵਾਵਾਂ ਭਾਵਨਾਵਾਂ ਨੂੰ ਦੇਖਦਿਆਂ ਹੋਇਆਂ ਬ੍ਰਾਹਮਣ ਵੈਲਫੇਅਰ ਬੋਰਡ ਪੰਜਾਬ ਧੂਰੀ ਦਾ ਚੇਅਰਮੈਨ ਨੇ ਨਿਯੁਕਤ ਕੀਤਾ ਗਿਆ ਹੈ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਸਰਪੰਚ ਮਨਪ੍ਰੀਤ ਸ਼ਰਮਾ ਚੇਅਰਮੈਨ ਬ੍ਰਾਹਮਣ ਵੈਲਫੇਅਰ ਬੋਰਡ ਧੂਰੀ ਨੇ ਕਿਹਾ ਕਿ ਉਹ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਓਐਸਡੀ ਸੁਖਬੀਰ ਸਿੰਘ ਸੁੱਖੀ, ਚੇਅਰਮੈਨ ਰਾਜਵੰਤ ਸਿੰਘ ਘੁੱਲੀ ਇੰਚਾਰਜ ਮੁੱਖ ਮੰਤਰੀ ਦਫ਼ਤਰ ਧੂਰੀ, ਦਲਵੀਰ ਸਿੰਘ ਢਿੱਲੋਂ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ, ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ ਦਾ ਦਿਲ ਦੀਆਂ ਗਹਿਰਾਈਆਂ ਚੋਂ ਧੰਨਵਾਦ ਕਰਦਾ ਹਾਂ, ਜਿਨਾਂ ਨੇ ਮੇਰੀ ਪਾਰਟੀ ਪ੍ਰਤੀ ਸੇਵਾ ਭਾਵਨਾ ਨੂੰ ਦੇਖਦਿਆਂ ਮੈਨੂੰ ਬ੍ਰਾਹਮਣ ਵੈਲਫੇਅਰ ਬੋਰਡ ਧੂਰੀ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ। ਉਹਨਾਂ ਕਿਹਾ ਕਿ ਉਹ ਪਾਰਟੀ ਵੱਲੋਂ ਮਿਲੀ ਜਿੰਮੇਵਾਰੀ ਨੂੰ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਪਾਰਟੀ ਵਿੱਚ ਦਿਨ ਰਾਤ ਮਿਹਨਤ ਕਰਕੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਦੁਬਾਰਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਬਣਾਉਣ ਲਈ ਆਪਣਾ ਅਹਿਮ ਯੋਗਦਾਨ ਪਾਉਣਗੇ।






# ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਹਰੀ ਪੱਗ ਨਾਲ ਨਹੀਂ ਮਿਟਣਗੀਆਂ ਕਿਸਾਨ ਅੰਦੋਲਨ ਦੀਆਂ ਕੌੜੀਆਂ ਯਾਦਾਂ: ਸ਼ਮਸ਼ੇਰ ਸਿੰਘ ਪੱਧਰੀ



ਅੰਮ੍ਰਿਤਸਰ 17 ਜੁਲਾਈ (ਆਵਾਜ਼ਿ ਕੌਮ ਬਿਊਰੋ)– ਅਕਾਲੀ ਦਲ ਵਾਰਿਸ ਪੰਜਾਬ ਦੇ ਦੇ ਮੀਡੀਆ ਇੰਚਾਰਜ ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਇਕ ਪ੍ਰੈਸ ਨੋਟ ਰਾਹੀਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪੰਜਾਬ ਦੌਰੇ 'ਤੇ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਪੰਜਾਬ ਦੀ ਧਰਤੀ 'ਤੇ ਹਰੀ ਪੱਗ ਬੰਨ੍ਹ ਕੇ ਆਉਣਾ ਇੱਕ ਪ੍ਰਤੀਕਾਤਮਕ ਸੰਦੇਸ਼ ਹੋ ਸਕਦਾ ਹੈ, ਪਰ ਪੰਜਾਬ ਦੇ ਲੋਕਾਂ ਦੇ ਮਨਾਂ ਵਿੱਚ ਅੱਜ ਵੀ ਕਿਸਾਨ ਅੰਦੋਲਨ ਦੀਆਂ ਉਹ ਤਸਵੀਰਾਂ ਤਾਜ਼ਾ ਹਨ ਜਿਨ੍ਹਾਂ ਨੂੰ ਸਿਰਫ਼ ਪਹਿਰਾਵੇ ਨਾਲ ਨਹੀਂ ਮਿਟਾਇਆ ਜਾ ਸਕਦਾ। ਭਾਈ ਪੱਧਰੀ ਨੇ ਕਿਹਾ ਕਿ ਤਿੰਨ ਖੇਤੀ ਕਾਨੂੰਨਾਂ ਖ਼ਿਲਾਫ਼ ਚੱਲੇ ਇਤਿਹਾਸਕ ਕਿਸਾਨ ਅੰਦੋਲਨ ਦੌਰਾਨ ਪੰਜਾਬ ਸਮੇਤ ਦੇਸ਼ ਭਰ ਦੇ ਲੱਖਾਂ ਕਿਸਾਨ ਸੜਕਾਂ 'ਤੇ ਉਤਰੇ। ਉਨ੍ਹਾਂ ਨੇ ਆਪਣੇ ਹੱਕਾਂ ਦੀ ਰਾਖੀ ਲਈ ਮਹੀਨਿਆਂ ਤੱਕ ਕੜਾਕੇ ਦੀ ਠੰਢ, ਭਿਆਨਕ ਗਰਮੀ ਅਤੇ ਮੀਂਹ ਵਿੱਚ ਸੰਘਰਸ਼ ਕੀਤਾ। ਇਸ ਅੰਦੋਲਨ ਦੌਰਾਨ ਸੈਂਕੜੇ ਕਿਸਾਨਾਂ ਦੀਆਂ ਮੌਤਾਂ ਹੋਈਆਂ ਅਤੇ ਅਨੇਕਾਂ ਪਰਿਵਾਰਾਂ ਨੇ ਆਪਣੇ ਪਿਆਰੇ ਗੁਆਏ। ਉਨ੍ਹਾਂ ਕਿਹਾ ਕਿ ਇਨ੍ਹਾਂ ਪਰਿਵਾਰਾਂ ਦਾ ਦਰਦ ਅੱਜ ਵੀ ਪੰਜਾਬ ਦੇ ਦਿਲ ਵਿੱਚ ਵੱਸਦਾ ਹੈ। ਉਨ੍ਹਾਂ ਕਿਹਾ ਕਿ ਕਿਸਾਨ ਅੰਦੋਲਨ ਦੌਰਾਨ ਹਰਿਆਣਾ ਵਿੱਚ ਦਿੱਲੀ ਵੱਲ ਜਾਣ ਵਾਲੇ ਰਸਤਿਆਂ 'ਤੇ ਵੱਡੀਆਂ ਰੋਕਾਂ, ਬੈਰੀਕੇਡ, ਸੀਮੈਂਟ ਦੇ ਬਲਾਕ, ਕੰਡਿਆਲੀ ਤਾਰਾਂ ਅਤੇ ਹੋਰ ਸੁਰੱਖਿਆ ਪ੍ਰਬੰਧ ਕੀਤੇ ਗਏ ਸਨ। ਕਿਸਾਨ ਜਥਿਆਂ ਨੂੰ ਰੋਕਣ ਲਈ ਸਖ਼ਤ ਪ੍ਰਬੰਧ ਕੀਤੇ ਗਏ, ਜਿਨ੍ਹਾਂ ਦੀਆਂ ਤਸਵੀਰਾਂ ਅਤੇ ਦ੍ਰਿਸ਼ ਅੱਜ ਵੀ ਲੋਕਾਂ ਦੀ ਯਾਦ ਵਿੱਚ ਮੌਜੂਦ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਘਟਨਾਵਾਂ ਨੇ ਕਿਸਾਨਾਂ ਦੇ ਮਨਾਂ 'ਤੇ ਡੂੰਘਾ ਅਸਰ ਛੱਡਿਆ। ਸ਼ਮਸ਼ੇਰ ਸਿੰਘ ਪੱਧਰੀ ਨੇ ਕਿਹਾ ਕਿ ਅੱਜ ਜਦੋਂ ਪ੍ਰਧਾਨ ਮੰਤਰੀ ਪੰਜਾਬ ਆ ਕੇ ਹਰੀ ਪੱਗ ਪਹਿਨਦੇ ਹਨ ਤਾਂ ਇਹ ਸਵਾਲ ਸੁਭਾਵਿਕ ਤੌਰ 'ਤੇ ਉੱਠਦਾ ਹੈ ਕਿ ਕੀ ਸਿਰਫ਼ ਪ੍ਰਤੀਕ ਬਦਲਣ ਨਾਲ ਇਤਿਹਾਸ ਦੀਆਂ ਕੌੜੀਆਂ ਯਾਦਾਂ ਮਿਟ ਸਕਦੀਆਂ ਹਨ ? ਪੰਜਾਬ ਦੇ ਲੋਕ ਰੰਗਾਂ ਅਤੇ ਪਹਿਰਾਵਿਆਂ ਸੀਮਿਤ ਨਹੀ ਸਗੋਂ ਨੀਤੀਆਂ, ਫ਼ੈਸਲਿਆਂ ਅਤੇ ਲੋਕ ਹਿੱਤਾਂ ਪ੍ਰਤੀ ਵਚਨਬੱਧਤਾ ਨੂੰ ਵੀ ਮਹੱਤਵ ਦਿੰਦੇ ਹਨ। ਉਨ੍ਹਾਂ ਕਿਹਾ ਕਿ ਜੇਕਰ ਕੇਂਦਰ ਸਰਕਾਰ ਸੱਚਮੁੱਚ ਪੰਜਾਬ ਦੇ ਕਿਸਾਨਾਂ ਅਤੇ ਲੋਕਾਂ ਦਾ ਭਰੋਸਾ ਜਿੱਤਣਾ ਚਾਹੁੰਦੀ ਹੈ ਤਾਂ ਇਸ ਲਈ ਪ੍ਰਤੀਕਾਂ ਦੀ ਨਹੀਂ, ਸਗੋਂ ਅਜਿਹੇ ਠੋਸ ਕਦਮਾਂ ਦੀ ਲੋੜ ਹੈ ਜੋ ਕਿਸਾਨਾਂ ਦੀ ਆਮਦਨ, ਫ਼ਸਲਾਂ ਦੀ ਸੁਰੱਖਿਆ, ਨੌਜਵਾਨਾਂ ਦੇ ਭਵਿੱਖ, ਪੰਜਾਬ ਦੇ ਪਾਣੀਆਂ ਅਤੇ ਸੂਬੇ ਦੇ ਆਰਥਿਕ ਹਿੱਤਾਂ ਨੂੰ ਮਜ਼ਬੂਤ ਕਰਨ। ਭਾਈ ਪੱਧਰੀ ਨੇ ਕਿਹਾ ਕਿ ਪੰਜਾਬ ਦਾ ਕਿਸਾਨ ਭਾਵਨਾਵਾਂ ਨਾਲ ਨਹੀਂ, ਆਪਣੇ ਤਜ਼ਰਬਿਆਂ ਨਾਲ ਫ਼ੈਸਲਾ ਕਰਦਾ ਹੈ। ਉਹ ਇਹ ਵੀ ਯਾਦ ਰੱਖਦਾ ਹੈ ਕਿ ਕਿਸ ਨੇ ਉਸ ਦੇ ਸੰਘਰਸ਼ ਵੇਲੇ ਉਸ ਦਾ ਸਾਥ ਦਿੱਤਾ ਅਤੇ ਕਿਸ ਸਮੇਂ ਉਸ ਨੂੰ ਰੁਕਾਵਟਾਂ ਦਾ ਸਾਹਮਣਾਂ ਕਰਨਾ ਪਿਆ। ਇਸ ਲਈ ਹਰੀ ਪੱਗ ਪਹਿਨ ਲੈਣ ਨਾਲ ਹੀ ਕਿਸਾਨਾਂ ਦਾ ਭਰੋਸਾ ਨਹੀਂ ਜਿੱਤਿਆ ਜਾ ਸਕਦਾ। ਉਨ੍ਹਾਂ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਤੋਂ ਉਮੀਦ ਹੁੰਦੀ ਹੈ ਕਿ ਉਹ ਹਰ ਵਰਗ ਦੇ ਲੋਕਾਂ ਦੇ ਜ਼ਖ਼ਮਾਂ ਨੂੰ ਭਰਨ ਵਾਲੇ ਫ਼ੈਸਲੇ ਲੈਣ। ਪੰਜਾਬ ਦੇ ਲੋਕਾਂ ਨੂੰ ਵੀ ਇਹੀ ਉਮੀਦ ਸੀ ਕਿ ਉਨ੍ਹਾਂ ਨਾਲ ਸੰਵਾਦ, ਸਨਮਾਨ ਅਤੇ ਇਨਸਾਫ਼ ਦੇ ਆਧਾਰ 'ਤੇ ਵਿਹਾਰ ਕੀਤਾ ਜਾਵੇਗਾ, ਨਾ ਕਿ ਸਿਰਫ਼ ਅਜਿਹੇ ਪ੍ਰਤੀਕਾਂ ਰਾਹੀਂ ਜੋ ਲੋਕਾਂ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਵਜੋਂ ਦੇਖੇ ਜਾਣ।

> **ਪੰਜਾਬ ਨੇ ਆਪਣੇ ਸੂਬੇ ਅਤੇ ਅਤੀਤ ਵਿੱਚ ਦੇਸ਼ ਲਈ ਸੰਘਰਸ਼ ਕੀਤਾ ਪਰ ਵਿਵਹਾਰ ਪਰਾਇਆਂ ਵਾਲਾ ਹੋਇਆ**

# ਗੁਰੂ ਕਾਸ਼ੀ ਯੂਨੀਵਰਸਿਟੀ ਨੇ ਭਾਰਤੀ ਖੇਤੀ ਖੋਜ ਪ੍ਰੀਸ਼ਦ ਦਾ ਫਾਉਂਡੇਸ਼ਨ ਦਿਹਾੜਾ ਮਨਾਇਆ



ਤਲਵੰਡੀ ਸਾਬੋ, 17 ਜੁਲਾਈ (ਗੁਰਜੰਟ ਸਿੰਘ ਨਥੇਹਾ)- ਗੁਰੂ ਕਾਸ਼ੀ ਯੂਨੀਵਰਸਿਟੀ ਦੇ ਫੈਕਲਟੀ ਆਫ਼ ਐਗਰੀਕਲਚਰ ਵੱਲੋਂ ਭਾਰਤੀ ਖੇਤੀ ਖੋਜ ਪ੍ਰੀਸ਼ਦ (ਆਈ.ਸੀ.ਏ.ਆਰ.) ਦਾ ਫਾਉਂਡੇਸ਼ਨ ਦਿਹਾੜਾ ਖੇਤੀ ਸੈਮੀਨਾਰ ਆਯੋਜਿਤ ਕਰਕੇ ਮਨਾਇਆ ਗਿਆ। ਇਸ ਮੌਕੇ ਉੱਘੇ ਖੇਤੀ ਵਿਗਿਆਨੀ ਵਾਈਸ ਚਾਂਸਲਰ ਡਾ. ਬਲਰਾਜ ਸਿੰਘ ਨੇ ਬਤੌਰ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ, ਜਦ ਕਿ ਨਾਮਵਰ ਸਾਇੰਸਦਾਨ, ਲੇਖਕ ਅਤੇ ਵਿਚਾਰਕ ਪਰੋ. ਵਾਈਸ ਚਾਂਸਲਰ ਡਾ. ਜਗਤਾਰ ਸਿੰਘ ਧੀਮਾਨ ਨੇ ਵਿਸ਼ਾ ਮਾਹਿਰ ਵਜੋਂ ਆਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਵੱਖ-ਵੱਖ ਫੈਕਲਟੀਆਂ ਦੇ ਡਾਇਰੈਕਟਰ, ਡੀਨ, ਅਧਿਆਪਕ, ਖੋਜਾਰਥੀ ਅਤੇ ਵਿਦਿਆਰਥੀ ਹਾਜ਼ਰ ਹੋਏ। ਵਾਈਸ ਚਾਂਸਲਰ ਡਾ. ਸਿੰਘ ਨੇ ਆਈ.ਸੀ.ਏ.ਆਰ. ਦੀ ਸਥਾਪਨਾ, ਇਤਿਹਾਸ ਅਤੇ ਕੰਮਾਂ ਦੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਭਾਰਤ ਵਿੱਚ ਖੇਤੀਬਾੜੀ ਖੋਜ, ਖੇਤੀ ਸਿੱਖਿਆ ਅਤੇ ਤਕਨੀਕੀ ਪਸਾਰ ਦਾ ਸਿਖਰਲਾ ਸੰਸਥਾਨ ਹੈ। ਇਸ ਨੇ ਖੇਤੀ, ਪਸ਼ੂ ਪਾਲਣ, ਬਾਗਬਾਨੀ ਆਦਿ ਖੇਤਰਾਂ ਵਿੱਚ ਨਵੀਆਂ ਤਕਨੀਕਾਂ ਵਿਕਸਿਤ ਕਰਕੇ ਕਿਸਾਨਾਂ ਦੀ ਆਮਦਨ ਵਧਾਉਣ ਅਤੇ ਦੇਸ਼ ਦੀ ਖੁਰਾਕ ਸੁਰੱਖਿਆ ਨੂੰ ਯਕੀਨੀ ਬਣਾਉਣ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ। ਇਸ ਨੇ ਦੇਸ਼ ਵਿੱਚ ਖੇਤੀ ਵਿਗਿਆਨਿਕ ਖੋਜਾਂ ਨੂੰ ਉਤਸਾਹਿਤ ਕਰਦੇ ਹੋਏ, ਲੈਬ-ਟੂ-ਲੈਂਡ ਦੀ ਮੁਹਿੰਮ ਵੀ ਚਲਾਈ। ਡਾ. ਸਿੰਘ ਨੇ ਆਪਣੇ ਭਾਸ਼ਣ ਵਿੱਚ ਖੇਤੀ ਦੇ ਸੰਦਰਭ ਵਿੱਚ ਭਾਰਤ ਦੇ ਆਜ਼ਾਦੀ ਤੋਂ ਪਹਿਲਾਂ, ਬਾਦ ਅਤੇ ਵਰਤਮਾਨ ਹਾਲਾਤਾਂ ਦਾ ਤੁਲਨਾਤਮਕ ਅਤੇ ਅੰਕੜਿਆਂ ਸਹਿਤ ਵਰਨਣ ਕਰਦੇ ਹੋਏ ਦੱਸਿਆ ਕਿ ਭਾਰਤ ਕਿਸੇ ਸਮੇਂ ਖਾਣ ਲਈ ਅਨਾਜ ਬਹਾਰਲੇ ਮੁਲਕਾਂ ਤੋਂ ਆਯਾਤ ਕਰਦਾ ਸੀ, ਪਰ ਆਜ਼ਾਦੀ ਤੋਂ ਬਾਦ ਭਾਰਤ ਦੇ ਖੇਤੀ ਵਿਗਿਆਨੀਆਂ ਦੀ ਮਿਹਨਤ, ਦੂਰ-ਦ੍ਰਿਸ਼ਟੀ ਅਤੇ ਵਿਗਿਆਨਿਕ ਖੇਤੀ ਦੀ ਪ੍ਰੇਰਣਾ ਸਦਕਾ ਭਾਰਤ ਅਨਾਜ ਦੇ ਮਾਮਲੇ ਵਿੱਚ ਆਤਮ ਨਿਰਭਰ ਹੋਇਆ ਹੈ ਤੇ ਹੁਣ ਇਹ ਵਿਦੇਸ਼ਾਂ ਨੂੰ ਅਨਾਜ ਦਾ ਨਿਰਯਾਤ ਕਰਨ ਦੇ ਕਾਬਲ ਹੋ ਗਿਆ ਹੈ। ਉਹਨਾਂ ਹਰੀ-ਕ੍ਰਾਂਤੀ ਲਈ ਭਾਰਤੀ ਸਰਕਾਰੀ ਨੀਤੀਆਂ, ਖੇਤੀ ਤਕਨਾਲੋਜੀ, ਸਰਕਾਰੀ ਸਹੂਲਤਾਂ ਮੁਹੱਈਆ ਕਰਵਾਉਣਾ, ਅਤੇ ਕਿਸਾਨਾਂ ਦੀ ਮਿਹਨਤ ਦੀ ਸ਼ਲਾਘਾ ਕੀਤੀ। ਉਹਨਾਂ ਅਜੋਕੇ ਸਮੇਂ ਕਿਸਾਨਾਂ ਨੂੰ ਦਰਪੇਸ਼ ਆ ਰਹੀਆਂ ਖੇਤੀ ਸਮੱਸਿਆਵਾਂ, ਚਣੌਤੀਆਂ ਅਤੇ ਸਮਾਧਾਨ ਬਾਰੇ ਵੀ ਚਾਨਣਾ ਪਾਇਆ। ਉਹਨਾਂ ਪੰਜਾਬ ਵਿੱਚ ਡਿੱਗ ਰਹੇ ਧਰਤੀ ਹੇਠਲੇ ਪਾਣੀ ਅਤੇ ਵਿਗੜ ਰਹੀ ਭੂਮੀ ਸਿਹਤ ਬਾਰੇ ਵੀ ਚਿੰਤਾ ਦਾ ਪ੍ਰਗਟਾਵਾ ਕੀਤਾ। ਉਹਨਾਂ ਵਿਕਸਿਤ ਭਾਰਤ-2047 ਮੁਹਿੰਮ ਵਿੱਚ ਖੇਤੀਬਾੜੀ ਦੇ ਯੋਗਦਾਨ ਬਾਰੇ ਵੀ ਚਰਚਾ ਕੀਤੀ। ਵਿਸ਼ੇਸ਼ ਮਹਿਮਾਨ ਪਰੋ. ਵਾਈਸ ਚਾਂਸਲਰ ਡਾ. ਧੀਮਾਨ ਨੇ ਕਿਹਾ ਕਿ ਪੰਜਾਬ ਦੀ ਖੇਤੀ ਜਿਸ ਨੇ ਪਿਛਲੇ ਦਹਾਕਿਆਂ ਵਿੱਚ ਦੁਨੀਆਂ ਸਾਹਮਣੇ ਪ੍ਰਗਤੀ ਦੀ ਉਦਾਹਰਣ ਪੇਸ਼ ਕੀਤੀ ਸੀ, ਹੁਣ ਨਾਜ਼ੁਕ ਮੋੜ ਤੇ ਖੜੀ ਹੈ। ਵਿਸ਼ੇਸ਼ ਤੌਰ ਤੇ ਉਹਨਾਂ ਵਾਤਾਵਰਣਿਕ, ਆਰਥਿਕ, ਸਮਾਜਿਕ ਚਣੌਤੀਆਂ ਅਤੇ ਖੇਤੀ ਪ੍ਰਣਾਲੀ ਦੀ ਟਿਕਾਊਤਾ ਤੇ ਸਵਾਲ ਖੜੇ ਕੀਤੇ। ਉਹਨਾਂ ਅਜੋਕੀ ਖੇਤੀ ਵਿੱਚ ਲਗਾਤਾਰ ਹੋ ਰਹੇ ਖੇਤੀ ਖਰਚ ਵਿੱਚ ਵਾਧੇ, ਘੱਟ ਰਹੇ ਮੁਨਾਫ਼ੇ, ਘੱਟੋ-ਘੱਟ ਸਮਰਥਨ ਮੁੱਲ ਅਤੇ ਭਵਿੱਖ ਮੁਖੀ ਨੀਤੀਆਂ ਤੇ ਵੀ ਆਪਣੇ ਵਿਚਾਰ ਦਿੱਤੇ। ਭਾਰਤ ਆਧੁਨਿਕ ਖੇਤੀ ਰਾਹੀਂ ਨਵੀਂ ਹਰੀ ਅਤੇ ਚਿੱਟੀ ਕ੍ਰਾਂਤੀ ਲਿਆਵੇਗਾ, ਜਿਸ ਵਿੱਚ ਭਾਰਤ ਦਾ ਹਰ ਕਿਸਾਨ ਖੁਸ਼ਹਾਲ ਅਤੇ ਆਰਥਿਕ ਪੱਖੋਂ ਸੰਪੰਨ ਹੋਵੇਗਾ, ਇਸ ਉਮੀਦ ਨਾਲ ਸੈਮੀਨਾਰ ਸਮਾਪਤ ਹੋਇਆ।

# ਯੂਕੇ ਵਿੱਚ ਸਿੱਖ ਵਿਰੋਧੀ ਨਫ਼ਰਤ ਚਿੰਤਾਜਨਕ ਪੱਧਰ 'ਤੇ, ਸੁਰੱਖਿਆ ਅਤੇ ਪੁਲਿਸ ਪ੍ਰਤੀ ਭਰੋਸੇ 'ਤੇ ਉੱਠੇ ਸਵਾਲ




ਨਵੀਂ ਦਿੱਲੀ, 17 ਜੁਲਾਈ (ਮਨਪ੍ਰੀਤ ਸਿੰਘ ਖਾਲਸਾ):- ਯੂਕੇ ਅਧਾਰਿਤ ਸਿੱਖ ਨੈੱਟਵਰਕ ਵੱਲੋਂ ਜਾਰੀ ਦੇਸ਼-ਵਿਆਪੀ ਸਰਵੇਖਣ ਨੇ ਸਿੱਖ ਭਾਈਚਾਰੇ ਦੀ ਸੁਰੱਖਿਆ ਨੂੰ ਲੈ ਕੇ ਗੰਭੀਰ ਚਿੰਤਾਵਾਂ ਸਾਹਮਣੇ ਰੱਖੀਆਂ ਹਨ। ਸਰਵੇਖਣ ਅਨੁਸਾਰ 14 ਮਈ 2026 ਤੋਂ ਬਾਅਦ ਯੂਕੇ ਵਿੱਚ ਸਿੱਖ ਵਿਰੋਧੀ ਨਫ਼ਰਤੀ ਘਟਨਾਵਾਂ ਵਿੱਚ ਤੇਜ਼ ਵਾਧਾ ਹੋਇਆ ਹੈ, ਜਿਸ ਕਾਰਨ ਵੱਡੀ ਗਿਣਤੀ ਵਿੱਚ ਸਿੱਖ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ। 1,000 ਤੋਂ ਵੱਧ ਸਿੱਖਾਂ ਦੀ ਭਾਗੀਦਾਰੀ ਵਾਲੇ ਸਰਵੇਖਣ ਵਿੱਚ 40 ਫੀਸਦੀ ਉੱਤਰਦਾਤਾਵਾਂ ਨੇ ਦੱਸਿਆ ਕਿ ਉਹ ਖੁਦ ਸਿੱਖ ਵਿਰੋਧੀ ਨਫ਼ਰਤ ਦਾ ਸ਼ਿਕਾਰ ਹੋਏ ਹਨ ਜਾਂ ਅਜਿਹੀਆਂ ਘਟਨਾਵਾਂ ਦੇ ਗਵਾਹ ਬਣੇ ਹਨ। ਸਰਵੇਖਣ ਦੌਰਾਨ 500 ਤੋਂ ਵੱਧ ਨਫ਼ਰਤੀ ਘਟਨਾਵਾਂ ਦਰਜ ਕੀਤੀਆਂ ਗਈਆਂ। ਲਗਭਗ 90 ਫੀਸਦੀ ਲੋਕਾਂ ਦਾ ਮੰਨਣਾ ਹੈ ਕਿ ਮਈ ਦੇ ਮੱਧ ਤੋਂ ਬਾਅਦ ਨਫ਼ਰਤ ਵਿੱਚ ਸਪੱਸ਼ਟ ਵਾਧਾ ਹੋਇਆ ਹੈ, ਜਦਕਿ 61 ਫੀਸਦੀ ਨੇ ਸਥਿਤੀ ਨੂੰ ਬੇਹੱਦ ਗੰਭੀਰ ਕਰਾਰ ਦਿੱਤਾ। ਦੋ- ਤਿਹਾਈ ਤੋਂ ਵੱਧ ਉੱਤਰਦਾਤਾਵਾਂ ਨੇ ਮੰਨਿਆ ਕਿ ਕੁਝ ਸਿਆਸਤਦਾਨਾਂ ਵੱਲੋਂ ਸਿੱਖਾਂ ਦੇ ਪਵਿੱਤਰ ਕਿਰਪਾਨ ਬਾਰੇ ਕੀਤੀਆਂ ਗਈਆਂ ਗੈਰ-ਜ਼ਿੰਮੇਵਾਰਾਨਾ ਜਨਤਕ ਟਿੱਪਣੀਆਂ ਨੇ ਸਿੱਖ ਵਿਰੋਧੀ ਮਾਹੌਲ ਨੂੰ ਹੋਰ ਭੜਕਾਇਆ। 53 ਫੀਸਦੀ ਲੋਕਾਂ, ਖ਼ਾਸ ਕਰਕੇ ਬਜ਼ੁਰਗ ਸਿੱਖਾਂ, ਨੇ ਕਿਹਾ ਕਿ ਉਹ ਹੁਣ ਜਨਤਕ ਥਾਵਾਂ 'ਤੇ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਨਹੀਂ ਕਰਦੇ, ਜਦਕਿ 84 ਫੀਸਦੀ ਨੂੰ ਆਪਣੀ ਸੁਰੱਖਿਆ ਲਈ ਰੋਜ਼ਾਨਾ ਜੀਵਨ ਵਿੱਚ ਵਾਧੂ ਸਾਵਧਾਨੀਆਂ ਅਪਣਾਉਣੀਆਂ ਪੈ ਰਹੀਆਂ ਹਨ। ਦਰਜ ਮਾਮਲਿਆਂ ਵਿੱਚ ਕਰੀਬ 50 ਫੀਸਦੀ ਜਨਤਕ ਥਾਵਾਂ 'ਤੇ ਮੌਖਿਕ ਦੁਰਵਿਵਹਾਰ, 25 ਫੀਸਦੀ ਆਨਲਾਈਨ ਨਫ਼ਰਤ, 15 ਫੀਸਦੀ ਧਮਕੀਆਂ ਅਤੇ ਡਰਾਉਣ-ਧਮਕਾਉਣ ਨਾਲ ਸਬੰਧਤ ਸਨ, ਜਦਕਿ ਲਗਭਗ 10 ਫੀਸਦੀ ਮਾਮਲਿਆਂ ਵਿੱਚ ਤੋੜਫੋੜ, ਸਰੀਰਕ ਹਮਲੇ ਅਤੇ ਗੰਭੀਰ ਸੱਟਾਂ ਸ਼ਾਮਲ ਸਨ। ਸਰਵੇਖਣ ਨੇ ਪੁਲਿਸ ਪ੍ਰਤੀ ਭਰੋਸੇ ਦੀ ਘਾਟ ਵੀ ਉਜਾਗਰ ਕੀਤੀ ਹੈ। ਭਾਵੇਂ 60 ਫੀਸਦੀ ਲੋਕਾਂ ਨੂੰ ਨਫ਼ਰਤੀ ਅਪਰਾਧ ਦੀ ਸ਼ਿਕਾਇਤ ਦਰਜ ਕਰਵਾਉਣ ਦੀ ਜਾਣਕਾਰੀ ਹੈ, ਪਰ ਕੇਵਲ 6 ਫੀਸਦੀ ਘਟਨਾਵਾਂ ਹੀ ਪੁਲਿਸ ਤੱਕ ਪਹੁੰਚੀਆਂ। ਕਰੀਬ 70 ਫੀਸਦੀ ਉੱਤਰਦਾਤਾਵਾਂ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਭਰੋਸਾ ਨਹੀਂ ਕਿ ਪੁਲਿਸ ਸਿੱਖ ਵਿਰੋਧੀ ਨਫ਼ਰਤੀ ਅਪਰਾਧਾਂ ਨਾਲ ਲੋੜੀਂਦੀ ਗੰਭੀਰਤਾ ਨਾਲ ਨਜਿੱਠਦੀ ਹੈ। ਸਿੱਖ ਨੈੱਟਵਰਕ ਨੇ ਯੂਕੇ ਸਰਕਾਰ, ਪੁਲਿਸ ਅਤੇ ਸੰਸਦ ਮੈਂਬਰਾਂ ਨੂੰ ਅਪੀਲ ਕੀਤੀ ਹੈ ਕਿ ਸਿੱਖ ਭਾਈਚਾਰੇ ਦੀ ਸੁਰੱਖਿਆ, ਭਰੋਸੇ ਦੀ ਬਹਾਲੀ ਅਤੇ ਨਫ਼ਰਤੀ ਅਪਰਾਧਾਂ 'ਤੇ ਪ੍ਰਭਾਵਸ਼ਾਲੀ ਰੋਕ ਲਈ ਤੁਰੰਤ ਅਤੇ ਸਖ਼ਤ ਕਦਮ ਚੁੱਕੇ ਜਾਣ।

## ਇੱਕ ਨਜ਼ਰ ...



# ਅਕਾਲ ਯੂਨੀਵਰਸਿਟੀ ਵਿੱਚ ਨਵੇਂ ਅਧਿਆਪਕਾਂ ਲਈ ਦੋ ਰੋਜ਼ਾ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਦੀ ਸ਼ੁਰੂਆਤ

ਤਲਵੰਡੀ ਸਾਬੋ, 17 ਜੁਲਾਈ (ਗੁਰਜੰਟ ਸਿੰਘ ਨਥੇਹਾ)- ਅਕਾਲ ਯੂਨੀਵਰਸਿਟੀ ਤਲਵੰਡੀ ਸਾਬੋ ਵਿਖੇ ਨਵੇਂ ਨਿਯੁਕਤ ਅਧਿਆਪਕਾਂ ਦੇ ਅਕਾਦਮਿਕ, ਪੇਸ਼ੇਵਰ ਅਤੇ ਵਿਅਕਤੀਗਤ ਵਿਕਾਸ ਨੂੰ ਹੋਰ ਮਜ਼ਬੂਤ ਬਣਾਉਣ ਦੇ ਉਦੇਸ਼ ਨਾਲ ਦੋ ਰੋਜ਼ਾ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ (ਐੱਫ.ਡੀ.ਪੀ.) ਦੀ ਸ਼ੁਰੂਆਤ ਕੀਤੀ ਗਈ। ਇਸ ਪ੍ਰੋਗਰਾਮ ਦਾ ਉਦੇਸ਼ ਨਵੇਂ ਅਧਿਆਪਕਾਂ ਨੂੰ ਯੂਨੀਵਰਸਿਟੀ ਦੇ ਅਕਾਦਮਿਕ ਮਾਹੌਲ, ਨੀਤੀਆਂ, ਅਧਿਆਪਨ ਵਿਧੀਆਂ ਅਤੇ ਵਿਦਿਆਰਥੀ-ਕੇਂਦਰਿਤ ਸਿੱਖਿਆ ਪ੍ਰਣਾਲੀ ਨਾਲ ਜਾਣੂ ਕਰਵਾਉਣਾ ਹੈ। ਪ੍ਰੋਗਰਾਮ ਦੀ ਸ਼ੁਰੂਆਤ ਮੌਕੇ ਡੀਨ ਅਕਾਦਮਿਕ ਮੇਜਰ ਜਨਰਲ ਜੀ.ਐੱਸ. ਲਾਂਬਾ ਨੇ ਨਵੇਂ ਅਧਿਆਪਕਾਂ ਦਾ ਰਸਮੀ ਸਵਾਗਤ ਕਰਦਿਆਂ ਕਿਹਾ ਕਿ ਇੱਕ ਅਧਿਆਪਕ ਸਿਰਫ਼ ਗਿਆਨ ਦਾ ਸਰੋਤ ਹੀ ਨਹੀਂ ਹੁੰਦਾ, ਸਗੋਂ ਉਹ ਸਮਾਜ ਅਤੇ ਰਾਸ਼ਟਰ ਨਿਰਮਾਣ ਦਾ ਮਹੱਤਵਪੂਰਨ ਆਧਾਰ ਵੀ ਹੁੰਦਾ ਹੈ। ਉਨ੍ਹਾਂ ਨਵੇਂ ਫੈਕਲਟੀ ਮੈਂਬਰਾਂ ਨੂੰ ਯੂਨੀਵਰਸਿਟੀ ਦੇ ਅਕਾਦਮਿਕ ਮਾਪਦੰਡਾਂ ਅਤੇ ਕਦਰਾਂ-ਕੀਮਤਾਂ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ। ਪਹਿਲੇ ਦਿਨ ਤਿੰਨ ਵਿਸ਼ੇਸ਼ ਸੈਸ਼ਨਾਂ ਦਾ ਆਯੋਜਨ ਕੀਤਾ ਗਿਆ। ਪਹਿਲੇ ਸੈਸ਼ਨ ਨੂੰ ਸੰਬੋਧਨ ਕਰਦਿਆਂ ਵਾਈਸ ਚਾਂਸਲਰ ਪ੍ਰੋ. ਗੁਰਮੇਲ ਸਿੰਘ ਨੇ ਤਲਵੰਡੀ ਸਾਬੋ ਦੀ ਇਤਿਹਾਸਕ ਅਤੇ ਧਾਰਮਿਕ ਮਹੱਤਤਾ ਦੇ ਨਾਲ-ਨਾਲ ਅਕਾਲ ਯੂਨੀਵਰਸਿਟੀ ਦੀ ਸਥਾਪਨਾ, ਇਸ ਦੇ ਮਿਸ਼ਨ ਅਤੇ ਉੱਚ ਸਿੱਖਿਆ ਪ੍ਰਤੀ ਇਸ ਦੀ ਵਚਨਬੱਧਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਚੰਗੀ ਜੀਵਨ-ਜਾਚ, ਨੈਤਿਕ ਕਦਰਾਂ-ਕੀਮਤਾਂ ਅਤੇ ਅਧਿਆਪਕ ਨੂੰ ਸਮਾਜ ਲਈ ਇੱਕ ਰੋਲ ਮਾਡਲ ਵਜੋਂ ਆਪਣੀ ਭੂਮਿਕਾ ਨਿਭਾਉਣ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਇੱਕ ਪ੍ਰਭਾਵਸ਼ਾਲੀ ਅਧਿਆਪਕ ਵਿੱਚ ਡੂੰਘਾ ਵਿਸ਼ਾ-ਗਿਆਨ, ਪ੍ਰਭਾਵਸ਼ਾਲੀ ਸੰਚਾਰ ਕੌਸ਼ਲ, ਖੋਜੀ ਬਿਰਤੀ, ਨਿਰੰਤਰ ਸਿੱਖਣ ਦੀ ਲਗਨ ਅਤੇ ਵਿਦਿਆਰਥੀਆਂ ਪ੍ਰਤੀ ਸਮਰਪਣ ਵਰਗੇ ਗੁਣ ਹੋਣੇ ਬਹੁਤ ਜ਼ਰੂਰੀ ਹਨ। ਉਨ੍ਹਾਂ ਨਵੇਂ ਅਧਿਆਪਕਾਂ ਨੂੰ ਆਪਣੇ ਅਧਿਆਪਨ ਰਾਹੀਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਯੋਗਦਾਨ ਪਾਉਣ ਲਈ ਉਤਸ਼ਾਹਿਤ ਕੀਤਾ। ਦੂਜੇ ਸੈਸ਼ਨ ਵਿੱਚ ਆਈ.ਕਿਊ.ਏ.ਸੀ. ਸੈੱਲ ਦੇ ਡਾਇਰੈਕਟਰ ਡਾ. ਸੁਖਜੀਤ ਸਿੰਘ ਨੇ ਯੂਨੀਵਰਸਿਟੀ ਦੀਆਂ ਅਕਾਦਮਿਕ ਪ੍ਰਕਿਰਿਆਵਾਂ ਅਤੇ ਗੁਣਵੱਤਾ ਮਾਪਦੰਡਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਸਕਾਲਰਸ਼ਿਪ ਪ੍ਰਣਾਲੀ, ਸੋਮਵਾਰ ਟੈਸਟਾਂ ਦੀ ਮਹੱਤਤਾ, ਐੱਮ.ਸੀ.ਕਿਊ. ਪ੍ਰਸ਼ਨਾਂ ਦੀ ਤਿਆਰੀ ਦੇ ਪ੍ਰਭਾਵਸ਼ਾਲੀ ਢੰਗ, ਪ੍ਰਸ਼ਨ ਬੈਂਕ ਤਿਆਰ ਕਰਨ ਦੀ ਪ੍ਰਕਿਰਿਆ, ਵਿਦਿਆਰਥੀਆਂ ਦੀ ਹਾਜ਼ਰੀ ਪ੍ਰਣਾਲੀ ਅਤੇ ਅਨੁਸ਼ਾਸਨ ਨਾਲ ਸਬੰਧਿਤ ਨਿਯਮਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ। ਉਨ੍ਹਾਂ ਅਧਿਆਪਕਾਂ ਨੂੰ ਗੁਣਵੱਤਾ-ਅਧਾਰਿਤ ਅਧਿਆਪਨ ਲਈ ਪ੍ਰੇਰਿਤ ਕੀਤਾ। ਤੀਜੇ ਸੈਸ਼ਨ ਵਿੱਚ ਡੀਨ ਅਕਾਦਮਿਕ ਮੇਜਰ ਜਨਰਲ ਜੀ. ਐੱਸ. ਲਾਂਬਾ ਨੇ ਮੌਜੂਦਾ ਸਮੇਂ ਵਿੱਚ ਅਧਿਆਪਕ ਅਤੇ ਵਿਦਿਆਰਥੀ ਦੇ ਰਿਸ਼ਤੇ ਦੀ ਸੰਵੇਦਨਸ਼ੀਲਤਾ ਅਤੇ ਮਹੱਤਤਾ ਉੱਤੇ ਵਿਸ਼ੇਸ਼ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਇੱਕ ਅਧਿਆਪਕ ਨੂੰ ਹਰ ਸਥਿਤੀ ਵਿੱਚ ਪੇਸ਼ੇਵਰ ਨੈਤਿਕਤਾ, ਪਾਰਦਰਸ਼ਤਾ ਅਤੇ ਸੰਵੇਦਨਸ਼ੀਲਤਾ ਨੂੰ ਕਾਇਮ ਰੱਖਣਾ ਚਾਹੀਦਾ ਹੈ। ਉਨ੍ਹਾਂ ਇਸ ਸਬੰਧੀ ਲੋੜੀਂਦੀਆਂ ਸਾਵਧਾਨੀਆਂ, ਅਧਿਆਪਕ ਦੀਆਂ ਜ਼ਿੰਮੇਵਾਰੀਆਂ ਅਤੇ ਵਿਦਿਆਰਥੀਆਂ ਨਾਲ ਸਿਹਤਮੰਦ ਤੇ ਭਰੋਸੇਯੋਗ ਰਿਸ਼ਤੇ ਦੀ ਅਹਿਮੀਅਤ ਬਾਰੇ ਵਿਚਾਰ ਸਾਂਝੇ ਕੀਤੇ। ਇਸ ਤੋਂ ਇਲਾਵਾ ਉਨ੍ਹਾਂ ਯੂਨੀਵਰਸਿਟੀ ਦੇ ਮੈਂਟਰ ਸਿਸਟਮ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਪ੍ਰਣਾਲੀ ਵਿਦਿਆਰਥੀਆਂ ਦੇ ਅਕਾਦਮਿਕ, ਵਿਅਕਤੀਗਤ ਅਤੇ ਭਾਵਨਾਤਮਕ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਹੈ ਅਤੇ ਅਧਿਆਪਕਾਂ ਨੂੰ ਇਸ ਨੂੰ ਪੂਰੀ ਜ਼ਿੰਮੇਵਾਰੀ ਅਤੇ ਸਮਰਪਣ ਨਾਲ ਲਾਗੂ ਕਰਨਾ ਚਾਹੀਦਾ ਹੈ। ਪ੍ਰੋਗਰਾਮ ਦੇ ਪਹਿਲੇ ਦਿਨ ਦੌਰਾਨ ਨਵੇਂ ਅਧਿਆਪਕਾਂ ਨੇ ਵੱਖ-ਵੱਖ ਸੈਸ਼ਨਾਂ ਵਿੱਚ ਸਰਗਰਮ ਭਾਗ ਲਿਆ ਅਤੇ ਯੂਨੀਵਰਸਿਟੀ ਦੀ ਅਕਾਦਮਿਕ ਸੰਸਕ੍ਰਿਤੀ, ਸਿੱਖਿਆ ਦੀ ਗੁਣਵੱਤਾ ਅਤੇ ਅਧਿਆਪਨ ਨਾਲ ਸਬੰਧਿਤ ਮਹੱਤਵਪੂਰਨ ਪਹਿਲੂਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਹਾਸਲ ਕੀਤੀ। ਇਹ ਦੋ ਰੋਜ਼ਾ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਨਵੇਂ ਅਧਿਆਪਕਾਂ ਨੂੰ ਇੱਕ ਸਮਰੱਥ, ਜ਼ਿੰਮੇਵਾਰ ਅਤੇ ਵਿਦਿਆਰਥੀ-ਕੇਂਦਰਿਤ ਅਧਿਆਪਕ ਵਜੋਂ ਆਪਣੀ ਭੂਮਿਕਾ ਨਿਭਾਉਣ ਲਈ ਮਜ਼ਬੂਤ ਬੁਨਿਆਦ ਪ੍ਰਦਾਨ ਕਰੇਗਾ।

ਆਵਾਜ਼ਿ ਕੌਮ AWAZE QAUM International Newspaper & WEB TV






## ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੰਜਾਬ ਪ੍ਰਤੀ ਪਿਆਰ, ਸਤਿਕਾਰ ਅਤੇ ਵਿਕਾਸ ਪ੍ਰਤੀ ਵਚਨਬੱਧਤਾ ਮੁੜ ਹੋਈ ਸਾਬਤ

# 10 ਹਜ਼ਾਰ ਕਰੋੜ ਤੋਂ ਵੱਧ ਦੇ ਵਿਕਾਸ ਪ੍ਰੋਜੈਕਟ ਪੰਜਾਬ ਦੇ ਸੁਨਹਿਰੇ ਭਵਿੱਖ ਦੀ ਨੀਂਹ: ਪ੍ਰੋ. ਸਰਚਾਂਦ ਸਿੰਘ ਖਿਆਲਾ



ਅੰਮ੍ਰਿਤਸਰ, 18 ਜੁਲਾਈ (ਆਵਾਜ਼ਿ ਕੌਮ ਬਿਊਰੋ)-ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੱਲੋਂ ਪੰਜਾਬ ਅਤੇ ਚੰਡੀਗੜ੍ਹ ਲਈ ਲਗਭਗ 10,000 ਕਰੋੜ ਦੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖੇ ਜਾਣ 'ਤੇ ਉਨ੍ਹਾਂ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਇਹ ਕੇਵਲ ਵਿਕਾਸ ਕਾਰਜਾਂ ਦਾ ਉਦਘਾਟਨ ਨਹੀਂ, ਸਗੋਂ ਪੰਜਾਬ ਦੀ ਤਰੱਕੀ, ਖੁਸ਼ਹਾਲੀ ਅਤੇ ਭਵਿੱਖ ਪ੍ਰਤੀ ਕੇਂਦਰ ਸਰਕਾਰ ਦੀ ਅਟੁੱਟ ਵਚਨਬੱਧਤਾ ਦਾ ਪ੍ਰਤੱਖ ਸਬੂਤ ਹੈ। ਉਨ੍ਹਾਂ ਕਿਹਾ ਕਿ ਪੰਜਾਬ ਲਈ ?5,470 ਕਰੋੜ ਅਤੇ ਚੰਡੀਗੜ੍ਹ ਲਈ ?4,700 ਕਰੋੜ ਤੋਂ ਵੱਧ ਦੇ ਵਿਕਾਸ ਪ੍ਰੋਜੈਕਟਾਂ ਦੀ ਸੌਗਾਤ ਸਪੱਸ਼ਟ ਕਰਦੀ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਪੰਜਾਬ ਨੂੰ ਵਿਕਾਸ ਦੇ ਨਵੇਂ ਦੌਰ ਵਿੱਚ ਲੈ ਜਾਣ ਲਈ ਦ੍ਰਿੜ੍ਹ ਸੰਕਲਪਬੱਧ ਹਨ। ਇਹ ਨਿਵੇਸ਼ ਸੜਕਾਂ, ਰੇਲਵੇ, ਸਿਹਤ, ਸਿੱਖਿਆ ਅਤੇ ਬੁਨਿਆਦੀ ਢਾਂਚੇ ਨੂੰ ਨਵੀਆਂ ਉੱਚਾਈਆਂ 'ਤੇ ਲੈ ਜਾਵੇਗਾ। ਪ੍ਰੋ. ਖਿਆਲਾ ਨੇ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਦੀ ਵੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਕੁਰੂਕਸ਼ੇਤਰ ਵਿਖੇ ਲਗਭਗ ?160 ਕਰੋੜ ਦੀ ਲਾਗਤ ਨਾਲ ਸਥਾਪਿਤ ਕੀਤਾ ਜਾ ਰਿਹਾ ਸਿੱਖ ਅਜਾਇਬ ਘਰ ਭਾਜਪਾ ਸਰਕਾਰ ਦੀ ਸਿੱਖ ਇਤਿਹਾਸ, ਗੁਰੂ ਪਰੰਪਰਾ ਅਤੇ ਸਿੱਖ ਵਿਰਾਸਤ ਪ੍ਰਤੀ ਡੂੰਘੀ ਸ਼ਰਧਾ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਇਸ ਅਜਾਇਬ ਘਰ ਰਾਹੀਂ ਗੁਰੂ ਸਾਹਿਬਾਨ ਦਾ ਜੀਵਨ, ਉਨ੍ਹਾਂ ਦੀਆਂ ਸਿੱਖਿਆਵਾਂ, ਸ਼ਹਾਦਤਾਂ ਅਤੇ ਸਿੱਖ ਸੱਭਿਆਚਾਰ ਦੀ ਮਹਾਨ ਵਿਰਾਸਤ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦਾ ਇਤਿਹਾਸਕ ਉਪਰਾਲਾ ਕੀਤਾ ਗਿਆ ਹੈ। ਪ੍ਰਧਾਨ ਮੰਤਰੀ ਵੱਲੋਂ ਇਹ ਕਹਿਣਾ ਕਿ ਇਹ ਅਜਾਇਬ ਘਰ ਗੁਰੂ ਪਰੰਪਰਾ ਅਤੇ ਗੁਰੂਆਂ ਦੇ ਬਲੀਦਾਨ ਦੇ ਸੰਕਲਪ ਨੂੰ ਅਗਲੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਏਗਾ, ਹਰ ਸਿੱਖ ਲਈ ਮਾਣ ਦੀ ਗੱਲ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਆਪਣੇ ਸੰਬੋਧਨ ਦੌਰਾਨ ਮਹਾਰਾਜਾ ਰਣਜੀਤ ਸਿੰਘ ਦੇ ਖ਼ਾਲਸਾ ਰਾਜ ਨੂੰ ਖੁਸ਼ਹਾਲੀ, ਤਰੱਕੀ ਅਤੇ ਸਭ ਨੂੰ ਨਾਲ ਲੈ ਕੇ ਚੱਲਣ ਵਾਲੇ ਸੁਸ਼ਾਸਨ ਦਾ ਪ੍ਰਤੀਕ ਦੱਸ ਕੇ ਪੰਜਾਬ ਅਤੇ ਸਿੱਖ ਇਤਿਹਾਸ ਨੂੰ ਰਾਸ਼ਟਰੀ ਮੰਚ 'ਤੇ ਸਨਮਾਨ ਦਿੱਤਾ। ਇਸੇ ਤਰ੍ਹਾਂ ਗੁਰਦੁਆਰਾ ਸੁਧਾਰ ਲਹਿਰ ਦੇ ਮਹਾਨ ਨਾਇਕ ਅਮਰ ਸ਼ਹੀਦ ਸਰਦਾਰ ਤੇਜਾ ਸਿੰਘ ਸਮੁੰਦਰੀ ਦੀ ਸ਼ਹੀਦੀ ਸ਼ਤਾਬਦੀ 'ਤੇ ਸ਼ਰਧਾਂਜਲੀ ਭੇਟ ਕਰਕੇ ਉਨ੍ਹਾਂ ਨੇ ਦੇਸ਼ ਪ੍ਰਤੀ ਸਿੱਖ ਕੌਮ ਦੇ ਬਲੀਦਾਨਾਂ ਅਤੇ ਯੋਗਦਾਨ ਨੂੰ ਯਾਦ ਕੀਤਾ, ਜੋ ਸਮੁੱਚੇ ਸਿੱਖ ਭਾਈਚਾਰੇ ਲਈ ਗੌਰਵ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਕਿ ਅੱਜ 20 ਰਾਜਾਂ ਦੇ 75 ਅੰਮ੍ਰਿਤ ਭਾਰਤ ਰੇਲਵੇ ਸਟੇਸ਼ਨਾਂ ਨੂੰ ਜਲੰਧਰ ਤੋਂ ਰਾਸ਼ਟਰ ਨੂੰ ਸਮਰਪਿਤ ਕਰਨਾ ਪੰਜਾਬ ਲਈ ਵਿਸ਼ੇਸ਼ ਮਾਣ ਵਾਲਾ ਪਲ ਹੈ। ਪੰਜਾਬ ਦੇ ਜਲੰਧਰ ਕੈਂਟ, ਫਗਵਾੜਾ, ਪਠਾਨਕੋਟ ਕੈਂਟ ਅਤੇ ਬਟਾਲਾ ਸਟੇਸ਼ਨਾਂ ਦੇ ਪੁਨਰ ਵਿਕਾਸ 'ਤੇ ਲਗਭਗ ?115 ਕਰੋੜ ਖ਼ਰਚ ਕੀਤੇ ਗਏ ਹਨ, ਜਦਕਿ ਸ੍ਰੀ ਅਨੰਦਪੁਰ ਸਾਹਿਬ ਅਤੇ ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ) ਸਮੇਤ ਹੋਰ ਸਟੇਸ਼ਨਾਂ ਦਾ ਕੰਮ ਜਾਰੀ ਹੈ। ਉਨ੍ਹਾਂ ਕਿਹਾ ਕਿ ਇੱਕ ਸਮਾਂ ਸੀ ਜਦੋਂ ਪੰਜਾਬ ਦੇ ਰੇਲਵੇ ਵਿਕਾਸ ਲਈ ਸਾਲਾਨਾ ਨਿਗੂਣਾ ਖ਼ਰਚ ਹੁੰਦੇ ਸਨ, ਪਰ ਅੱਜ ?5,500 ਕਰੋੜ ਹੋ ਚੁੱਕੀ ਹੈ ਅਤੇ ਸੂਬੇ ਵਿੱਚ ?30,000 ਕਰੋੜ ਤੋਂ ਵੱਧ ਦੇ ਰੇਲਵੇ ਪ੍ਰੋਜੈਕਟ ਚੱਲ ਰਹੇ ਹਨ। ਇਹ ਕੇਂਦਰ ਸਰਕਾਰ ਦੀ ਪੰਜਾਬ ਪ੍ਰਤੀ ਗੰਭੀਰਤਾ ਦਾ ਸਪੱਸ਼ਟ ਪ੍ਰਮਾਣ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੰਜਾਬ ਅਤੇ ਸਿੱਖ ਭਾਈਚਾਰੇ ਨਾਲ ਰਿਸ਼ਤਾ ਸਿਰਫ਼ ਰਾਜਨੀਤਿਕ ਨਹੀਂ, ਸਗੋਂ ਭਾਵਨਾਤਮਕ ਅਤੇ ਆਤਮਿਕ ਹੈ। ਉਹ ਹਰ ਮੰਚ ਤੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਸਰਬ-ਸਾਂਝੇ ਸੰਦੇਸ਼, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਬਲੀਦਾਨ, ਸਿੱਖ ਕੌਮ ਦੀਆਂ ਕੁਰਬਾਨੀਆਂ ਅਤੇ ਪੰਜਾਬੀਆਂ ਦੀ ਚੜ੍ਹਦੀ ਕਲਾ ਦਾ ਸਨਮਾਨ ਕਰਦੇ ਆਏ ਹਨ। ਪ੍ਰਧਾਨ ਮੰਤਰੀ ਨੂੰ ਪੰਜਾਬੀਆਂ, ਖ਼ਾਸ ਕਰਕੇ ਨੌਜਵਾਨਾਂ ਦੀ ਸਮਰੱਥਾ, ਮਿਹਨਤ ਅਤੇ ਜਜ਼ਬੇ 'ਤੇ ਪੂਰਾ ਵਿਸ਼ਵਾਸ ਹੈ। ਉਨ੍ਹਾਂ ਦਾ ਇਹ ਸੰਦੇਸ਼ ਕਿ ਪੰਜਾਬ ਹਰ ਮੁਸ਼ਕਲ ਤੋਂ ਬਾਅਦ ਹੋਰ ਮਜ਼ਬੂਤ ਹੋ ਕੇ ਉੱਠਦਾ ਹੈ ਅਤੇ ਗੁਰੂਆਂ, ਪੀਰਾਂ, ਫ਼ਕੀਰਾਂ ਅਤੇ ਸ਼ਹੀਦਾਂ ਦੀ ਧਰਤੀ ਭਾਰਤ ਦੀ ਆਤਮਾ ਹੈ, ਸਮੁੱਚੇ ਪੰਜਾਬ ਲਈ ਮਾਣ ਅਤੇ ਪ੍ਰੇਰਣਾ ਦਾ ਸਰੋਤ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਪੰਜਾਬ ਦੇ ਵਿਕਾਸ ਵਿੱਚ ਕੋਈ ਕਸਰ ਨਹੀਂ ਛੱਡ ਰਹੀ, ਪਰ ਦੁੱਖ ਦੀ ਗੱਲ ਹੈ ਕਿ ਦੂਜੇ ਪਾਸੇ ਪੰਜਾਬ ਵਿੱਚ ਕਾਨੂੰਨ-ਵਿਵਸਥਾ ਦੀ ਸਥਿਤੀ ਚਿੰਤਾਜਨਕ ਬਣੀ ਹੋਈ ਹੈ। ਗੈਂਗਸਟਰਵਾਦ, ਨਸ਼ਾ, ਫਿਰੌਤੀਆਂ ਅਤੇ ਭ੍ਰਿਸ਼ਟਾਚਾਰ ਵਰਗੇ ਗੰਭੀਰ ਮੁੱਦੇ ਸੂਬੇ ਦੀ ਤਰੱਕੀ ਵਿੱਚ ਰੁਕਾਵਟ ਬਣ ਰਹੇ ਹਨ। ਆਮ ਆਦਮੀ ਪਾਰਟੀ ਦੀ ਸਰਕਾਰ ਵਿਕਾਸ ਦੇ ਅਸਲ ਕੰਮ ਕਰਨ ਦੀ ਬਜਾਏ ਸਿਰਫ਼ ਇਸ਼ਤਿਹਾਰਾਂ ਰਾਹੀਂ ਸਫ਼ਲਤਾ ਦਾ ਭਰਮ ਪੈਦਾ ਕਰਨ ਦੀ ਕੋਸ਼ਿਸ਼ ਕਰ ਰਹੀ ਹੈ, ਜਦਕਿ ਜ਼ਮੀਨੀ ਹਕੀਕਤ ਇਸ ਤੋਂ ਬਿਲਕੁਲ ਉਲਟ ਹੈ। ਉਨ੍ਹਾਂ ਕਿਹਾ ਕਿ ਡਬਲ ਇੰਜਣ ਦੀ ਸਰਕਾਰ ਹੀ ਪੰਜਾਬ 'ਚ ਉੱਠ ਰਹੀਆਂ ਚੁਨੌਤੀਆਂ ਦਾ ਹੱਲ ਕੱਢ ਸਕਦੀ ਹੈ। ਅੰਤ ਵਿੱਚ ਪ੍ਰੋ. ਖਿਆਲਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਦੂਰਦਰਸ਼ੀ ਨੇਤ੍ਰਿਤਵ ਹੇਠ ਪੰਜਾਬ ਵਿਕਾਸ, ਬੁਨਿਆਦੀ ਢਾਂਚੇ, ਆਧੁਨਿਕ ਰੇਲਵੇ, ਬਿਹਤਰ ਸੜਕਾਂ, ਸੱਭਿਆਚਾਰਕ ਸਨਮਾਨ ਅਤੇ ਰਾਸ਼ਟਰੀ ਏਕਤਾ ਦੇ ਇੱਕ ਨਵੇਂ ਯੁੱਗ ਵੱਲ ਅੱਗੇ ਵੱਧ ਰਿਹਾ ਹੈ। ਪੰਜਾਬ ਦੇ ਲੋਕ ਇਸ ਵਿਕਾਸਮੁਖੀ ਸੋਚ ਨੂੰ ਕਦੇ ਨਹੀਂ ਭੁੱਲਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

## ਆਮ ਆਦਮੀ ਪਾਰਟੀ ਵੱਲੋਂ ਸਾਢੇ ਚਾਰ ਸਾਲ ਬੀਤਣ ਮਗਰੋਂ ਬੋਰਡਾਂ ਦੇ 108 ਚੇਅਰਮੈਨ ਲਗਾਉਣ 'ਤੇ ਪੱਧਰੀ ਦਾ ਕਟਾਕਸ਼

# ਕਈ ਭਾਈਚਾਰਿਆਂ ਨੂੰ ਅਣਗੌਲਿਆ ਕਰਨਾ ਸਰਕਾਰ ਦੀ ਪੱਖਪਾਤੀ ਸੋਚ ਨੂੰ ਦਰਸਾਉਂਦਾ ਹੈ : ਪੱਧਰੀ



ਅੰਮ੍ਰਿਤਸਰ 17 ਜੁਲਾਈ (ਆਵਾਜ਼ਿ ਕੌਮ ਬਿਊਰੋ)- ਅਕਾਲੀ ਦਲ ਵਾਰਿਸ ਪੰਜਾਬ ਦੇ ਦੇ ਸੂਬਾ ਮੀਡੀਆ ਇੰਚਾਰਜ ਸ਼ਮਸ਼ੇਰ ਸਿੰਘ ਪੱਧਰੀ ਨੇ ਪੰਜਾਬ ਸਰਕਾਰ ਵੱਲੋਂ ਅੱਗਰਵਾਲ ਵੈੱਲਫੇਅਰ ਬੋਰਡ, ਬੈਰਾਗੀ ਵੈੱਲਫੇਅਰ ਬੋਰਡ, ਬਾਜ਼ੀਗਰ ਵੈੱਲਫੇਅਰ ਬੋਰਡ, ਟੱਪਰੀਵਾਸ ਵੈੱਲਫੇਅਰ ਬੋਰਡ ਅਤੇ ਬ੍ਰਾਹਮਣ ਵੈੱਲਫੇਅਰ ਬੋਰਡਾਂ ਦੇ ਵੱਖ-ਵੱਖ ਹਲਕਿਆਂ ਲਈ ਚੇਅਰਮੈਨਾਂ ਦੀਆਂ ਕੀਤੀਆਂ ਨਿਯੁਕਤੀਆਂ ਨੂੰ ਚੋਣਾਂ ਤੋਂ ਪਹਿਲਾਂ ਲੋਕਾਂ ਨੂੰ ਭਰਮਾਉਣ ਦੀ ਕੋਸ਼ਿਸ਼ ਕਰਾਰ ਦਿੱਤਾ ਹੈ। ਸ਼ਮਸ਼ੇਰ ਸਿੰਘ ਪੱਧਰੀ ਨੇ ਕਿਹਾ ਕਿ ਜੇਕਰ ਸਰਕਾਰ ਸੱਚਮੁੱਚ ਇਨ੍ਹਾਂ ਵਰਗਾਂ ਦੇ ਭਲੇ ਲਈ ਵਚਨਬੱਧ ਹੁੰਦੀ ਤਾਂ ਇਹ ਨਿਯੁਕਤੀਆਂ ਆਪਣੇ ਕਾਰਜਕਾਲ ਦੇ ਸ਼ੁਰੂਆਤੀ ਦੌਰ ਵਿੱਚ ਹੀ ਕਰ ਦਿੱਤੀਆਂ ਜਾਂਦੀਆਂ। ਪਰ ਹੁਣ, ਜਦੋਂ ਸਰਕਾਰ ਦਾ ਕਾਰਜਕਾਲ ਸਾਢੇ ਚਾਰ ਸਾਲ ਬੀਤ ਚੁੱਕਾ ਹੈ ਅਤੇ ਚੋਣਾਂ ਦਾ ਸਮਾਂ ਨੇੜੇ ਹੈ, ਉਸ ਵੇਲੇ ਇਹ ਨਿਯੁਕਤੀਆਂ ਕਰਨਾ ਸਿਰਫ਼ ਵੋਟ ਬੈਂਕ ਦੀ ਸਿਆਸਤ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦਾ ਨੌਜਵਾਨ ਬੇਰੁਜ਼ਗਾਰੀ ਨਾਲ ਜੂਝ ਰਿਹਾ ਹੈ, ਨਸ਼ਿਆਂ ਨੇ ਹਜ਼ਾਰਾਂ ਪਰਿਵਾਰਾਂ ਨੂੰ ਪ੍ਰਭਾਵਿਤ ਕੀਤਾ ਹੋਇਆ ਹੈ, ਕਿਸਾਨ, ਮੁਲਾਜ਼ਮ ਅਤੇ ਆਮ ਲੋਕ ਆਪਣੀਆਂ ਹੱਕੀ ਮੰਗਾਂ ਲਈ ਸੜਕਾਂ 'ਤੇ ਸੰਘਰਸ਼ ਕਰ ਰਹੇ ਹਨ, ਪਰ ਸਰਕਾਰ ਨੇ ਇਨ੍ਹਾਂ ਮੁੱਦਿਆਂ ਦੇ ਹੱਲ ਦੀ ਬਜਾਏ ਆਖ਼ਰੀ ਸਮੇਂ 'ਤੇ ਬੋਰਡਾਂ ਦੀਆਂ ਨਿਯੁਕਤੀਆਂ ਕਰਕੇ ਲੋਕਾਂ ਦੀਆਂ ਅੱਖਾਂ ਵਿੱਚ ਧੂੜ ਪਾਉਣ ਦੀ ਕੋਸ਼ਿਸ਼ ਕੀਤੀ ਹੈ। ਸ਼ਮਸ਼ੇਰ ਸਿੰਘ ਪੱਧਰੀ ਨੇ ਕਿਹਾ ਕਿ ਜਾਰੀ ਕੀਤੀ ਗਈ 108 ਨਿਯੁਕਤੀਆਂ ਦੀ ਸੂਚੀ ਨੂੰ ਵੇਖਣ ਨਾਲ ਇੱਕ ਹੋਰ ਗੰਭੀਰ ਗੱਲ ਸਾਹਮਣੇ ਆਉਂਦੀ ਹੈ। ਉਨ੍ਹਾਂ ਕਿਹਾ ਕਿ ਸੂਚੀ ਵਿੱਚ ਸਿੱਖ ਭਾਈਚਾਰੇ ਦੀ ਨੁਮਾਇੰਦਗੀ ਬਹੁਤ ਸੀਮਤ ਨਜ਼ਰ ਆਉਂਦੀ ਹੈ ਅਤੇ ਹੋਰ ਕਈ ਭਾਈਚਾਰਿਆਂ, ਖ਼ਾਸ ਕਰਕੇ ਮੁਸਲਿਮ ਅਤੇ ਮਸੀਹ ਭਾਈਚਾਰੇ ਦੀ ਨੁਮਾਇੰਦਗੀ ਵੀ ਨਜ਼ਰ ਨਹੀਂ ਆਉਂਦੀ ਜਾਂ ਬਹੁਤ ਘੱਟ ਦਿਖਾਈ ਦਿੰਦੀ ਹੈ। ਜੇਕਰ ਨਿਯੁਕਤੀਆਂ ਦਾ ਇਹੀ ਰੂਪ ਹੈ ਤਾਂ ਇਹ ਸਰਕਾਰ ਦੀ ਨੀਤੀ ਉੱਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਾਂਝੀਵਾਲਤਾ, ਭਾਈਚਾਰਕ ਏਕਤਾ ਅਤੇ ਸਭ ਨੂੰ ਨਾਲ ਲੈ ਕੇ ਚੱਲਣ ਦੀ ਧਰਤੀ ਹੈ। ਸਰਕਾਰ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਹਰ ਵਰਗ ਅਤੇ ਹਰ ਭਾਈਚਾਰੇ ਨੂੰ ਯੋਗ ਅਤੇ ਸੰਤੁਲਿਤ ਨੁਮਾਇੰਦਗੀ ਮਿਲੇ। ਕਿਸੇ ਵੀ ਵਰਗ ਨੂੰ ਅਣਗੌਲਿਆ ਮਹਿਸੂਸ ਕਰਵਾਉਣਾ ਲੋਕਤੰਤਰੀ ਭਾਵਨਾ ਦੇ ਉਲਟ ਹੈ ਅਤੇ ਦੂਜਿਆਂ ਭਾਈਚਾਰਿਆਂ ਨਾਲ ਪੱਖਪਾਤ ਦੀ ਅਸੀਂ ਸਖ਼ਤ ਨਿਖੇਧੀ ਕਰਦੇ ਹਾਂ। ਅੰਤ ਵਿੱਚ ਸ਼ਮਸ਼ੇਰ ਸਿੰਘ ਪੱਧਰੀ ਨੇ ਕਿਹਾ ਕਿ ਪੰਜਾਬ ਦੇ ਲੋਕ ਹੁਣ ਸਿਰਫ਼ ਐਲਾਨਾਂ ਅਤੇ ਨਿਯੁਕਤੀਆਂ ਨਾਲ ਪ੍ਰਭਾਵਿਤ ਨਹੀਂ ਹੋਣਗੇ, ਸਗੋਂ ਸਰਕਾਰ ਦੇ ਸਾਢੇ ਚਾਰ ਸਾਲਾਂ ਦੇ ਕੰਮਕਾਜ ਦੇ ਆਧਾਰ 'ਤੇ ਆਪਣਾ ਫ਼ੈਸਲਾ ਕਰਨਗੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਇਸ ਤਰ੍ਹਾਂ ਦੀ ਚੋਣੀ ਸਿਆਸਤ ਅਤੇ ਪੱਖਪਾਤੀ ਰਵੱਈਏ ਨੂੰ ਭਲੀਭਾਂਤ ਸਮਝ ਚੁੱਕੇ ਹਨ ਅਤੇ ਸਮਾਂ ਆਉਣ 'ਤੇ ਇਸ ਦਾ ਲੋਕਤੰਤਰੀ ਜਵਾਬ ਵੀ ਦੇਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਖੇਡਾਂ ਬੱਚਿਆਂ ਨੂੰ ਨਸ਼ਿਆਂ ਤੋਂ ਦੂਰ ਰੱਖਣ 'ਚ ਅਹਿਮ ਭੂਮਿਕਾ ਨਿਭਾਉਂਦੀਆਂ: ਸਰਪੰਚ ਮਿੱਠਾ ਚੰਨਣਕੇ





ਚੌਕ ਮਹਿਤਾ, 17 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਪਿੰਡ ਚੰਨਣਕੇ ਦੀ ਫੁੱਟਬਾਲ ਗਰਾਊਂਡ ਵਿੱਚ ਇਹਨਾਂ ਦਿਨਾਂ ਵਿੱਚ ਖੇਡਾਂ ਪ੍ਰਤੀ ਨੌਜਵਾਨਾਂ ਅਤੇ ਬੱਚਿਆਂ ਦਾ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ, ਹਰ ਰੋਜ਼ ਵੱਡੀ ਗਿਣਤੀ ਵਿੱਚ ਛੋਟੇ ਬੱਚੇ ਅਤੇ ਨੌਜਵਾਨ ਅਭਿਆਸ ਕਰਦੇ ਨਜ਼ਰ ਆ ਰਹੇ ਹਨ। ਅਗਾਂਹਵਧੂ ਚੰਗੀ ਸੋਚ ਦੇ ਮਾਲਕ ਸਰਪੰਚ ਕੁਲਵਿੰਦਰ ਸਿੰਘ ਮਿੱਠਾ ਚੰਨਣਕੇ ਨੇ ਦੱਸਿਆ ਕਿ ਚੰਨਣਕੇ ਦੀ ਗਰਾਊਂਡ ਵਿੱਚ ਬੱਚਿਆਂ ਦੀਆਂ ਫੁੱਟਬਾਲ ਟੀਮਾਂ ਦੇ ਮੈਚ ਕਰਵਾਏ ਜਾਂਦੇ ਹਨ। ਕੋਚ ਜੁਗਰਾਜ ਸਿੰਘ ਸਿੰਘ ਚੰਨਣਕੇ ਵੱਲੋਂ ਬੱਚਿਆਂ ਨੂੰ ਫੁੱਟਬਾਲ ਦੀ ਖੇਡ ਦੀਆਂ ਬਰੀਕੀਆਂ ਸਿਖਾਈਆਂ ਜਾਂਦੀਆਂ ਹਨ। ਇਸ ਦੇ ਨਾਲ-ਨਾਲ ਸੀਨੀਅਰ ਖਿਡਾਰੀਆਂ ਵੱਲੋਂ ਬੱਚਿਆਂ ਨੂੰ ਆਪਣੇ ਮਾਤਾ-ਪਿਤਾ ਅਤੇ ਅਧਿਆਪਕਾਂ ਦਾ ਸਤਿਕਾਰ ਕਰਨਾ, ਅਨੁਸ਼ਾਸਨ ਵਿੱਚ ਰਹਿ ਕੇ ਚੰਗਾ ਜੀਵਨ ਜਿਊਣ ਦੀ ਪ੍ਰੇਰਨਾ ਵੀ ਦਿੱਤੀ ਜਾਂਦੀ ਹੈ। ਕਲੱਬ ਦੇ ਪ੍ਰਧਾਨ ਰਵਿੰਦਰ ਬਾਵਾ ਨੇ ਇਲਾਕਾ ਨਿਵਾਸੀਆਂ ਨੂੰ ਪੁਰਜੋਰ ਅਪੀਲ ਕੀਤੀ ਕਿ ਆਪਣੇ ਬੱਚਿਆਂ ਨੂੰ ਖੇਡਾਂ ਨਾਲ ਜ਼ਰੂਰ ਜੋੜਨ, ਕਿਉਂਕਿ ਖੇਡਾਂ ਬੱਚਿਆਂ ਨੂੰ ਮੋਬਾਇਲ ਦੀ ਲਤ ਅਤੇ ਨਸ਼ਿਆਂ ਦੀ ਬੁਰੀ ਆਦਤ ਤੋਂ ਦੂਰ ਰੱਖਣ ਵਿੱਚ ਅਹਿਮਭੂਮਿਕਾ ਨਿਭਾਉਂਦੀਆਂ ਹਨ ਉਹਨਾ ਦੱਸਿਆ ਕਿ ਗਰਾਊਂਡ ਵਿੱਚ ਫੁੱਟਬਾਲ, ਦੀ ਕੋਚਿੰਗ ਵੀ ਦਿੱਤੀ ਜਾਂਦੀ ਹੈ। ਇਸ ਮੌਕੇ ਸਰਪੰਚ ਕੁਲਵਿੰਦਰ ਸਿੰਘ ਮਿੱਠਾ ਨੇ ਕਿਹਾ ਕਿ ਸਾਡੇ ਹਰਮਨ ਪਿਆਰੇ ਨੇਤਾ ਹਲਕਾ ਇੰਚਾਰਜ ਸ, ਤਲਬੀਰ ਸਿੰਘ ਗਿੱਲ ਨੇ ਸਾਨੂੰ ਬਹੁਤ ਸਹਿਯੋਗ ਦਿੱਤਾ ਹੈ ਖਿਡਾਰੀਆਂ ਨੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਅਤੇ ਸਰਪੰਚ ਕੁਲਵਿੰਦਰ ਸਿੰਘ ਮਿੱਠਾ ਧੰਨਵਾਦ ਕੀਤਾ ਹੈ ਜਿਨ੍ਹਾਂ ਨੇ ਗਰਾਊਂਡ ਦਾ ਬਹੁਤ ਵਿਕਾਸ ਕਰਵਾਇਆ ਹੈ।

# ਇੱਕ ਨਜ਼ਰ ...



## ਬਿਜਲੀ ਦੀਆਂ ਤਾਰਾਂ ਦੀ ਸਪਾਰਕਿੰਗ ਨਾਲ ਕੱਪੜੇ ਦੀ ਦੁਕਾਨ ਦਾ ਵਾਲ ਵਾਲ ਹੋਇਆ ਬਚਾਅ

### ਦੁਕਾਨਦਾਰ ਨੇ ਲਗਾਇਆ ਧਰਨਾ, ਨਗਰ ਕੌਂਸਲ ਅਧਿਕਾਰੀ ਮੌਕੇ ਤੇ ਪਹੁੰਚੇ

ਜੰਡਿਆਲਾ ਗੁਰੂ, 17 ਜੁਲਾਈ (ਕੁਲਵੰਤ ਸਿੰਘ ਵਿਰਦੀ ) ਅੱਤ ਦੀ ਗਰਮੀ ਦੇ ਕਾਰਨ ਬਿਜਲੀ ਦੀਆਂ ਤਾਰਾਂ ਉੱਪਰ ਪੈ ਰਹੇ ਭਾਰੀ ਲੋਡ ਦੇ ਕਾਰਨ ਚੰਡਿਆਲਾ ਗੁਰੂ ਆਏ ਦਿਨ ਬਿਜਲੀ ਦੀ ਤਾਰਾਂ ਨਾਲ ਕੋਈ ਨਾ ਕੋਈ ਹਾਦਸਾ ਹੁੰਦਾ ਆ ਰਿਹਾ ਹੈ ਇਸੇ ਲੜੀ ਦੇ ਤਹਿਤ ਅੱਜ ਬਾਜ਼ਾਰ ਕਸ਼ਮੀਰੀਆਂ ਬਲਜੀਤ ਪਾਲ ਮਿਗਲਾਨੀ ਉਰਫ ਬੱਲੀ ਕੱਪੜੇ ਵਾਲੇ ਦੀ ਦੁਕਾਨ ਦੇ ਨਾਲ ਹੀ ਖੰਬੇ ਉਪਰ ਵਿਸ਼ੇ ਤਾਰਾਂ ਦੇ ਜਾਲ ਵਿੱਚੋਂ ਸਪਾਰਕਿੰਗ ਹੋਣ ਨਾਲ ਦੁਕਾਨ ਦੇ ਬਾਹਰ ਹੀ ਬੈਠੇ ਬੱਲੀ ਦੀ ਪਤਨੀ ਅਤੇ ਇਕ ਦੋ ਹੋਰ ਰਾਹਗੀਰਾਂ ਦੇ ਉੱਪਰ ਕੁਝ ਚੰਗਿਆੜੇ ਪੈਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ ਜਿਨਾਂ ਦਾ ਵਾਲ ਵਾਲ ਬਚਾ ਹੋ ਗਿਆ । ਦੁਕਾਨਦਾਰ ਬਲਜੀਤ ਪਾਲ ਉਰਫ ਬੱਲੀ ਨੇ ਦੱਸਿਆ ਕਿ ਇਹਨਾਂ ਤਾਰਾਂ ਦੇ ਜਾਲ ਸਬੰਧੀ ਅਤੇ ਬਿਜਲੀ ਦੇ ਮੀਟਰਾਂ ਵਾਲੇ ਲੱਗੇ ਬਕਸਿਆਂ ਸਬੰਧੀ ਉਹ ਵਾਰ ਵਾਰ ਬਿਜਲੀ ਬੋਰਡ ਦੇ ਅਧਿਕਾਰੀਆਂ ਨੂੰ ਕਹਿ ਚੁੱਕੇ ਹਨ ਪਰ ਕੋਈ ਮਸਲੇ ਦਾ ਹੱਲ ਨਹੀਂ ਹੋਇਆ ਅਤੇ ਅੱਜ ਉਹਨਾਂ ਨੂੰ ਬਜ਼ਾਰ ਵਿਚ ਧਰਨਾ ਦੇਣ ਲਈ ਮਜਬੂਰ ਹੋਣਾ ਪੈ ਗਿਆ । ਧਰਨੇ ਸਬੰਧੀ ਪਤਾ ਲੱਗਣ ਤੇ ਨਗਰ ਕੌਂਸਲ ਦੇ ਮੀਤ ਪ੍ਰਧਾਨ ਅਮਨ ਵਿਰਕ, ਰਾਜਕੁਮਾਰ ਮਲਹੋਤਰਾ ਸਾਬਕਾ ਪ੍ਰਧਾਨ, ਮਨਜਿੰਦਰ ਸਿੰਘ ਹੈਪੀ ਕੌਂਸਲਰ, ਪ੍ਰਤਾਪ ਸਿੰਘ ਮਲਹੋਤਰਾ ਕੌਂਸਲਰ, ਆਪਣੇ ਸਾਥੀਆਂ ਸਮੇਤ ਮੌਕੇ ਤੇ ਪਹੁੰਚੇ ਅਤੇ ਬਿਜਲੀ ਬੋਰਡ ਦੇ ਕਰਮਚਾਰੀਆਂ ਨੂੰ ਸਥਿਤੀ ਠੀਕ ਕਰਨ ਸਬੰਧੀ ਹਦਾਇਤਾਂ ਦੇ ਕੇ ਬਲਜੀਤ ਪਾਲ ਉਰਫ ਬੱਲੀ ਨੂੰ ਧਰਨੇ ਤੋਂ ਉਠਾ ਦਿੱਤਾ ਗਿਆ।

## ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ ਕੇਂਦਰੀ ਤਨਖਾਹ ਸਕੇਲਾਂ ਵਾਲੇ ਪੱਤਰ ਦੀਆਂ ਕਾਪੀਆਂ ਫੂਕ ਕੇ ਕੀਤੀ ਨਾਅਰੇਬਾਜ਼ੀ



ਸੰਗਰੂਰ, 17 ਜੁਲਾਈ ( ਰਣਜੀਤ ਸਿੰਘ ਪੇਧਨੀ)- ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਵਲੋਂ ਬਣਾਈ ਗਈ ਸਾਂਝੀ ਤਾਲਮੇਲ ਕਮੇਟੀ ਵੱਲੋਂ ਉਲੀਕੇ ਪ੍ਰੋਗਰਾਮ ਤਹਿਤ ਅੱਜ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੁੱਖ ਗੇਟ ਅੱਗੇ ਵੱਖ ਵੱਖ ਵਿਭਾਗਾਂ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ ਪੰਜਾਬ ਸਰਕਾਰ ਵੱਲੋਂ 20/7/2020 ਨੂੰ ਜਾਰੀ ਕੀਤੇ ਕੇਂਦਰੀ ਤਨਖਾਹ ਦੇ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜ ਕੇ ਪੰਜਾਬ ਸਰਕਾਰ ਖਿਲਾਫ ਜਬਰਦਸ਼ਤ ਨਾਅਰੇਬਾਜ਼ੀ ਕੀਤੀ। ਇਸ ਮੌਕੇ ਵੱਡੀ ਗਿਣਤੀ ਵਿੱਚ ਇੱਕਠੇ ਹੋਏ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਸੰਬੋਧਨ ਕਰਦਿਆਂ ਸੁਖਦੇਵ ਸਿੰਘ ਚੰਗਾਲੀਵਾਲਾ, ਫਲਜੀਤ ਸਿੰਘ, ਦਵਿੰਦਰ ਪਸੌਰ, ਗੁਰਪ੍ਰੀਤ ਕੌਰ, ਫਕੀਰ ਸਿੰਘ ਟਿੱਬਾ, ਸਰਬਜੀਤ ਸਿੰਘ ਪੁੰਨਾਵਾਲ, ਸੁਖਵਿੰਦਰ ਗਿਰ, ਦਾਤਾ ਸਿੰਘ ਨਮੋਲ, ਦੇਵੀ ਦਿਆਲ, ਅਵਤਾਰ ਸਿੰਘ ਭਲਵਾਨ, ਅਸ਼ੋਕ ਕੁਮਾਰ, ਵਰਿੰਦਰਜੀਤ ਸਿੰਘ ਬਜਾਜ ਅਤੇ ਜਗਜੀਤ ਸਿੰਘ ਲੱਡਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸੱਤਾਂ ਵਿੱਚ ਆਉਣ ਤੋਂ ਪਹਿਲਾਂ ਜਿਹੜੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨਾਲ਼ ਜੋ ਵਾਅਦੇ ਕੀਤੇ ਸੀ ਉਹਨਾਂ ਨੂੰ ਪੂਰਾ ਕਰਨ ਤੋਂ ਭੱਜ ਗਈ ਹੈ, ਮੁੱਖ ਮੰਤਰੀ ਵਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਹੱਲ ਕਰਨ ਲਈ ਜੱਥੇਬੰਦੀਆਂ ਨਾਲ ਕੋਈ ਵੀ ਮੀਟਿੰਗ ਨਹੀਂ ਕੀਤੀ ਗਈ ਅਤੇ ਚੋਣਾਂ ਤੋਂ ਪਹਿਲਾਂ ਕੀਤੇ ਗਏ ਕਿਸੇ ਵੀ ਵਾਅਦੇ ਨੂੰ ਵਫਾ ਨਹੀਂ ਕੀਤਾ ਗਿਆ। ਆਗੂਆਂ ਨੇ ਕਿਹਾ ਕਿ ਅੱਜ ਦੇ ਦਿਨ ਹੀ 17 ਜੁਲਾਈ 2020 ਨੂੰ ਪੰਜਾਬ ਸਰਕਾਰ ਵਲੋਂ ਨਵੇਂ ਭਰਤੀ ਮੁਲਾਜ਼ਮਾਂ ਤੇ ਕੇਂਦਰੀ ਸਕੇਲ ਲਾਗੂ ਕਰਨ ਦਾ ਪੱਤਰ ਜਾਰੀ ਕੀਤਾ ਸੀ ਆਗੂਆਂ ਨੇ ਸਖਤ ਨਰਾਜ਼ਗੀ ਜਾਹਿਰ ਕਰਦਿਆਂ ਕਿਹਾ ਕਿ ਸਰਕਾਰ ਨੇ ਕੇਂਦਰੀ ਤਨਖਾਹ ਸਕੇਲ ਹੀ ਲਾਗੂ ਕੀਤੇ ਗਏ ਹਨ ਜਦਕਿ ਕੇਂਦਰੀ ਪੈਟਰਨ ਤੇ ਦਿੱਤੇ ਜਾ ਰਹੇ ਭੱਤੇ ਰੋਕ ਲਏ ਹਨ। ਇਸ ਆਮ ਆਦਮੀ ਦੀ ਸਰਕਾਰ ਵਲੋਂ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨਾਲ ਮਤਰੇਈ ਮਾਂ ਵਰਗਾ ਸਲੂਕ ਕੀਤਾ ਜਾ ਰਿਹਾ ਹੈ। ਆਗੂਆਂ ਨੇ ਆਪਣੇ ਸੰਬੋਧਨ ਵਿੱਚ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਦਾ ਨਿਪਟਾਰਾ ਨਾਂ ਕੀਤਾ ਗਿਆ ਤਾਂ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਇਸ ਸਰਕਾਰ ਨੂੰ ਚਲਦਾ ਕਰਨ ਲਈ ਮੁਲਾਜ਼ਮ ਅਤੇ ਪੈਨਸ਼ਨਰ ਨਿਰਣਾਇਕ ਭੂਮਿਕਾ ਨਿਭਾਉਣਗੇ। ਉਹਨਾਂ ਅੱਗੇ ਦੱਸਿਆ ਕਿ 7 ਅਗਸਤ ਨੂੰ ਮੋਹਾਲੀ ਵਿਖੇ ਹੋਣ ਵਾਲੀ ਮਹਾਂ ਰੈਲੀ ਅਤੇ ਰੋਸ ਮੁਜਹਾਰੇ ਵਿਚ ਵੱਡੀ ਗਿਣਤੀ ਵਿਚ ਸ਼ਮੂਲੀਅਤ ਕੀਤੀ ਜਾਵੇਗੀ।ਇਸ ਮੌਕੇ ਮਾਲਵਿੰਦਰ ਸਿੰਘ ਸੰਧੂ, ਕੁਲਵਿੰਦਰ ਸਿੰਘ ਢਿੱਲੋਂ, ਰਘਵੀਰ ਸਿੰਘ ਭਵਾਨੀਗੜ, ਜਸਵੀਰ ਸਿੰਘ ਗਿੱਲ, ਅਮਨਦੀਪ ਕੌਰ, ਅੰਮ੍ਰਿਤਪਾਲ ਸਿੰਘ, ਜਗਜੀਤ ਸਿੰਘ ਭੱਠਲ, ਸੇਰਾ ਸਿੰਘ ਰਾਮਗੜ, ਵਿਕਰਮਜੀਤ ਸਿੰਘ, ਬੱਗਾ ਸਿੰਘ, ਨਿਰਮਲ ਸਿੰਘ, ਅਮਨ ਵਸ਼ਿਸ਼ਟ, ਸਤਨਾਮ ਸਿੰਘ, ਬਾਲਦੇਵ ਬਡਰੁੱਖਾਂ, ਅਮਰਪਾਲ ਸਿੰਘ ਆਦਿ ਆਗੂ ਵੀ ਹਾਜਰ ਸਨ।

## ਜੁਆਇੰਟ ਫੋਰਮ ਤੇ ਏਕਤਾ ਮੰਚ ਦੇ ਸੱਦੇ ਤੇ ਮੁਲਾਜ਼ਮਾਂ ਕੀਤੀ ਗੇਟ ਰੈਲੀ

ਫ਼ਿਰੋਜ਼ਪੁਰ, 17 ਜੁਲਾਈ (ਮਨੋਹਰ ਲਾਲ) : ਪੀ.ਐਸ.ਈ.ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਦੇ ਬਿਜਲੀ ਕਾਮਿਆਂ ਨੇ ਸ਼ਹਿਰੀ ਮੰਡਲ ਫ਼ਿਰੋਜ਼ਪੁਰ ਦੇ ਗੇਟ ਸਾਹਮਣੇ ਆਪਣੀਆਂ ਮੰਗਾਂ ਨੂੰ ਲੈ ਕੇ ਸਬ ਅਰਬਨ ਮੰਡਲ ਫ਼ਿਰੋਜ਼ਪੁਰ ਅਤੇ ਸ਼ਹਿਰੀ ਮੰਡਲ ਫ਼ਿਰੋਜ਼ਪੁਰ ਦੇ ਬਿਜਲੀ ਮੁਲਾਜ਼ਮਾਂ ਨੇ ਵੱਡੀ ਗਿਣਤੀ ਵਿਚ ਗੇਟ ਰੈਲੀ ਕੀਤੀ ਗਈ। ਇਸ ਗੇਟ ਰੈਲੀ ਦੀ ਪ੍ਰਧਾਨਗੀ ਰਕੇਸ਼ ਸੈਣੀ ਵੱਲੋਂ ਕੀਤੀ ਗਈ ਅਤੇ ਸਟੇਜ਼ ਦੀ ਕਾਰਵਾਈ ਸਤੀਸ਼ ਕੁਮਾਰ ਸਕੱਤਰ ਸਬ ਅਰਬਨ ਮੰਡਲ ਵੱਲੋਂ ਚਲਾਈ ਗਈ। ਇਸ ਗੇਟ ਰੈਲੀ ਨੂੰ ਸੰਬੋਧਨ ਕਰਦੇ ਹੋਏ ਆਗੂ ਸਾਥੀ ਰਕੇਸ਼ ਸੈਣੀ, ਸਤੀਸ਼ ਕੁਮਾਰ, ਅਸ਼ਵਨੀ ਕੁਮਾਰ, ਰੋਸ਼ਨ ਲਾਲ, ਪ੍ਰਦੀਪ, ਰਨਵੀਰ ਸਿੰਘ, ਬਲਵੰਤ ਬਿੱਟੂ, ਰਜੇਸ਼ ਦੱਤਾ, ਨੰਦ ਲਾਲ ਤੇ ਸਾਥੀਆਂ ਨੇ ਕਿਹਾ ਕਿ 17.07.2020 ਦਾ ਪੱਤਰ ਰੱਦ ਕੀਤਾ ਜਾਵੇ, 18 ਫੀਸਦੀ ਡੀ.ਏ ਜਾਰੀ ਕੀਤਾ ਜਾਵੇ, ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ, ਕੱਚੇ ਕਾਮੇ ਪੱਕੇ ਕੀਤੀ ਜਾਣ, ਪਾਰਟ ਕਾਮਿਆਂ ਨੂੰ 30 ਸਾਲ ਤੋਂ ਕੰਮ ਕਰ ਰਹੇ ਮੁਲਾਜ਼ਮਾਂ ਨੂੰ ਪੱਕੇ ਕੀਤੇ ਜਾਣ। ਰੋਹ ਜ਼ਾਹਿਰ ਕਰਦਿਆਂ ਮੁਲਾਜ਼ਮਾਂ ਨੇ ਕਿਹਾ ਕਿ ਜੇਕਰ ਬਿਜਲੀ ਕਰਮਚਾਰੀਆਂ ਦੀਆਂ ਮੰਗਾਂ ਨਾ ਮੰਨੀਆਂ ਤਾਂ ਬਿਜਲੀ ਕਰਮਚਾਰੀਆਂ ਵੱਲੋਂ 21 ਅਤੇ 22 ਜੁਲਾਈ 2026 ਨੂੰ ਦੋ ਦਿਨਾਂ ਦੀ ਛੁੱਟੀ ਤੇ ਜਾਣਗੇ, ਜਿਸ ਦੀ ਸਾਰੀ ਜਿੰਮੇਵਾਰੀ ਪੰਜਾਬ ਸਰਕਾਰ ਅਤੇ ਪਾਵਰਕੌਮ ਮੈਨੇਜਮੈਂਟ ਦੀ ਹੋਵੇਗੀ।

# ਐੱਸ.ਆਈ.ਆਰ ਸਬੰਧੀ ਜ਼ਿਲ੍ਹੇ ਦੇ ਸਾਰੇ ਪੋਲਿੰਗ ਸਟੇਸ਼ਨਾਂ ’ਤੇ 19 ਜੁਲਾਈ ਨੂੰ ਵਿਸ਼ੇਸ਼ ਕੈਂਪ

### ਕੈਂਪ ਦੌਰਾਨ ਯੋਗ ਵੋਟਰ ਆਪਣੇ ਐਨਿਊਮਰੇਸ਼ਨ ਫਾਰਮ ਬੂਥ ਲੈਵਲ ਅਫਸਰ ਕੋਲ ਜਮ੍ਹਾਂ ਕਰਵਾ ਸਕਣਗੇ



ਬਠਿੰਡਾ, 17 ਜੁਲਾਈ (ਗੁਰਜੰਟ ਸਿੰਘ ਨਥੇਹਾ)- ਮੁੱਖ ਚੋਣ ਅਫ਼ਸਰ, ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵੋਟਰ ਸੂਚੀ ਦੀ ਵਿਸ਼ੇਸ਼ ਗਹਿਰੀ ਸੁਧਾਈ (ਐਸ.ਆਈ.ਆਰ) 2026 ਤਹਿਤ ਜ਼ਿਲ੍ਹਾ ਬਠਿੰਡਾ ਦੇ ਹੇਠ ਆਉਂਦੇ 6 ਵਿਧਾਨ ਸਭਾ ਚੋਣ ਹਲਕਿਆਂ ਬਠਿੰਡਾ ਸ਼ਹਿਰੀ, ਬਠਿੰਡਾ ਦਿਹਾਤੀ, ਰਾਮਪੁਰਾ, ਤਲਵੰਡੀ, ਮੌੜ ਅਤੇ ਬਠਿੰਡਾ ਦੇ ਸਾਰੇ ਪੋਲਿੰਗ ਸਟੇਸ਼ਨਾਂ ’ਤੇ ਮਿਤੀ 19 ਜੁਲਾਈ, 2026 ਦਿਨ ਐਤਵਾਰ ਨੂੰ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ।ਇਹ ਜਾਣਕਾਰੀ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ, ਬਠਿੰਡਾ ਸ਼੍ਰੀ ਰਾਜੇਸ਼ ਧੀਮਾਨ ਨੇ ਸਾਂਝੀ ਕਰਦਿਆਂ ਦੱਸਿਆ ਕਿ ਇਹ ਵਿਸ਼ੇਸ਼ ਕੈਂਪ ਜ਼ਿਲ੍ਹੇ ਦੇ ਸਾਰੇ ਪੋਲਿੰਗ ਬੂਥਾਂ ’ਤੇ ਸਵੇਰੇ 8:00 ਵਜੇ ਤੋਂ ਦੁਪਹਿਰ 2:00 ਵਜੇ ਤਕ ਲਗਾਏ ਜਾਣਗੇ, ਜਿੱਥੇ ਸਮੂਹ ਬੂਥ ਲੈਵਲ ਅਫ਼ਸਰ (ਬੀਐਲਓ) ਆਪਣੇ ਸਬੰਧਤ ਪੋਲਿੰਗ ਬੂਥ ’ਤੇ ਨਿੱਜੀ ਤੌਰ ’ਤੇ ਹਾਜ਼ਰ ਰਹਿਣਗੇ। ਇਸ ਦੌਰਾਨ ਯੋਗ ਵੋਟਰ ਆਪਣੇ ਐਨਿਊਮਰੇਸ਼ਨ ਫਾਰਮ ਆਪਣੇ ਬੂਥ ਲੈਵਲ ਅਫਸਰ (ਬੀਐਲਓ) ਕੋਲ ਜਮ੍ਹਾਂ ਕਰਵਾ ਸਕਣਗੇ ਅਤੇ ਬੂਥ ਲੈਵਲ ਅਫਸਰ ਆਪਣੇ ਐਪ ਵਿੱਚ ਪਹਿਲਾਂ ਜਮ੍ਹਾਂ ਹੋਏ ਫਾਰਮਾਂ ਦੀ ਡਿਜੀਟਾਈਜ਼ੇਸ਼ਨ ਦਾ ਕੰਮ ਤੇਜ਼ੀ ਨਾਲ ਮੁਕੰਮਲ ਕਰਨਗੇ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਜਿਨ੍ਹਾਂ ਬੀ.ਐੱਲ.ਓਜ਼ ਵੱਲੋਂ 100 ਫੀਸਦੀ ਡਿਜੀਟਾਈਜ਼ੇਸ਼ਨ ਕੀਤੀ ਜਾ ਚੁੱਕੀ ਹੈ, ਉਹ ਬੀ.ਐੱਲ.ਏਜ਼ ਨਾਲ ਮੀਟਿੰਗਾਂ ਕਰਨਗੇ ਅਤੇ ਰਿਕਾਰਡ ਵਿੱਚ ਮੌਜੂਦ ਤਰੁੱਟੀਆਂ ਨੂੰ ਦੂਰ ਕਰਨ ’ਤੇ ਧਿਆਨ ਦੇਣਗੇ। ਜਿਨ੍ਹਾਂ ਬੂਥਾਂ ’ਤੇ ਫਾਰਮਾਂ ਦੀ ਡਿਜੀਟਾਈਜ਼ੇਸ਼ਨ ਬਾਕੀ ਹੈ, ਉੱਥੇ ਇਕੱਤਰ ਕੀਤੇ ਗਏ ਫਾਰਮਾਂ ਨੂੰ ਤੁਰੰਤ ਡਿਜੀਟਾਈਜ਼ ਕਰਨ ਦੇ ਨਾਲ-ਨਾਲ ਬਾਕੀ ਰਹਿੰਦੇ ਫਾਰਮ ਵੀ ਇਕੱਤਰ ਕੀਤੇ ਜਾਣਗੇ। ਘੱਟ ਪ੍ਰਤੀਸ਼ਤਤਾ ਵਾਲੇ ਬੂਥਾਂ ’ਤੇ ਫਾਰਮਾਂ ਦੀ ਇਕੱਤਰਤਾ ਅਤੇ ਡਿਜੀਟਾਈਜ਼ੇਸ਼ਨ ਦਾ ਕੰਮ ਇੱਕੋ ਸਮੇਂ ਚਲਾਇਆ ਜਾਵੇਗਾ। ਉਨ੍ਹਾਂ ਨੇ ਸਮੂਹ ਯੋਗ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ 19 ਜੁਲਾਈ 2026 ਦਿਨ ਐਤਵਾਰ ਨੂੰ ਆਪਣੇ ਨੇੜਲੇ ਪੋਲਿੰਗ ਸਟੇਸ਼ਨ ’ਤੇ ਪਹੁੰਚ ਕੇ ਐਨਿਊਮਰੇਸ਼ਨ ਫਾਰਮ ਜਮ੍ਹਾਂ ਕਰਵਾਉਣ ਅਤੇ ਵੋਟਰ ਸੂਚੀ ਦੀ ਇਸ ਮਹੱਤਵਪੂਰਨ ਪ੍ਰਕਿਰਿਆ ਨੂੰ ਸਫਲ ਬਣਾਉਣ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਦਾ ਸਹਿਯੋਗ ਕਰਨ। ਇਸ ਦੇ ਨਾਲ ਹੀ ਉਨ੍ਹਾਂ ਸਮੂਹ ਰਾਜਨੀਤਿਕ ਪਾਰਟੀਆਂ ਅਤੇ ਬੂਥ ਲੈਵਲ ਏਜੰਟਾਂ ਨੂੰ ਵੀ ਅਪੀਲ ਕੀਤੀ ਕਿ ਵੱਧ ਤੋਂ ਵੱਧ ਯੋਗ ਵੋਟਰਾਂ ਨੂੰ ਇਸ ਵਿਸ਼ੇ ਕੈਂਪ ਵਿੱਚ ਸ਼ਾਮਲ ਹੋਣ ਲਈ ਪ੍ਰੇਰਿਤ ਕੀਤਾ ਜਾਵੇ।

# ਅਮ੍ਰਿਤਸਰ ਹਰਿਆਵਲ ਮੰਚ ਵਲੋਂ ਐਸਟੀਪੀ ਖਾਪੜ ਖੇੜੀ ਵਿਖੇ ਮਿਨੀ ਫੌਰੈਸਟ ਲਗਾਉਣ ਲਈ ਵਾਤਾਵਰਣ ਪ੍ਰੇਮੀਆਂ ਨੂੰ ਸਹਿਯੋਗ ਦੀ ਅਪੀਲ: ਇੰਜ ਦਲਜੀਤ ਸਿੰਘ ਕੋਹਲੀ



ਚੌਕ ਮਹਿਤਾ, 17 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)- ਵਾਤਾਵਰਣ ਸੰਭਾਲ ਅਤੇ ਹਰਿਆਲੀ ਵਧਾਉਣ ਦੇ ਉਦੇਸ਼ ਨਾਲ ਅਮ੍ਰਿਤਸਰ ਹਰਿਆਵਲ ਮੰਚ ਵੱਲੋਂ ਖਾਪੜਖੇੜੀ ਸੀਵਰੇਜ ਟ੍ਰੀਟਮੈਂਟ ਪਲਾਂਟ ਵਿਖੇ ਮਿਨੀ ਫੌਰੈਸਟ ਸਥਾਪਤ ਕਰਨ ਲਈ ਸੰਤ ਬਾਬਾ ਸੇਵਾ ਸਿੰਘ ਜੀ ਖਡੂਰ ਸਾਹਿਬ ਵਾਲਿਆਂ ਅਤੇ ਸਬੰਧਤ ਮਹਿਕਮੇ ਦੇ ਸਹਿਯੋਗ ਨਾਲ ਮਿਲਕੇ ਇਹ ਮਹੱਤਵਪੂਰਨ ਪਹਿਲ ਕੀਤੀ ਜਾ ਰਹੀ ਹੈ। ਸੰਤ ਬਾਬਾ ਸੇਵਾ ਸਿੰਘ ਜੀ ਖਡੂਰ ਸਾਹਿਬ ਵਾਲੇ ਜੋ ਕਿ ਵਾਤਾਵਰਨ ਦੀ ਸ਼ੁੱਧਤਾ ਲਈ ਪਹਿਲਾਂ ਹੀ ਬਹੁਤ ਵੱਡੇ ਵੱਡੇ ਕਾਰਜ ਕਰਕੇ ਮਨੁਖਤਾ ਦੀ ਸੇਵਾ ਕਰ ਰਹੇ ਹਨ , ਉਨ੍ਹਾਂ ਵਲੋਂ ਇਸ ਪ੍ਰੋਜੈਕਟ ਨੂੰ ਨੇਪਰੇ ਚਾੜਨ ਲਈ ਹਰ ਤਰ੍ਹਾਂ ਦਾ ਸਹਿਯੋਗ ਦਾ ਆਸ਼ੀਰਵਾਦ ਮਿਲ ਗਿਆ ਹੈ। ਇੰਜ ਮਨਜੀਤ ਸਿੰਘ ਸੈਣੀ ਵੱਲੋਂ ਸਮੂਹ ਵਾਤਾਵਰਣ ਪ੍ਰੇਮੀਆਂ, ਸਮਾਜ ਸੇਵੀ ਸੰਸਥਾਵਾਂ, ਧਾਰਮਿਕ ਸੰਸਥਾਵਾਂ, ਦਾਨੀ ਸੱਜਣਾਂ ਅਤੇ ਕੁਦਰਤ ਨਾਲ ਪਿਆਰ ਕਰਨ ਵਾਲੇ ਨਾਗਰਿਕਾਂ ਨੂੰ ਇਸ ਮੁਹਿੰਮ ਨਾਲ ਜੁੜਨ ਦੀ ਅਪੀਲ ਕੀਤੀ ਗਈ ਹੈ।ਇੰਜ ਦਲਜੀਤ ਸਿੰਘ ਕੋਹਲੀ ਨੇ ਕਿਹਾ ਕਿ ਧਰਤੀ ਉੱਤੇ ਸੰਤੁਲਿਤ ਵਾਤਾਵਰਣ ਲਈ ਘੱਟੋ-ਘੱਟ 33 ਤੋਂ 35 ਫੀਸਦੀ ਗ੍ਰੀਨ ਕਵਰ ਦੀ ਲੋੜ ਮੰਨੀ ਜਾਂਦੀ ਹੈ, ਜਦਕਿ ਪੰਜਾਬ ਵਿੱਚ ਇਹ ਅੰਕੜਾ ਬਹੁਤ ਘੱਟ ਕੇਵਲ 3-4 ਫ਼ੀਸਦੀ ਹੈ। ਇਸ ਘਾਟ ਨੂੰ ਪੂਰਾ ਕਰਨ ਲਈ ਵੱਡੇ ਪੱਧਰ ’ਤੇ ਰੁੱਖ ਲਗਾਉਣ ਅਤੇ ਉਨ੍ਹਾਂ ਦੀ ਸੰਭਾਲ ਕਰਨ ਦੀ ਲੋੜ ਹੈ। ਇੰਜ ਕੋਹਲੀ ਨੇ ਕਿਹਾ ਕਿ ਮਿੰਨੀ ਫੌਰੈਸਟ ਇਸ ਦਿਸ਼ਾ ਵਿੱਚ ਇੱਕ ਪ੍ਰਭਾਵਸ਼ਾਲੀ ਕਦਮ ਸਾਬਤ ਹੋ ਸਕਦੇ ਹਨ।ਸ੍ਰੀ ਮਨਦੀਪ ਸਿੰਘ ਅਤੇ ਡਾ ਨਿਰਮਲ ਸਿੰਘ ਆਨੰਦ ਨੇ ਦਸਿਆ ਕਿ ਅਮ੍ਰਿਤਸਰ ਹਰਿਆਵਲ ਮੰਚ ਵੱਲੋਂ ਪਿਛਲੇ ਸਮੇਂ ਦੌਰਾਨ ਅੰਮ੍ਰਿਤਸਰ ਅਤੇ ਇਸ ਨਾਲ ਲੱਗਦੇ ਖੇਤਰਾਂ ਵਿੱਚ 33 ਦੇ ਕਰੀਬ ਅਤੇ ਇਸ ਤੋਂ ਇਲਾਵਾ ਜਲੰਧਰ ਅਤੇ ਪਟਿਆਲਾ ਸਮੇਤ ਕਈ ਥਾਵਾਂ ’ਤੇ ਮਿਨੀ ਜੰਗਲਾਂ ਦੀ ਸਥਾਪਨਾ ਲਈ ਯੋਗਦਾਨ ਦਿੱਤਾ ਗਿਆ ਹੈ। ਉਨ੍ਹਾਂ ਮਹਿਕਮਾ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਦੇ ਉਚ ਅਧਿਕਾਰੀਆਂ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ, ਜਿੰਨਾ ਵਲੋਂ ਅੰਮ੍ਰਿਤਸਰ ਹਰਿਆਵਲ ਮੰਚ ਐਨ ਜੀ ਓ ਦੀ ਕਾਬਲੀਅਤ ਨੂੰ ਪਛਾਣ ਕੇ ਐਸ ਟੀ ਪੀ ਖਾਪੜ ਖੇੜੀ ਵਿਖੇ ਮਿੰਨੀ ਜੰਗਲ ਲਗਾਉਣ ਦੀ ਸੇਵਾ ਝੋਲੀ ਪਾਈ ਹੈ। ਸ੍ਰ ਅਵਤਾਰ ਸਿੰਘ ਬੁੱਟਰ ਅਤੇ ਡਾ ਇਕਬਾਲ ਸਿੰਘ ਤੁੰਗ ਦਾ ਮੰਨਣਾ ਹੈ ਕਿ ਜੇਕਰ ਸਮਾਜ ਦੇ ਹਰ ਵਰਗ ਦਾ ਸਹਿਯੋਗ ਮਿਲੇ ਤਾਂ ਆਉਣ ਵਾਲੇ ਸਾਲਾਂ ਵਿੱਚ ਹਰਿਆਲੀ ਵਧਾਉਣ ਦੇ ਵੱਡੇ ਟੀਚੇ ਹਾਸਲ ਕੀਤੇ ਜਾ ਸਕਦੇ ਹਨ। ਇੰਜ ਦਲਜੀਤ ਸਿੰਘ ਕੋਹਲੀ ਅਤੇ ਕਿਰਪਾਲ ਸਿੰਘ ਬੱਬਰ ਨੇ ਕਿਹਾ ਕਿ ਆਲਮੀ ਜਲਵਾਯੂ ਤਬਦੀਲੀਆਂ ਅੱਜ ਪੂਰੀ ਮਨੁੱਖਤਾ ਸਾਹਮਣੇ ਗੰਭੀਰ ਚੁਣੌਤੀ ਬਣ ਚੁੱਕੀਆਂ ਹਨ। ਰੁੱਖ ਹੀ ਉਹ ਕੁਦਰਤੀ ਸਾਧਨ ਹਨ ਜੋ ਵਾਤਾਵਰਣ ਵਿੱਚੋਂ ਕਾਰਬਨ ਡਾਈਆਕਸਾਈਡ ਨੂੰ ਸੋਖ ਕੇ ਆਕਸੀਜਨ ਦੀ ਮਾਤਰਾ ਵਧਾਉਂਦੇ ਹਨ। ਇਸ ਲਈ ਵੱਧ ਤੋਂ ਵੱਧ ਰੁੱਖ ਲਗਾ ਕੇ ਅਸੀਂ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ਼-ਸੁਥਰਾ ਅਤੇ ਸਿਹਤਮੰਦ ਵਾਤਾਵਰਣ ਯਕੀਨੀ ਬਣਾ ਸਕਦੇ ਹਾਂ। ਸੰਸਥਾ ਦੇ ਚੇਅਰਮੈਨ ਦਵਿੰਦਰਪਾਲ ਸਿੰਘ, ਇੰਜ ਗੁਰਦਿਆਲ ਸਿੰਘ ਨੇ ਸਮਾਜ ਦੇ ਹਰ ਵਰਗ ਨੂੰ ਇਸ ਮੁਹਿੰਮ ਵਿੱਚ ਸਰੀਰਕ, ਨੈਤਿਕ ਅਤੇ ਆਰਥਿਕ ਸਹਿਯੋਗ ਦੇਣ ਦੀ ਅਪੀਲ ਕਰਦਿਆਂ ਕਿਹਾ ਕਿ ਵੱਡੇ ਵਾਤਾਵਰਣੀ ਪ੍ਰੋਜੈਕਟ ਲੋਕਾਂ ਦੇ ਸਾਂਝੇ ਯਤਨਾਂ ਨਾਲ ਹੀ ਸਫਲ ਹੁੰਦੇ ਹਨ। ਉਨ੍ਹਾਂ ਸੰਤ ਬਾਬਾ ਸੇਵਾ ਸਿੰਘ ਜੀ ਖਡੂਰ ਸਾਹਿਬ, ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ, ਸਹਿਯੋਗੀ ਸੱਜਣਾਂ ਅਤੇ ਵਾਤਾਵਰਣ ਪ੍ਰੇਮੀਆਂ ਵੱਲੋਂ ਮਿਲ ਰਹੇ ਸਹਿਯੋਗ ਲਈ ਧੰਨਵਾਦ ਵੀ ਪ੍ਰਗਟ ਕੀਤਾ ਇੰਜ ਦਲਜੀਤ ਸਿੰਘ ਕੋਹਲੀ ਨੇ ਅਪੀਲ ਕੀਤੀ ਕਿ ਆਓ, ਅਸੀਂ ਸਾਰੇ ਰਲ ਮਿਲ ਕੇ ਧਰਤੀ ਨੂੰ ਬੂਟਿਆਂ ਨਾਲ ਸ਼ਿੰਗਾਰ ਦੇਈਏ, ਹਰਿਆਲੀ ਵਧਾਈਏ ਅਤੇ ਵਾਤਾਵਰਣ ਸੁਰੱਖਿਆ ਦੀ ਇਸ ਮੁਹਿੰਮ ਨੂੰ ਜਨ ਅੰਦੋਲਨ ਬਣਾਈਏ।

# ਅਸ਼ੋਕ ਸਚਦੇਵਾ ਦੇ ਸਿਰ ਸਜਿਆ ਫ਼ਿਰੋਜ਼ਪੁਰ ਨਗਰ ਕੌਂਸਲ ਦੀ ਪ੍ਰਧਾਨਗੀ ਦਾ ਤਾਜ, ਸਮਰਥਕਾਂ ਵਿੱਚ ਖ਼ੁਸ਼ੀ ਦੀ ਲਹਿਰ

### ਲੰਬੀ ਸਿਆਸੀ ਖਿੱਚੋਤਾਣ ਤੋਂ ਬਾਅਦ ਕਾਂਗਰਸੀ ਕੌਂਸਲਰ ਬਣੇ ਨਵੇਂ ਪ੍ਰਧਨ, ਸਾਬਕਾ ਵਿਧਾਇਕ ਪਿੰਕੀ ਨੇ ਦਿੱਤੀ ਮੁਬਾਰਕਬਾਦ




ਫ਼ਿਰੋਜ਼ਪੁਰ, 17 ਜੁਲਾਈ (ਮਨੋਹਰ ਲਾਲ) : ਨਗਰ ਕੌਂਸਲ ਦੇ ਨਵੇਂ ਪ੍ਰਧਾਨ ਦੀ ਚੋਣ ਨੂੰ ਲੈ ਕੇ ਪਿਛਲੇ ਕਈ ਦਿਨਾਂ ਤੋਂ ਚੱਲ ਰਹੀ ਸਿਆਸੀ ਖਿੱਚੋਤਾਣ ਅਤੇ ਗਹਿਮਾ ਗਹਿਮੀ ਆਖ਼ਰਕਾਰ ਖ਼ਤਮ ਹੋ ਗਈ ਹੈ। ਲੰਬੀ ਜੱਦੋ ਜਹਿਦ, ਸਿਆਸੀ ਜੋੜ ਤੋੜ ਅਤੇ ਕਈ ਦੌਰ ਦੀਆਂ ਬੈਠਕਾਂ ਤੋਂ ਬਾਅਦ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਅਤੇ ਕੌਂਸਲਰ ਅਸ਼ੋਕ ਸਚਦੇਵਾ ਦੇ ਨਾਂ ਤੇ ਆਖਿਰ ਸਹਿਮਤੀ ਬਣ ਗਈ। ਇਸ ਸਹਿਮਤੀ ਤੋਂ ਬਾਅਦ ਉਨ੍ਹਾਂ ਨੂੰ ਰਸਮੀ ਤੌਰ ਤੇ ਨਗਰ ਕੌਂਸਲ ਦਾ ਨਵਾਂ ਪ੍ਰਧਾਨ ਚੁਣ ਲਿਆ ਗਿਆ ਹੈ। ਇਸ ਐਲਾਨ ਦੇ ਨਾਲ ਹੀ ਫ਼ਿਰੋਜ਼ਪੁਰ ਸ਼ਹਿਰ ਦੀ ਸਿਆਸਤ ਵਿੱਚ ਇੱਕ ਨਵਾਂ ਮੋੜ ਆ ਗਿਆ ਹੈ ਅਤੇ ਕਾਂਗਰਸ ਖੇਮੇ ਵਿੱਚ ਜਸ਼ਨ ਦਾ ਮਾਹੌਲ ਹੈ। ਜਿਵੇਂ ਹੀ ਅਸ਼ੋਕ ਸਚਦੇਵਾ ਦੇ ਪ੍ਰਧਾਨ ਬਣਨ ਦੀ ਖ਼ਬਰ ਸਾਹਮਣੇ ਆਈ ਸ਼ਹਿਰ ਦੇ ਸਿਆਸੀ ਗਲਿਆਰਿਆਂ ਵਿੱਚ ਹਲਚਲ ਤੇਜ਼ ਹੋ ਗਈ। ਉਨ੍ਹਾਂ ਦੇ ਸਮਰਥਕਾਂ ਅਤੇ ਕਾਂਗਰਸੀ ਵਰਕਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਸਮਰਥਕਾਂ ਨੇ ਢੋਲ ਧਮਾਕਿਆਂ ਦੀ ਥਾਪ ਤੇ ਨੱਚ ਕੇ ਅਤੇ ਇੱਕ ਦੂਜੇ ਦਾ ਮੂੰਹ ਮਿੱਠਾ ਕਰਵਾ ਕੇ (ਲੱਡੂ ਵੰਡ ਕੇ) ਇਸ ਜਿੱਤ ਦਾ ਸ਼ਾਨਦਾਰ ਜਸ਼ਨ ਮਨਾਇਆ। ਨਵੇਂ ਚੁਣੇ ਗਏ ਪ੍ਰਧਾਨ ਦੇ ਗ੍ਰਹਿ ਵਿਖੇ ਸਵੇਰ ਤੋਂ ਹੀ ਵਧਾਈਆਂ ਦੇਣ ਵਾਲੇ ਲੋਕਾਂ ਦਾ ਭਾਰੀ ਤਾਂਤਾ ਲੱਗਿਆ ਰਿਹਾ, ਜਿਸ ਵਿੱਚ ਕਾਂਗਰਸੀ ਵਰਕਰਾਂ ਤੋਂ ਇਲਾਵਾ ਸ਼ਹਿਰ ਦੇ ਪਤਵੰਤੇ ਸੱਜਣ ਅਤੇ ਸਥਾਨਕ ਲੋਕ ਵੱਡੀ ਗਿਣਤੀ ਵਿੱਚ ਸ਼ਾਮਲ ਸਨ। ਇਸ ਖ਼ਾਸ ਮੌਕੇ ਫ਼ਿਰੋਜ਼ਪੁਰ ਦੇ ਸਾਬਕਾ ਵਿਧਾਇਕ ਪਰਮਿੰਦਰ ਸਿੰਘ ਪਿੰਕੀ ਨੇ ਨਵੇਂ ਬਣੇ ਪ੍ਰਧਾਨ ਅਸ਼ੋਕ ਸਚਦੇਵਾ ਦੇ ਗ੍ਰਹਿ ਵਿਖੇ ਪਹੁੰਚ ਕੇ ਉਨ੍ਹਾਂ ਨੂੰ ਗੁਲਦਸਤਾ ਭੇਂਟ ਕੀਤਾ ਅਤੇ ਮੁਬਾਰਕਬਾਦ ਦਿੱਤੀ। ਗੱਲਬਾਤ ਕਰਦਿਆਂ ਸਾਬਕਾ ਵਿਧਾਇਕ ਪਿੰਕੀ ਨੇ ਕਿਹਾ ਕਿ ਅਸ਼ੋਕ ਸਚਦੇਵਾ ਦੀ ਅਗਵਾਈ ਹੇਠ ਫ਼ਿਰੋਜ਼ਪੁਰ ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਇੱਕ ਨਵੀਂ ਰਫ਼ਤਾਰ ਅਤੇ ਦਿਸ਼ਾ ਮਿਲੇਗੀ। ਉਨ੍ਹਾਂ ਦਾਅਵਾ ਕੀਤਾ ਕਿ ਨਗਰ ਕੌਂਸਲ ਬਿਨਾਂ ਕਿਸੇ ਪੱਖਪਾਤ ਦੇ ਸ਼ਹਿਰ ਦੇ ਹਰ ਇੱਕ ਵਾਰਡ ਵਿੱਚ ਬੁਨਿਆਦੀ ਸਹੂਲਤਾਂ ਜਿਵੇਂ ਕਿ ਸਾਫ਼ ਪਾਣੀ, ਸੜਕਾਂ, ਸਟ੍ਰੀਟ ਲਾਈਟਾਂ ਅਤੇ ਸਫ਼ਾਈ ਵਿਵਸਥਾ ਨੂੰ ਬਿਹਤਰ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਰਹੇਗੀ। ਚੋਣ ਪ੍ਰਕਿਰਿਆ ਬਾਰੇ ਜਾਣਕਾਰੀ ਦਿੰਦਿਆਂ ਫ਼ਿਰੋਜ਼ਪੁਰ ਦੇ ਐਸ.ਡੀ.ਐਮ. ਨੇ ਦੱਸਿਆ ਕਿ ਪ੍ਰਧਾਨਗੀ ਦੀ ਇਹ ਚੋਣ ਪੂਰੀ ਤਰ੍ਹਾਂ ਕਾਨੂੰਨੀ, ਜਮਹੂਰੀ ਅਤੇ ਪਾਰਦਰਸ਼ੀ ਤਰੀਕੇ ਨਾਲ ਨੇਪਰੇ ਚਾੜ੍ਹੀ ਗਈ ਹੈ। ਸਾਰੇ ਹਾਜ਼ਰ ਕੌਂਸਲਰਾਂ ਦੀ ਸਹਿਮਤੀ ਅਤੇ ਨਿਰਧਾਰਿਤ ਨਿਯਮਾਂ ਅਨੁਸਾਰ ਹੀ ਅਸ਼ੋਕ ਸਚਦੇਵਾ ਨੂੰ ਨਗਰ ਕੌਂਸਲ ਦਾ ਪ੍ਰਧਾਨ ਘੋਸ਼ਿਤ ਕੀਤਾ ਗਿਆ ਹੈ।

## ਇੱਕ ਨਜ਼ਰ...



### ਤਰਸਿੱਕਾ ਪੁਲਿਸ ਵੱਲੋਂ 30 ਬੋਰ ਦੇ ਪਿਸਤੌਲ ਅਤੇ 4 ਜਿੰਦਾ ਕਾਰਤੂਸ ਸਮੇਤ ਦੋ ਵਿਅਕਤੀ ਗ੍ਰਿਫਤਾਰ

ਜੰਡਿਆਲਾ ਗੁਰੂ, 17 ਜੁਲਾਈ ( ਕੁਲਵੰਤ ਸਿੰਘ ਵਿਰਦੀ ) ਜਦੋਂ ਤੋਂ ਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚੱਲੀ ਹੈ ਉਦੋਂ ਤੋਂ ਹੀ ਪੁਲਿਸ ਬਹੁਤ ਮੁਸਤੈਦੀ ਦੇ ਨਾਲ ਕੰਮ ਕਰ ਰਹੀ ਅਤੇ ਭੈੜੇ ਅਨਸਰਾਂ ਨੂੰ ਨੱਥ ਪਾ ਕੇ ਸਖਤ ਤੋਂ ਸਖਤ ਕਾਰਵਾਈਆਂ ਕੀਤੀਆਂ ਜਾ ਰਹੀਆਂ ਹਨ,, ਜਿਸ ਦੇ ਤਹਿਤ ਤਰਸਿੱਕਾ ਪੁਲਿਸ ਵੱਲੋਂ,ਭੱਟੀਕੇ। ,ਡੇਅਰੀਵਾਲ ਰੋਡ ਤੇ ਪੈਦੇਂ ਸੂਏ ਦੇ ਪੁਲ ਉਪਰ ਨਾਕਾ ਲਗਾਇਆ ਹੋਇਆ ਸੀ। ਨਾਕੇ ਦੌਰਾਨ, ਉਨਾਂ ਨੂੰ ਡੇਅਰੀ ਵਾਲੇ ਪਾਸਿਓਂ ਇੱਕ ਕਾਲਾ ਸਪਲੈਂਡਰ ਮੋਟਰ ਸਾਇਕਲ ਜਿਸਦਾਆਉਂਦਾ ਦਿਖਾਈ ਦਿੱਤਾ, ਜਦੋਂ ਪੁਲਿਸ ਪਾਰਟੀ ਵੱਲੋਂ ਮੋਟਰਸਾਈਕਲ ਨੂੰ ਰੁਕਣ ਦਾ ਇਸ਼ਾਰਾ ਦਿੱਤਾ ਤਾਂ ਉਹਨਾਂ ਨੇ ਮੋਟਰਸਾਈਕਲ ਪਿੱਛੇ ਹੀ ਰੋਕ ਕੇ ਵਾਪਸ ਘੁਮਾਉਣ ਦੀ ਕੋਸ਼ਿਸ਼ ਕੀਤੀ, ਪੁਲਿਸ ਨੂੰ ਸ਼ੱਕ ਪੈਣ ਤੇ ਏਐਸਆਈ ਅਤੇ ਪੁਲਿਸ ਕਰਮਚਾਰੀਆਂ ਦੀ ਮਦਦ ਨਾਲ ਮੋਟਰਸਾਈਕਲ ਰੋਕ ਕੇ ਮੋਟਰਸਾਇਕਲ ਤੋਂ ਉਹਨਾਂ ਨੂੰ ਉਤਾਰ ਕੇ ਵਾਰੋ ਵਾਰੀ ਉਹਨਾਂ ਦਾ ਨਾਮ ਪੁੱਛਿਆ ਗਿਆ ਤਾਂ ਮੋਟਰਸਾਈਕਲ ਚਾਲਕ ਨੇ ਆਪਣਾ ਨਾਂ ਜਗਜੀਤ ਸਿੰਘ ਉਰਫ ਲੱਡੂ ਪੁੱਤਰ ਨਿੰਦਰ ਸਿੰਘ ਵਾਸੀ ਸੈਦਪੁਰ ਥਾਣਾ ਤਰਸਿਕਾ ਅਤੇ ਦੂਸਰੇ ਨੌਜਵਾਨ ਨੇ ਆਪਣਾ ਨਾਮ ਜਗਪ੍ਰੀਤ ਸਿੰਘ ਉਰਫ ਜੱਗਾ ਪੁੱਤਰ ਅਮਰੀਕ ਸਿੰਘ ਵਾਸੀ ਸੈਦਪੁਰ ਥਾਣਾ ਤਰਸਿਕਾ ਦੱਸਿਆ, ਜਦੋਂ ਉਹਨਾਂ ਦੀ ਤਲਾਸ਼ੀ ਲਈ ਗਈ ਤਾਂ, ਤਲਾਸ਼ੀ ਦੌਰਾਨ ਜਗਜੀਤ ਸਿੰਘ ਉਰਫ ਲੱਡੂ ਦੀ ਖੱਬੀ ਡੱਬ ਵਿੱਚੋਂ 30 ਬੋਰ ਜਿਸਦੀ ਮੁਖ (ਬੱਟ)ਤੇ ਦੋਨੋਂ ਪਾਸੇ ਸਟਾਰ ਉਕਰਿਆ ਅਤੇ ਖੱਬੀ ਸਾਈਡ ਤੇ ਲਿਖਿਆ ਹੋਇਆ ਸੀ ਨਾਲ ਹੀ ਅਨਲੋਡ ਮੈਗਜ਼ੀਨ ਅਤੇ 04 ਜਿੰਦਾ ਕਾਰਤੂਸ ਬਰਾਮਦ ਹੋਏ। ਜਦੋਂ ਪੁਲਿਸ ਪਾਰਟੀ ਵੱਲੋਂ ਉਹਨਾਂ ਨੂੰ ਉਕਤ ਪਿਸਤੌਲ ਬਾਰੇ ਪੁੱਛਿਆ ਗਿਆ ਤਾਂ ਉਹ ਕੋਈ ਵੀ ਕਾਗਜਾਤ ਪੇਸ਼ ਨਹੀਂ ਕਰ ਸਕੇ।ਜਿਸ ਦੇ ਤਹਿਤ ਪੁਲਿਸ ਨੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

### ਵਿਸ਼ਵ ਭਾਈ ਮਰਦਾਨਾ ਸੁਸਾਇਟੀ ਵੱਲੋਂ ਪਰਮਿੰਦਰ ਸਿੰਘ ਪਿੰਕੀ ਤੇ ਅਸ਼ੋਕ ਸਚਦੇਵਾ ਨੂੰ ਵਧਾਈ

ਫ਼ਿਰੋਜ਼ਪੁਰ, 17 ਜੁਲਾਈ (ਮਨੋਹਰ ਲਾਲ) :— ਵਿਸ਼ਵ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਵੱਲੋਂ ਸਾਬਕਾ ਐਮ.ਐਲ.ਏ ਪਰਮਿੰਦਰ ਸਿੰਘ ਪਿੰਕੀ ਅਤੇ ਨਗਰ ਪਾਲਿਕਾ ਦੇ ਪ੍ਰਧਾਨ ਅਸ਼ੋਕ ਸੱਚਦੇਵਾ ਨੂੰ ਵਧਾਈ ਦਿੱਤੀ ਗਈ। ਇਸ ਗੱਲ ਦੀ ਜਾਣਕਾਰੀ ਦਿੰਦੇ ਹੋਏ ਸੁਸਾਇਟੀ ਪ੍ਰਧਾਨ ਜਗਜੀਤ ਸਿੰਘ ਭੁੱਲਰ ਨੇ ਕਿਹਾ ਕਿ ਕੱਲ ਜੋ ਨਗਰ ਪਾਲਿਕਾ ਵਿੱਚ ਕਾਂਗਰਸ ਦੀ ਇੱਕ ਬੜੀ ਵੱਡੀ ਜਿੱਤ ਹੋਈ ਜਿਸ ਵਿੱਚ ਕਾਂਗਰਸ ਦੇ ਸ਼੍ਰੀ ਅਸ਼ੋਕ ਸਚਦੇਵਾ ਨੂੰ ਨਗਰ ਪਾਲਿਕਾ ਦਾ ਪ੍ਰਧਾਨ ਬਣਾਇਆ ਗਿਆ ਅਤੇ ਬੋਹੜ ਸਿੰਘ ਨੂੰ ਕਮੇਟੀ ਦਾ ਵਾਈਸ ਪ੍ਰਧਾਨ ਬਣਾਇਆ ਹੈ। ਕਾਂਗਰਸ ਆਪਣੇ ਵਿਕਾਸ ਕਾਰਜਾਂ ਕਰਕੇ ਹੀ ਜਨਤਾ ਨੇ ਇਹ ਫਤਵਾ ਕਾਂਗਰਸ ਨੂੰ ਦਿੱਤਾ ਸੀ। ਸ਼ਹਿਰ ਵਾਸੀਆਂ ਨੂੰ ਪੂਰੀ ਉਮੀਦ ਹੈ ਕਿ ਜੋ ਵਿਕਾਸ ਰਿੰਕੂ ਗਰੋਵਰ ਦੀ ਅਗਵਾਈ ਵਿੱਚ ਸ਼ਹਿਰ ਵਾਸਤੇ ਕੀਤਾ ਗਿਆ ਸੀ ਉਸੇ ਤਰ੍ਹਾਂ ਹੀ ਅਸ਼ੋਕ ਸਿੰਘ ਦੇਵਾ ਵੀ ਸ਼ਹਿਰ ਦੇ ਵਿਕਾਸ ਵਿੱਚ ਆਪਣਾ ਪੂਰਾ ਯੋਗਦਾਨ ਦੇਣਗੇ। ਭਾਈ ਮਰਦਾਨਾ ਸੁਸਾਇਟੀ ਵੱਲੋਂ ਪਰਮਿੰਦਰ ਸਿੰਘ ਪਿੰਕੀ ਨੂੰ ਵੀ ਵਧਾਈ ਦਿੱਤੀ ਗਈ ਕਿ ਉਨ੍ਹਾਂ ਬਹੁਤ ਮਿਹਨਤ ਕਰਕੇ ਆਪਣੀ ਨਗਰ ਪਾਲਿਕਾ ਬਣਾਈ ਹੈ। ਉਨ੍ਹਾਂ ਕਿਹਾ ਕਿ ਪਰਮਿੰਦਰ ਸਿੰਘ ਪਿੰਕੀ ਵੇਲੇ ਸ਼ਹਿਰ ਵਿੱਚ ਸੁੰਦਰ ਪਾਰਕ ਸੁੰਦਰ ਗੇਟ ਅਤੇ ਵਧੀਆ ਸੜਕਾਂ ਬਣਾਈਆਂ ਸਨ। ਅਸੀਂ ਸਾਰੇ ਐਮ.ਸੀਆਂ ਨੂੰ ਚਾਹੇ ਉਹ ਆਮ ਆਦਮੀ ਪਾਰਟੀ ਦੇ ਹਨ ਚਾਹੇ ਬੀਜੇਪੀ ਦੇ ਹਨ ਚਾਹੇ ਚੰਦੂ ਗਰੁੱਪ ਦੇ ਹਨ ਸਾਰਿਆਂ ਨੂੰ ਹੀ ਐਮ.ਸੀ ਬਣਨ ਤੇ ਵਧਾਈ ਦਿੰਦੇ ਹਾਂ। ਇਸ ਮੌਕੇ ਦਰਸ਼ਨ ਲਾਲ ਹੀਰਾ, ਮਨੋਹਰ ਲਾਲ, ਹਰਜੀਤ ਸਿੰਘ ਧਾਲੀਵਾਲ, ਰਜੇਸ਼ ਕੁਮਾਰ, ਇੰਦਰਪਾਲ ਸਿੰਘ ਪ੍ਰਿੰਸ ਨਿਰਮਲ ਸਿੰਘ, ਪਰਮਜੀਤ ਸਿੰਘ ਔਲਖ, ਵੀਰ ਸਿੰਘ ਰਾਣਾ ਆਦਿ ਹਾਜ਼ਰ ਸਨ।

### ਉਲਕਾ ਪਿੰਡ ਤੋਂ ਟੁੱਟਿਆ ਤਾਰਾ

ਉਲਕਾ ਪਿੰਡ ਤੋਂ ਟੁੱਟਿਆ ਤਾਰਾ,
ਘਰ-ਘਰ ਹੋਣ ਵਿਚਾਰਾਂ।
ਕੋਈ ਆਖੇ ਸ਼ੁਭ ਸੰਕੇਤ ਹੈ,
ਕੋਈ ਕਰੇ ਪੁਕਾਰਾਂ।
ਕੋਈ ਰੱਬ ਦੀ ਰਜ਼ਾ ਸਮਝੇ,
ਕੋਈ ਕੁਦਰਤ ਦਾ ਖੇਲ।
ਹਰ ਮਨ ਅੰਦਰ ਵੱਖਰੀ ਸੋਚ,
ਹਰ ਚਿਹਰੇ ਉੱਤੇ ਮੇਲ।
ਅਸਮਾਨਾਂ ਦੀ ਹਰ ਚਮਕ ਵਿੱਚ,
ਲੁਕਿਆ ਇੱਕ ਸੁਨੇਹਾ ਪਿਆਰਾ।
ਕਰਮਾਂ ਨਾਲ ਹੀ ਜਗ ਚਮਕਦਾ,
ਨਾ ਸਿਰਫ਼ ਟੁੱਟਿਆ ਤਾਰਾ।
ਆਓ ਨੇਕ ਇਰਾਦੇ ਰੱਖੀਏ,
ਪਿਆਰ ਦੇ ਦੀਵੇ ਬਾਲੀਏ।
ਇਨਸਾਨੀਅਤ ਦੀ ਰਾਹ ਤੇ ਤੁਰ ਕੇ,
ਸਫਰੀ ਜੀਵਨ ਨੂੰ ਰੌਸ਼ਨ ਕਰ ਲਈਏ।



ਮਾਸਟਰ ਜਗੀਰ ਸਿੰਘ ਸਫਰੀ ( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

# ਪੰਜਾਬ ਸਰਕਾਰ ਪੈਨਸ਼ਨਰਜ਼ ਤੇ ਮੁਲਾਜ਼ਮਾ ਨਾਲ਼ ਕੀਤੇ ਵਾਅਦਿਆਂ ਤੋਂ ਮੁੱਕਰੀ: ਰਵਿੰਦਰ ਲੂਥਰਾ, ਰਮਨ ਅੱਤਰੀ




ਫ਼ਿਰੋਜ਼ਪੁਰ, 17 ਜੁਲਾਈ (ਮਨੋਹਰ ਲਾਲ) :— ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਉਲੀਕੇ ਪ੍ਰੋਗਰਾਮ ਤਹਿਤ ਅੱਜ ਫਿਰੋਜ਼ਪੁਰ ਸਿਵਲ ਹਸਪਤਾਲ ਵਿਖੇ ਵੱਖ—ਵੱਖ ਵਿਭਾਗਾਂ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ ਕਾਲ਼ੇ ਬਿੱਲੇ ਲਾ ਕੇ ਪੰਜਾਬ ਸਰਕਾਰ ਵੱਲੋਂ 20 ਜੁਲਾਈ 2020 ਨੂੰ ਜਾਰੀ ਕੀਤਾ ਪੱਤਰ ਦੀਆਂ ਕਾਪੀਆਂ ਸਾੜੀਆਂ ਗਈਆਂ। ਇਸ ਰੈਲੀ ਦੀ ਅਗਵਾਈ ਰਵਿੰਦਰ ਲੂਥਰਾ ਅਤੇ ਰਮਨ ਅੱਤਰੀ ਵੱਲੋਂ ਕੀਤੀ ਗਈ। ਗੱਲਬਾਤ ਕਰਦਿਆਂ ਰਵਿੰਦਰ ਲੂਥਰਾ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਸੱਤਾਂ ਵਿੱਚ ਆਉਣ ਤੋਂ ਪਹਿਲਾਂ ਜਿਹੜੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨਾਲ਼ ਜੋ ਵਾਅਦੇ ਕੀਤੇ ਸੀ ਜਿਵੇਂ ਕਿ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨਾ, ਪੰਜਾਬ ਦੇ 6ਵੇਂ ਪੇ ਕਮਿਸ਼ਨ ਦੀਆਂ ਸਿਫਾਰਸ਼ਾਂ ਨੂੰ ਲਾਗੂ ਕਰਨਾ, ਪੈਨਸ਼ਨਰਜ਼ ਤੇ 2.59 ਦਾ ਫਾਰਮੂਲਾ ਲਾਗੂ ਕਰਨਾ, ਆਉਟਸੋਰਸ, ਕੰਨਟਰੈਕਟ, ਡੇਲੀਵੇਜਿਜ ਅਤੇ ਵੱਖ ਵੱਖ ਸਕੀਮਾਂ ਅਤੇ ਐਨ.ਐਚ.ਐਮ ਅਧੀਨ ਕੰਮ ਕਰਦੇ ਮੁਲਾਜ਼ਮਾਂ ਨੂੰ ਰੈਗੂਲਰ ਕਰਨਾ, ਇਨ੍ਹਾਂ ਵਾਅਦਿਆਂ ਨੂੰ ਸਰਕਾਰ ਵੱਲੋਂ ਪੂਰਾਂ ਕਰਨ ਦੀ ਬਜਾਏ ਅੱਜ ਪੈਨਸ਼ਨਰਜ਼ ਤੇ ਮੁਲਾਜ਼ਮਾਂ ਦਾ 18 ਫੀਸਦੀ ਬਣਦੇ ਡੀ.ਏ ਦੀਆਂ ਕਿਸ਼ਤਾਂ ਅਤੇ ਬਕਾਇਆ ਦੇਣ ਤੋਂ ਭੱਜ ਰਹੀ ਹੈ ਅਤੇ ਮਾਨਯੋਗ ਹਾਈਕੋਰਟ ਕਰੋਟ ਵਿੱਚ ਹਲਫ਼ ਨਾਮਾਂ ਦੇ ਰਹੀ ਹੈ ਕਿ ਡੀ.ਏ ਮੁਲਾਜ਼ਮਾਂ ਨੂੰ ਨਹੀਂ ਦੇਣਾ ਬਣਦਾ। ਇਸ ਰੈਲੀ ਨੂੰ ਉਪਰੋਕਤ ਆਗੂਆਂ ਤੋਂ ਇਲਾਵਾ ਰਾਜ ਕੁਮਾਰ ਕੁੱਕੜ, ਦਰਸ਼ਨ ਸਿੰਘ ਪਤਲੀ, ਰਵਿੰਦਰ ਸ਼ਰਮਾ, ਅੰਕੁਸ਼ ਭੰਡਾਰੀ, ਵਿਸ਼ਾਲ ਗੁਪਤਾ, ਹਰਪ੍ਰੀਤ ਸਿੰਘ ਥਿੰਦ, ਸੁਤੰਤਰ ਸਿੰਘ, ਗੁਰਮੇਲ ਸਿੰਘ, ਨਵਇੰਦਰ ਸਿੰਘ, ਬਲਵੀਰ ਸਿੰਘ ਗਿੱਲਾਂਵਾਲਾ, ਦਿਨੇਸ਼ ਕੁਮਾਰ, ਅਰੁਣ ਕੁਮਾਰ, ਰਾਕੇਸ਼ ਕੰਬੋਜ, ਮਨਜਿੰਦਰ ਸਿੰਘ, ਸੰਦੀਪ ਸਿੰਘ, ਪਵਨ ਮਨਚੰਦਾ, ਹਰਜੀਤ ਸਿੰਘ, ਤਜਿੰਦਰ ਸਿੰਘ, ਸਰਬਜੀਤ ਸਿੰਘ, ਅਮਨਦੀਪ ਸਿੰਘ, ਪ੍ਰੀਤਮ ਸਿੰਘ, ਪੂਰਨ ਚੰਦ, ਸ਼ੇਖਰ, ਗੁਰਪ੍ਰੀਤ ਸਿੰਘ, ਮੁਖਤਿਆਰ ਸਿੰਘ, ਨਰਿੰਦਰ ਨਾਥ, ਹਰਪ੍ਰੀਤ ਸਿੰਘ ਸੋਢੀ, ਰਵੀ ਬਜੀਦਪੁਰੀ, ਤਰਸੇਮ ਲਾਲ, ਮੋਹਨ ਲਾਲ, ਵਿਕਟਰ ਦਿਆਲ, ਜੇਮੈਸ, ਜਗਰੂਪ ਮਸੀਹ, ਜਗਦੀਸ਼ ਕੁਮਾਰ, ਚੰਦਰ ਮੋਹਨ, ਅਸ਼ੋਕ ਕੁਮਾਰ, ਵਿਜੇ ਹੈਪੀ, ਪਰਮਜੀਤ ਕੌਰ, ਰੇਨੂੰ ਬਾਲਾ, ਪਰਮਪਾਲ ਕੌਰ, ਇੰਦਰਜੀਤ ਕੌਰ ਆਦਿ ਹਾਜ਼ਰ ਸਨ। ਉਪਰੋਕਤ ਆਗੂਆਂ ਨੇ ਆਪਣੇ ਸੰਬੋਧਨ ਵਿੱਚ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਦਾ ਨਿਪਟਾਰਾ ਨਾ ਕੀਤਾ ਗਿਆ ਤਾਂ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਇਸ ਸਰਕਾਰ ਨੂੰ ਚਲਦਾ ਕਰਨ ਲਈ ਮੁਲਾਜ਼ਮ ਅਤੇ ਪੈਨਸ਼ਨਰ ਨਿਰਣਾਇਕ ਭੂਮਿਕਾ ਨਿਭਾਉਣਗੇ। ਉਨ੍ਹਾਂ ਅੱਗੇ ਦੱਸਿਆ ਕਿ 7 ਅਗਸਤ ਨੂੰ ਮੋਹਾਲੀ ਵਿਖੇ ਹੋਣ ਵਾਲੀ ਰੈਲੀ ਵਿਚ ਵੱਡੀ ਗਿਣਤੀ ਵਿਚ ਸ਼ਮੂਲੀਅਤ ਕੀਤੀ ਜਾਵੇਗੀ।

# ਸ੍ਰੀ ਦਰਬਾਰ ਸਾਹਿਬ ਦੇ ਸਾਬਕਾ ਹੈੱਡ ਗ੍ਰੰਥੀ ਭਾਈ ਬਲਦੇਵ ਸਿੰਘ ਬੰਡਾਲਾ ਦਾ ਪਿੰਡ ਮਹਾਲਮ ਵਿਖੇ ਪਹੁੰਚਣ ਤੇ ਨਿੱਘਾ ਸਵਾਗਤ

## 328 ਪਾਵਨ ਸਰੂਪਾਂ ਦੇ ਇਨਸਾਫ਼ ਲਈ ਭਾਈ ਲਖਬੀਰ ਸਿੰਘ ਮਹਾਲਮ ਤੇ ਸਾਥੀਆਂ ਵੱਲੋਂ ਕੀਤਾ ਸੰਘਰਸ਼ ਸ਼ਲਾਘਾਯੋਗ: ਭਾਈ ਬੰਡਾਲਾ



ਫ਼ਿਰੋਜ਼ਪੁਰ, 17 ਜੁਲਾਈ (ਮਨੋਹਰ ਲਾਲ) : ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਸਾਬਕਾ ਹੈੱਡ ਗ੍ਰੰਥੀ ਭਾਈ ਬਲਦੇਵ ਸਿੰਘ ਬੰਡਾਲਾ ਅੱਜ ਪਿੰਡ ਮਹਾਲਮ ਵਿਖੇ ਪਹੁੰਚੇ ਅਤੇ ਪਿੰਡ ਪਹੁੰਚਣ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਦੇ ਪ੍ਰਧਾਨ ਭਾਈ ਲਖਬੀਰ ਸਿੰਘ ਮਹਾਲਮ ਅਤੇ ਸਮੂਹ ਕਮੇਟੀ ਮੈਂਬਰਾਂ ਵੱਲੋਂ ਉਨ੍ਹਾਂ ਦਾ ਭਰਵਾਂ ਅਤੇ ਨਿੱਘਾ ਸਵਾਗਤ ਕੀਤਾ ਗਿਆ। ਇਸ ਦੌਰਾਨ ਸਿੱਖ ਕੌਮ ਦੇ ਮੌਜੂਦਾ ਹਾਲਾਤ ਅਤੇ ਪੰਥਕ ਮਸਲਿਆਂ ਤੇ ਗੰਭੀਰ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਸਾਬਕਾ ਹੈੱਡ ਗ੍ਰੰਥੀ ਭਾਈ ਬਲਦੇਵ ਸਿੰਘ ਬੰਡਾਲਾ ਨੇ ਸ੍ਰੀ ਦਰਬਾਰ ਸਾਹਿਬ ਤੋਂ ਗੁੰਮ ਹੋਏ 328 ਪਾਵਨ ਸਰੂਪਾਂ ਦੇ ਮਾਮਲੇ ਦਾ ਵਿਸ਼ੇਸ਼ ਤੌਰ ਤੇ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਇਨ੍ਹਾਂ ਪਾਵਨ ਸਰੂਪਾਂ ਦੀ ਭਾਲ ਅਤੇ ਇਨਸਾਫ਼ ਲਈ ਭਾਈ ਲਖਬੀਰ ਸਿੰਘ ਮਹਾਲਮ ਵੱਲੋਂ ਬਹੁਤ ਵੱਡਾ ਅਤੇ ਲੰਬਾ ਸੰਘਰਸ਼ ਲੜਿਆ ਗਿਆ ਹੈ। ਭਾਈ ਬੰਡਾਲਾ ਨੇ ਭਾਵੁਕ ਹੁੰਦਿਆਂ ਦੱਸਿਆ ਕਿ ਇਸ ਕੌਮੀ ਸੰਘਰਸ਼ ਦੌਰਾਨ ਭਾਈ ਲਖਬੀਰ ਸਿੰਘ ਅਤੇ ਹੋਰਨਾਂ ਸਿੰਘਾਂ ਨੂੰ ਬਹੁਤ ਸਾਰੇ ਇਮਤਿਹਾਨਾਂ ਵਿੱਚੋਂ ਗੁਜ਼ਰਨਾ ਪਿਆ। ਉਨ੍ਹਾਂ ਤੇ ਪ੍ਰਸ਼ਾਸਨ ਅਤੇ ਵਿਰੋਧੀਆਂ ਵੱਲੋਂ ਭਾਰੀ ਜ਼ੁਲਮ ਅਤੇ ਤਸ਼ੱਦਦ ਵੀ ਢਾਹਿਆ ਗਿਆ, ਪਰ ਸਿੰਘਾਂ ਨੇ ਸਿਦਕ ਨਹੀਂ ਹਾਰਿਆ। ਉਨ੍ਹਾਂ ਕਿਹਾ ਸਿੰਘਾਂ ਤੇ ਹੋਏ ਤਸ਼ੱਦਦ ਤੋਂ ਬਾਅਦ ਹੀ ਅਸੀਂ ਸਾਢੇ ਪੰਜ ਸਾਲ ਇਸ ਸੰਘਰਸ਼ ਦੀ ਕਮਾਨ ਸੰਭਾਲੀ, ਇਨ੍ਹਾਂ ਕੌਮੀ ਪਰਵਾਨਿਆਂ ਦਾ ਸਾਥ ਦਿੱਤਾ ਅਤੇ ਲੰਬੀ ਕਾਨੂੰਨੀ ਤੇ ਜ਼ਮੀਨੀ ਲੜਾਈ ਤੋਂ ਬਾਅਦ ਦੋਸ਼ੀਆਂ ਖਿਲਾਫ ਪਰਚਾ ਦਰਜ ਕਰਵਾਉਣ ਵਿੱਚ ਸਫਲਤਾ ਹਾਸਲ ਕੀਤੀ। ਸਮਾਗਮ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਦੇ ਪ੍ਰਧਾਨ ਭਾਈ ਲਖਬੀਰ ਸਿੰਘ ਮਹਾਲਮ ਨੇ ਭਾਈ ਬਲਦੇਵ ਸਿੰਘ ਬੰਡਾਲਾ ਨੂੰ ਜੀ ਆਇਆਂ ਕਹਿੰਦਿਆਂ ਸਿਰੋਪਾਓ ਅਤੇ ਸਨਮਾਨ ਚਿੰਨ੍ਹ ਭੇਂਟ ਕੀਤਾ। ਭਾਈ ਮਹਾਲਮ ਨੇ ਕਿਹਾ ਕਿ ਭਾਈ ਬੰਡਾਲਾ ਦੀ ਸਿੱਖ ਕੌਮ ਅਤੇ ਪੰਥ ਪ੍ਰਤੀ ਬਹੁਤ ਵੱਡੀ ਦੇਣ ਹੈ, ਜਿਸ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਹਮੇਸ਼ਾ ਸੱਚ ਤੇ ਪਹਿਰਾ ਦਿੱਤਾ ਹੈ ਅਤੇ ਕੌਮ ਦੀ ਚੜ੍ਹਦੀ ਕਲਾ ਲਈ ਮੋਹਰੀ ਹੋ ਕੇ ਕੰਮ ਕੀਤਾ ਹੈ। ਪਿੰਡ ਮਹਾਲਮ ਦੀ ਸਤਿਕਾਰ ਕਮੇਟੀ ਅਤੇ ਸੰਗਤਾਂ ਵੱਲੋਂ ਵਾਹਿਗੁਰੂ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕੀਤੀ ਕਿ ਅਕਾਲ ਪੁਰਖ ਭਾਈ ਬਲਦੇਵ ਸਿੰਘ ਬੰਡਾਲਾ ਨੂੰ ਤੰਦਰੁਸਤੀ ਅਤੇ ਲੰਬੀ ਉਮਰ ਬਖਸ਼ਣ, ਤਾਂ ਜੋ ਉਹ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਸਿੱਖ ਕੌਮ ਦੀ ਸੇਵਾ ਅਤੇ ਮਾਰਗਦਰਸ਼ਨ ਕਰਦੇ ਰਹਿਣ। ਇਸ ਮੌਕੇ ਵੱਡੀ ਗਿਣਤੀ ਵਿੱਚ ਪੰਥਕ ਸ਼ਖਸੀਅਤਾਂ, ਸਤਿਕਾਰ ਕਮੇਟੀ ਦੇ ਮੈਂਬਰ ਅਤੇ ਇਲਾਕੇ ਦੀ ਸੰਗਤ ਹਾਜ਼ਰ ਸੀ।

# ਸਰਦਾਰ ਤੇਜਾ ਸਿੰਘ ਸਮੁੰਦਰੀ ਦੀ ਪਹਿਲੀ ਸ਼ਹੀਦੀ ਸ਼ਤਾਬਦੀ ਮੌਕੇ ਪ੍ਰਮੁੱਖ ਸਿੱਖ ਵਿਦਵਾਨਾਂ ਦਾ ਸਨਮਾਨ

ਅੰਮ੍ਰਿਤਸਰ, 17 ਜੁਲਾਈ (ਆਵਾਜ਼ਿ ਕੌਮ ਬਿਊਰੋ)- ਸਰਦਾਰ ਤੇਜਾ ਸਿੰਘ ਸਮੁੰਦਰੀ ਜੀ ਦੀ ਪਹਿਲੀ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਇੱਕ ਗੰਭੀਰ ਅਤੇ ਪ੍ਰਭਾਵਸ਼ਾਲੀ ਸਮਾਗਮ ਗੁਰਦੁਆਰਾ ਅਕਾਲੀ ਫੂਲਾ ਸਿੰਘ, ਅੰਮ੍ਰਿਤਸਰ ਵਿਖੇ ਆਯੋਜਿਤ ਕੀਤਾ ਗਿਆ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ (ਪੁਨਰ ਸਰਜੀਤ) ਦੀ ਸਮੁੱਚੀ ਲੀਡਰਸ਼ਿਪ ਵੱਲੋਂ ਸਿੱਖ ਚਿੰਤਕ ਅਤੇ ਪੰਥਕ ਬੁਲਾਰੇ ਭਗਵਾਨ ਸਿੰਘ ਜੌਹਲ ਨੂੰ ਸਰਦਾਰ ਤੇਜਾ ਸਿੰਘ ਸਮੁੰਦਰੀ ਜੀ ਦੇ ਜੀਵਨ, ਸੰਘਰਸ਼ ਅਤੇ ਪਰਉਪਕਾਰੀ ਕਾਰਜਾਂ ਸਬੰਧੀ ਕੀਤੀ ਗਈ ਖੋਜ ਅਤੇ ਪ੍ਰਚਾਰ-ਪ੍ਰਸਾਰ ਲਈ ਵਿਸ਼ੇਸ਼ ਤੌਰ ’ਤੇ ਸਨਮਾਨਿਤ ਕੀਤਾ ਗਿਆ। ਸਮਾਗਮ ਦੌਰਾਨ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ, ਸ਼੍ਰੋਮਣੀ ਅਕਾਲੀ ਦਲ (ਪੁਨਰ ਸਰਜੀਤ) ਦੇ ਪ੍ਰਧਾਨ ਪਰਮਿੰਦਰ ਸਿੰਘ ਢੀਂਡਸਾ ਅਤੇ ਹੋਰ ਪੰਥਕ ਆਗੂਆਂ ਦੀ ਹਾਜ਼ਰੀ ਵਿੱਚ ਉੱਘੇ ਇਤਿਹਾਸਕਾਰ ਹਰਵਿੰਦਰ ਸਿੰਘ ਖਾਲਸਾ ਅਤੇ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਡਾ. ਕਸ਼ਮੀਰ ਸਿੰਘ ਨੂੰ ਵੀ ਸਿੱਖ ਇਤਿਹਾਸ ਦੀ ਖੋਜ ਅਤੇ ਪੰਥਕ ਸਾਹਿਤ ਵਿੱਚ ਪਾਏ ਯੋਗਦਾਨ ਲਈ ਸਨਮਾਨਿਤ ਕੀਤਾ ਗਿਆ। ਵਕਤਾਵਾਂ ਨੇ ਕਿਹਾ ਕਿ ਸਰਦਾਰ ਤੇਜਾ ਸਿੰਘ ਸਮੁੰਦਰੀ ਦਾ ਜੀਵਨ ਸਿੱਖ ਕੌਮ ਲਈ ਕੁਰਬਾਨੀ, ਨਿਸ਼ਕਾਮ ਸੇਵਾ ਅਤੇ ਪੰਥਕ ਅਸੂਲਾਂ ਦੀ ਅਡੋਲ ਪਾਲਣਾ ਦਾ ਪ੍ਰਤੀਕ ਹੈ। ਉਨ੍ਹਾਂ ਦੇ ਆਦਰਸ਼ਾਂ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣਾ ਸਮੇਂ ਦੀ ਮੁੱਖ ਲੋੜ ਹੈ। ਸਮਾਗਮ ਦੌਰਾਨ ਪੰਥਕ ਏਕਤਾ, ਸਿੱਖ ਇਤਿਹਾਸ ਦੀ ਸੰਭਾਲ ਅਤੇ ਵਿਰਾਸਤ ਦੇ ਪ੍ਰਚਾਰ-ਪ੍ਰਸਾਰ ਲਈ ਸਾਂਝੇ ਯਤਨਾਂ ’ਤੇ ਵੀ ਜ਼ੋਰ ਦਿੱਤਾ ਗਿਆ।



## ਇੱਕ ਨਜ਼ਰ...





# ਭਾਰਤੀ ਕਿਸਾਨ ਯੂਨੀਅਨ ਡਕੌਂਦਾ ਨੇ ਸਵਰਗੀ ਬਲਕਾਰ ਸਿੰਘ ਡਕੌਂਦਾ ਦੀ 16ਵੀਂ ਬਰਸੀ ਪਟਿਆਲਾ ਵਿਖੇ ਮਨਾਈ

## ਬਲਕਾਰ ਸਿੰਘ ਡਕੌਂਦਾ ਇੱਕ ਵਿਅਕਤੀ ਨਹੀਂ ਬਲਕਿ ਇੱਕ ਸੰਸਥਾ ਸੀ: ਜਗਮੋਹਨ ਸਿੰਘ ਉੱਪਲ

ਨਵੀਂ ਦਿੱਲੀ, 17 ਜੁਲਾਈ (ਆਵਾਜ਼ਿ ਕੌਮ ਬਿਊਰੋ): ਭਾਰਤੀ ਕਿਸਾਨ ਯੂਨੀਅਨ ਡਕੌਂਦਾ ਵੱਲੋਂ ਮਹਿਰੂਮ ਆਗੂ ਤੇ ਜਥੇਬੰਦੀ ਦੇ ਸਥਾਪਕ ਸਵਰਗੀ ਬਲਕਾਰ ਸਿੰਘ ਡਕੌਂਦਾ ਦੀ 16ਵੀਂ ਬਰਸੀ ਪੰਜਾਬ ਭਰ 'ਚ 19 ਥਾਵਾਂ ਤੇ ਮਨਾਈ ਗਈ, ਪਰ ਅੱਜ ਅਖੀਰਲੇ ਦਿਨ ਉਨ੍ਹਾਂ ਦੇ ਜਨਮ ਅਸਥਾਨ ਵਾਲੇ ਜ਼ਿਲ੍ਹੇ ਪਟਿਆਲਾ 'ਚ ਮਨਾਈ ਗਈ। ਬਰਸੀ ਕਿਸਾਨੀ ਦੀ ਚੇਤਨਤਾ ਲਈ ਇਕ ਵਰਕਸ਼ਾਪ ਸਾਬਤ ਹੋਈ। ਅੱਜ ਪ੍ਰਭਾਤ ਪਰਵਾਨਾ ਹਾਲ 'ਚ ਕਿਸਾਨਾਂ ਦੇ ਭਰਵੇਂ ਇਕੱਠ ਵਿੱਚ ਸੰਬੋਧਨ ਕਰਦਿਆਂ ਮੁੱਖ ਬੁਲਾਰੇ ਸੂਬਾ ਜਨਰਲ ਸਕੱਤਰ ਜਗਮੋਹਨ ਸਿੰਘ ਉੱਪਲ ਨੇ ਕਿਹਾ ਕਿ ਬਲਕਾਰ ਸਿੰਘ ਡਕੌਂਦਾ ਇੱਕ ਵਿਅਕਤੀ ਨਹੀਂ ਬਲਕਿ ਇੱਕ ਸੰਸਥਾ ਸੀ। ਜਿੱਥੇ ਉਹ ਸਰੀਰ ਪੱਖੋਂ ਬਹੁਤ ਸੁੰਦਰ ਅਤੇ ਬਲਵਾਨ ਸੀ, ਉੱਥੇ ਉਹ ਯੋਗਤਾ ਪੱਖੋਂ ਇੱਕ ਬੁੱਧੀਵਾਨ ਸੀ। ਜਗਮੋਹਨ ਸਿੰਘ ਨੇ ਕਿਹਾ ਕਿ ਉਨ੍ਹਾਂ ਨੇ ਪੰਜਾਬ ਅੰਦਰ ਉਸ ਸਮੇਂ ਸਾਂਝੇ ਸੰਘਰਸ਼ ਦੀ ਨੀਂਹ ਰੱਖੀ ਜਦੋਂ ਕੈਪਟਨ ਅਮਰਿੰਦਰ ਸਰਕਾਰ ਨੇ ਲੰਮੇ ਸਮੇਂ ਤੋਂ ਮੁਆਫ਼ ਕੀਤੇ ਖੇਤੀ ਟਿਊਬਲਾਂ ਦੇ ਬਿੱਲ ਦੁਬਾਰਾ ਫਿਰ ਲਗਾ ਦਿੱਤੇ ਸਨ। 17 ਜਥੇਬੰਦੀਆਂ ਦੀ ਏਕਤਾ ਕਰਕੇ ਜਗਰਾਉਂ 'ਚ ਇੱਕ ਵਿਸ਼ਾਲ ਰੈਲੀ ਕਰਕੇ, ਪੰਜਾਬ ਭਰ 'ਚ ਖੇਤੀ ਮੋਟਰਾਂ ਦੇ ਬਿੱਲਾਂ ਦਾ ਬਾਈਕਾਟ ਕਰਵਾਇਆ, ਜਿਸ ਨਾਲ ਉਸ ਦੀ ਸ਼ਖਸ਼ੀਅਤ ਹੋਰ ਉਭਰੀ ਅਤੇ ਉਹ ਉਸ ਸਮੇਂ ਪੰਜਾਬ ਅੰਦਰ ਇੱਕ ਚੋਟੀ ਦਾ ਕਿਸਾਨ ਆਗੂ ਬਣ ਗਿਆ। ਇਹ ਸੰਘਰਸ਼ ਕਾਮਯਾਬ ਹੋਇਆ ਅਤੇ ਬਿਜਲੀ ਦੇ ਬਿੱਲ ਖੇਤੀ ਮੋਟਰਾਂ ਦੇ ਪੰਜਾਬ ਸਰਕਾਰ ਨੂੰ ਮੁਆਫ਼ ਕਰਨੇ ਪਏ ਅਤੇ ਅੱਜ ਤੱਕ ਮਾਫ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਜਗਮੋਹਨ ਸਿੰਘ ਤੋਂ ਇਲਾਵਾ ਉਸ ਦੇ ਆਪਣੇ ਪਿੰਡ ਡਕੌਂਦਾ ਦੇ ਸਰਵਸ੍ਰੀ ਪ੍ਰੋ. ਬਾਵਾ ਸਿੰਘ ਤੇ ਲੈਕਚਰਾਰ ਸੁੱਚਾ ਸਿੰਘ ਚੀਮਾ ਨੇ ਵਡਮੁੱਲੇ ਵਿਚਾਰ ਰੱਖਦਿਆਂ ਕਿਹਾ ਕਿ ਕਿਵੇਂ ਵਿਅਕਤੀ ਸੰਸਥਾ ਬਣ ਜਾਂਦੇ ਹਨ ਅਤੇ ਕਿਵੇਂ ਉਸ ਦੀ ਜ਼ਿੰਦਗੀ ਜਵਾਨੀ ਤੋਂ ਹੀ ਲੋਕਾਂ ਨੂੰ ਸਮਰਪਿਤ ਸੀ। ਅੱਜ ਦੇ ਪ੍ਰੋਗਰਾਮ ਦੀ ਪ੍ਰਧਾਨਗੀ ਸਰਬ ਸ਼੍ਰੀ ਜਗਮੋਹਨ ਸਿੰਘ ਉੱਪਲ, ਦਲਜਿੰਦਰ ਸਿੰਘ ਗੁਰਨਾ, ਰਾਮ ਸਿੰਘ ਮਟੋਰੜਾ, ਪ੍ਰੋਫੈਸਰ ਬਾਵਾ ਸਿੰਘ ਅਤੇ ਸੁੱਚਾ ਸਿੰਘ ਚੀਮਾ ਨੇ ਕੀਤੀ ਅਤੇ ਬਾਖੂਬੀ ਸਟੇਜ ਸਕੱਤਰ ਦੀ ਜ਼ਿੰਮੇਵਾਰੀ ਜ਼ਿਲ੍ਹਾ ਜਨਰਲ ਸਕੱਤਰ ਜਗਮੇਲ ਸਿੰਘ ਨੇ ਨਿਭਾਈ। ਇਸ ਸਬੰਧੀ ਬੀ.ਕੇ.ਯੂ. ਡਕੌਂਦਾ ਦੇ ਜਨਰਲ ਸਕੱਤਰ ਜਗਮੋਹਨ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵੱਖ-ਵੱਖ ਜ਼ਿਲ੍ਹਿਆਂ ਤੇ ਬਲਾਕਾਂ ਅੰਦਰ 13-14 ਤੇ 15 ਜੁਲਾਈ ਨੂੰ ਮਨਾਈ ਗਈ ਬਰਸੀ ਵਿੱਚ ਸੂਬੇ ਅਤੇ ਜਿਲਿਆਂ ਦੇ ਵੱਖ-ਵੱਖ ਬੁਲਾਰਿਆਂ ਨੇ ਸੰਬੋਧਨ ਕੀਤਾ ਜਿਸ ਵਿੱਚ ਮੁੱਖ ਰੂਪ 'ਚ ਬੂਟਾ ਸਿੰਘ ਬੁਰਜਗਿੱਲ ਸੂਬਾ ਪ੍ਰਧਾਨ, ਜਗਮੋਹਨ ਸਿੰਘ ਪਟਿਆਲਾ ਸੂਬਾ ਜਨਰਲ ਸਕੱਤਰ, ਰਾਮ ਸਿੰਘ ਮਟੋਰੜਾ ਸੂਬਾ ਖਜ਼ਾਨਚੀ, ਗੁਰਮੀਤ ਸਿੰਘ ਭੱਟੀਵਾਲ ਸੂਬਾ ਸੀਨੀਅਰ ਪ੍ਰਧਾਨ, ਇੰਦਰਪਾਲ ਸਿੰਘ ਸੂਬਾ ਪ੍ਰੈੱਸ ਸਕੱਤਰ, ਬਲਦੇਵ ਸਿੰਘ ਭਾਈ ਰੂਪਾ ਸੂਬਾ ਮੀਤ ਪ੍ਰਧਾਨ, ਦਲਜਿੰਦਰ ਸਿੰਘ ਸੂਬਾ ਸਹਾਇਕ ਖਜ਼ਾਨਚੀ ਅਤੇ ਜ਼ਿਲਾ ਪ੍ਰਧਾਨਾਂ ਤੇ ਜ਼ਿਲਾ ਜਨਰਲ ਸਕੱਤਰਾਂ ਨੇ ਸੰਬੋਧਨ ਕੀਤਾ। ਜਗਮੋਹਨ ਸਿੰਘ ਸੂਬਾ ਜਨਰਲ ਸਕੱਤਰ ਨੇ ਦੱਸਿਆ ਕਿ ਬਾਨੀ ਪ੍ਰਧਾਨ ਅਤੇ ਸਾਂਝੇ ਘੋਲਾਂ ਦੇ ਝੰਡਾ ਬਰਦਾਰ ਬਲਕਾਰ ਸਿੰਘ ਡਕੌਂਦਾ ਦੀ 16ਵੀਂ ਬਰਸੀ ਪੰਜਾਬ ਭਰ ਚ ਮਨਾਈ ਗਈ। ਉਨ੍ਹਾਂ ਕਿਹਾ ਕਿ ਮਹਰੂਮ ਸਾਥੀ ਬਲਕਾਰ ਸਿੰਘ ਡਕੌਂਦਾ ਨੇ 2007 ਵਿੱਚ ਜੱਥੇਬੰਦੀ ਦਾ ਮੁੱਢ ਬੰਨ੍ਹਿਆ ਅਤੇ ਬਾਨੀ ਪ੍ਰਧਾਨ ਬਣ ਸੀਮਤ ਸਮੇਂ 'ਚ ਹੀ ਜੱਥੇਬੰਦੀ ਨੂੰ ਪੰਜਾਬ ਦੀਆਂ ਮੂਹਰਲੀ ਕਤਾਰ ਦੀਆਂ ਜੱਥੇਬੰਦੀਆਂ ਵਿੱਚ ਖੜ੍ਹਾ ਕਰ ਦਿੱਤਾ। ਸਿਆਲਕੋਟ ਦੀ ਧਰਤੀ ਤੋਂ 1947 ਵੇਲੇ ਉੱਜੜ ਕੇ ਆਏ ਪਰਿਵਾਰ ਦਾ ਫਰਜੰਦ ਬਚਪਨ ਤੋਂ ਹੀ ਪੜ੍ਹਾਈ ਦਾ ਸ਼ੌਂਕ ਰੱਖਦਾ ਸੀ ਪਰ ਪਰਿਵਾਰਿਕ ਮਜਬੂਰੀਆਂ ਕਾਰਨ ਜ਼ਿਆਦਾ ਪੜ੍ਹਾਈ ਨਾ ਕਰ ਸਕਿਆ ਅਤੇ ਕਿੱਤੇ ਵਜੋਂ ਕਿਸਾਨ ਤੇ ਆਰ.ਐੱਮ.ਪੀ. ਡਾਕਟਰ ਬਣ ਕਿਸਾਨੀ ਝੰਡਾ ਲਹਿਰਾਇਆ। 13 ਜੁਲਾਈ 2010 ਮੰਦਭਾਗੇ ਦਿਨ ਅੰਬਰਾਂ ਤੇ ਚਮਕਦੇ ਤਾਰੇ ਨੂੰ ਐਸਾ ਗ੍ਰਹਿਣ ਲੱਗਾ ਕਿ ਐਕਸੀਡੈਂਟ ਵਿੱਚ ਆਪਣੀ ਜੀਵਨ ਸਾਥਣ ਸਮੇਤ ਇਸ ਸੰਸਾਰ ਨੂੰ ਅਲਵਿਦਾ ਆਖ ਗਿਆ। ਭਾਵੇਂ ਕਿ ਉਹ ਇਸ ਸਮੇਂ ਸਾਡੇ ਵਿਚਕਾਰ ਨਹੀਂ ਪਰ ਉਸਦੀ ਸੋਚ ਹਮੇਸ਼ਾਂ ਉਸਨੂੰ ਸਾਡੇ ਵਿੱਚ ਜਿਉਂਦਾ ਰੱਖਦੀ ਆ ਰਹੀ ਹੈ। ਇਸ ਸਮੇਂ ਵੱਖ-ਵੱਖ ਆਗੂਆਂ ਨੇ ਅਜੋਕੇ ਸਮੇਂ ਦੇ ਭਖਦੇ ਮੁੱਦੇ ਵਿਚਾਰੇ ਅਤੇ ਸੰਯੁਕਤ ਮੋਰਚੇ ਵੱਲੋਂ ਉਲੀਕੇ ਜਮੀਨ, ਪਾਣੀ ਤੇ ਪੰਜਾਬ ਬਚਾਓ ਦੇ ਪ੍ਰੋਗਰਾਮਾਂ ਤੇ ਵੀ ਚਰਚਾ ਕੀਤੀ ਅਤੇ ਆਪ ਸਰਕਾਰ ਵੱਲੋਂ ਦੁਬਾਰਾ ਲਿਆਂਦੀ ਜਾ ਰਹੀ ਲੈਂਡ ਪੂਲਿੰਗ ਪਾਲਸੀ ਤੇ ਆਪ ਸਰਕਾਰ ਦੀ ਨਿਖੇਧੀ ਕੀਤੀ ਤੇ ਪ੍ਰਣ ਦੁਹਰਾਇਆ ਕਿ ਇਸ ਨੂੰ ਲਾਗੂ ਨੀ ਹੋਣ ਦਿੱਤਾ ਜਾਵੇਗਾ। ਇਸ ਸਮੇਂ ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਮੀਤ ਸਿੰਘ ਭੱਟੀਵਾਲ ਨੇ ਕਿਹਾ ਕੀ ਜੋ ਮੁਕਤ ਵਪਾਰ ਸਮਝੌਤਾ ਸੈਂਟਰ ਸਰਕਾਰ ਟਰੰਪ ਸਰਕਾਰ ਨਾਲ ਕਰਨ ਜਾ ਰਹੀ ਹੈ, ਉਸ ਨਾਲ ਖੇਤੀ ਸੈਕਟਰ ਤੇ ਡੇਅਰੀ ਸੈਕਟਰ ਤੇ ਬਹੁਤ ਵੱਡਾ ਹਮਲਾ ਹੋਣ ਜਾ ਰਿਹਾ, ਜਿਸ ਦਾ ਅਸੀਂ ਵਿਰੋਧ ਕਰਦੇ ਹਾਂ ਅਤੇ ਮੰਗ ਕਰਦੇ ਹਾਂ ਕੀ ਕੇਂਦਰ ਸਰਕਾਰ ਇਸ ਸਮਝੌਤੇ ਵਿੱਚੋ ਖੇਤੀ ਤੇ ਡੇਅਰੀ ਸੈਕਟਰ ਨੂੰ ਬਾਹਰ ਕੱਢੇ ਨਹੀਂ ਮੋਦੀ ਸਰਕਾਰ ਨੂੰ ਹੋਰ ਕਿਸਾਨੀ ਰੋਹ ਦਾ ਸਾਹਮਣਾ ਕਰਨਾ ਪਵੇਗਾ। ਇਸ ਬਾਬਤ 22 ਜੁਲਾਈ ਨੂੰ ਸੰਯੁਕਤ ਮੋਰਚੇ ਦੇ ਸੱਦੇ ਤੇ ਰੱਖੇ ਇਸ ਦੇ ਵਿਰੋਧ ਵਿੱਚ ਟੋਲ ਪਲਾਜ਼ੇ ਫ੍ਰੀ ਕਰਨ ਦੇ ਪ੍ਰੋਗਰਾਮ ਵਿੱਚ ਜੱਥੇਬੰਦੀ ਵੱਧ ਚੜ੍ਹ ਕੇ ਸ਼ਮੂਲੀਅਤ ਕਰੇਗੀ। ਅਮਰੀਕਾ ਵਪਾਰ ਸਮਝੌਤੇ ਨੂੰ ਨਾ ਹੋਣ ਦੇਣ ਅਤੇ ਕਿਸਾਨੀ ਮੰਗਾਂ ਤੇ ਖਾੜਕੂ ਸੰਘਰਸ਼ ਕਰਨਾ ਹੀ ਬਲਕਾਰ ਸਿੰਘ ਡਕੌਂਦਾ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ।

## ਬ੍ਰਿਟੇਨ ਨੂੰ ਮਿਲਿਆ ਨਵਾਂ ਆਗੂ, ਐਂਡੀ ਬਰਨਮ ਹੋਣਗੇ ਅਗਲੇ ਪ੍ਰਧਾਨ ਮੰਤਰੀ

# ਲੇਬਰ ਪਾਰਟੀ ਦੇ ਨਵੇਂ ਨੇਤਾ ਵਜੋਂ ਹੋਇਆ ਐਲਾਨ, 20 ਜੁਲਾਈ ਨੂੰ ਕੀਅਰ ਸਟਾਰਮਰ ਦੀ ਥਾਂ ਸੰਭਾਲਣਗੇ ਦੇਸ਼ ਦੀ ਕਮਾਨ

## ਐਂਡੀ ਬਰਨਮ ਦੀ ਕੈਬਨਿਟ ਵਿੱਚ ਸ. ਤਨਮਨਜੀਤ ਸਿੰਘ ਢੇਸੀ ਨੂੰ ਮਿਲ ਸਕਦੀ ਹੈ ਅਹਿਮ ਜ਼ਿੰਮੇਵਾਰੀ





ਸਲੋਹ ਵਿੱਚ ਬਸੰਤ ਕੌਰ ਐਂਡੀ ਬਰਨਮ ਦਾ ਸਵਾਗਤ ਕਰਦਿਆਂ ਅਤੇ ਸ. ਤਨਮਨਜੀਤ ਸਿੰਘ ਢੇਸੀ ਦੀ ਫਾਇਲ ਫੋਟੋ।

ਲੰਡਨ, 17 ਜੁਲਾਈ (ਸਰਬਜੀਤ ਸਿੰਘ ਬਨੂੜ)- ਬ੍ਰਿਟੇਨ ਦੀ ਸਿਆਸਤ ਵਿੱਚ ਵੱਡਾ ਬਦਲਾਅ ਆ ਗਿਆ ਹੈ। ਗ੍ਰੇਟਰ ਮੈਨਚੈਸਟਰ ਦੇ ਸਾਬਕਾ ਮੇਅਰ ਅਤੇ ਸੀਨੀਅਰ ਲੇਬਰ ਆਗੂ ਐਂਡੀ ਬਰਨਮ ਨੂੰ ਸੱਤਾਧਾਰੀ ਲੇਬਰ ਪਾਰਟੀ ਦਾ ਨਵਾਂ ਨੇਤਾ ਐਲਾਨ ਦਿੱਤਾ ਗਿਆ ਹੈ। ਇਸ ਨਾਲ ਉਨ੍ਹਾਂ ਲਈ ਯੂਨਾਈਟਿਡ ਕਿੰਗਡਮ ਦਾ ਅਗਲਾ ਪ੍ਰਧਾਨ ਮੰਤਰੀ ਬਣਨ ਦਾ ਰਾਹ ਸਾਫ਼ ਹੋ ਗਿਆ ਹੈ। ਉਹ ਸੋਮਵਾਰ, 20 ਜੁਲਾਈ 2026 ਨੂੰ ਰਾਜਾ ਚਾਰਲਸ ਤੀਜੇ ਨਾਲ ਰਸਮੀ ਮੁਲਾਕਾਤ ਤੋਂ ਬਾਅਦ ਕੀਅਰ ਸਟਾਰਮਰ ਦੀ ਥਾਂ ਪ੍ਰਧਾਨ ਮੰਤਰੀ ਦਾ ਅਹੁਦਾ ਸੰਭਾਲਣਗੇ। ਐਂਡੀ ਬਰਨਮ ਲੇਬਰ ਪਾਰਟੀ ਦੀ ਲੀਡਰਸ਼ਿਪ ਦੀ ਦੌੜ ਵਿੱਚ ਇਕਲੌਤੇ ਉਮੀਦਵਾਰ ਵਜੋਂ ਸਾਹਮਣੇ ਆਏ। ਉਨ੍ਹਾਂ ਨੂੰ ਪਾਰਟੀ ਦੇ ਸੰਸਦ ਮੈਂਬਰਾਂ ਦਾ ਭਾਰੀ ਸਮਰਥਨ ਪ੍ਰਾਪਤ ਹੋਇਆ, ਜਿਸ ਕਾਰਨ ਕਿਸੇ ਹੋਰ ਆਗੂ ਵੱਲੋਂ ਉਨ੍ਹਾਂ ਨੂੰ ਚੁਣੌਤੀ ਨਹੀਂ ਦਿੱਤੀ ਗਈ। ਪਾਰਟੀ ਦੀ ਵਿਸ਼ੇਸ਼ ਕਾਨਫਰੰਸ ਦੌਰਾਨ ਉਨ੍ਹਾਂ ਨੂੰ ਰਸਮੀ ਤੌਰ 'ਤੇ ਲੇਬਰ ਪਾਰਟੀ ਦਾ ਨਵਾਂ ਨੇਤਾ ਐਲਾਨ ਦਿੱਤਾ ਗਿਆ। ਨਵੇਂ ਲੇਬਰ ਆਗੂ ਵਜੋਂ ਆਪਣੇ ਪਹਿਲੇ ਸੰਬੋਧਨ ਦੌਰਾਨ ਬਰਨਮ ਨੇ ਪਾਰਟੀ ਨੂੰ ਇਕਜੁੱਟ ਕਰਨ ਅਤੇ ਬ੍ਰਿਟਿਸ਼ ਲੋਕਾਂ ਵਿੱਚ ਮੁੜ ਆਸ ਪੈਦਾ ਕਰਨ ਦਾ ਵਾਅਦਾ ਕੀਤਾ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਮਿਹਨਤਕਸ਼ ਲੋਕਾਂ, ਕਾਰੋਬਾਰਾਂ ਅਤੇ ਲੰਬੇ ਸਮੇਂ ਤੋਂ ਅਣਗੌਲੇ ਰਹੇ ਕਸਬਿਆਂ ਤੇ ਸ਼ਹਿਰਾਂ ਦੀ ਸਰਕਾਰ ਹੋਵੇਗੀ। ਬਰਨਮ ਨੇ ਕਿਹਾ ਕਿ ਬ੍ਰਿਟੇਨ ਵਿੱਚ ਸੱਤਾ ਅਤੇ ਸਰੋਤਾਂ ਦਾ ਬਹੁਤ ਵੱਡਾ ਹਿੱਸਾ ਲੰਡਨ ਅਤੇ ਵੈਸਟਮਿੰਸਟਰ ਤੱਕ ਸੀਮਤ ਹੋ ਗਿਆ ਹੈ। ਉਨ੍ਹਾਂ ਦੇਸ਼ ਦੇ ਵੱਖ-ਵੱਖ ਖੇਤਰਾਂ, ਸ਼ਹਿਰਾਂ ਅਤੇ ਸਥਾਨਕ ਪ੍ਰਸ਼ਾਸਨਾਂ ਨੂੰ ਵਧੇਰੇ ਅਧਿਕਾਰ ਦੇਣ ਦਾ ਵਾਅਦਾ ਕੀਤਾ। ਉਨ੍ਹਾਂ ਮੁਤਾਬਕ ਸਰਕਾਰ ਦਾ ਮਕਸਦ ਸਿਰਫ਼ ਆਰਥਿਕ ਅੰਕੜਿਆਂ ਵਿੱਚ ਸੁਧਾਰ ਕਰਨਾ ਨਹੀਂ, ਸਗੋਂ ਆਮ ਲੋਕਾਂ ਦੇ ਜੀਵਨ ਵਿੱਚ ਅਸਲ ਬਦਲਾਅ ਲਿਆਉਣਾ ਹੋਵੇਗਾ। ਬਰਨਮ ਨੇ ਦੇਸ਼ ਦੀ ਸੁਸਤ ਆਰਥਿਕਤਾ, ਮਹਿੰਗਾਈ, ਰਿਹਾਇਸ਼ੀ ਸੰਕਟ, ਸਮਾਜਿਕ ਦੇਖਭਾਲ, ਨੈਸ਼ਨਲ ਹੈਲਥ ਸਰਵਿਸ ਅਤੇ ਸਰਕਾਰੀ ਸੇਵਾਵਾਂ ਉੱਤੇ ਵਧ ਰਹੇ ਦਬਾਅ ਨੂੰ ਆਪਣੀ ਸਰਕਾਰ ਸਾਹਮਣੇ ਵੱਡੀਆਂ ਚੁਣੌਤੀਆਂ ਦੱਸਿਆ। ਉਨ੍ਹਾਂ ਉਦਯੋਗਿਕ ਵਿਕਾਸ, ਨਵੀਆਂ ਨੌਕਰੀਆਂ ਪੈਦਾ ਕਰਨ, ਸਸਤੀ ਜਨਤਕ ਆਵਾਜਾਈ ਅਤੇ ਖੇਤਰੀ ਅਸਮਾਨਤਾਵਾਂ ਘਟਾਉਣ ਨੂੰ ਆਪਣੀਆਂ ਮੁੱਖ ਤਰਜੀਹਾਂ ਵਿੱਚ ਸ਼ਾਮਲ ਕੀਤਾ। ਐਂਡੀ ਬਰਨਮ ਇਸ ਤੋਂ ਪਹਿਲਾਂ ਟੋਨੀ ਬਲੇਅਰ ਅਤੇ ਗੋਰਡਨ ਬ੍ਰਾਊਨ ਦੀਆਂ ਸਰਕਾਰਾਂ ਵਿੱਚ ਕਈ ਅਹਿਮ ਅਹੁਦਿਆਂ 'ਤੇ ਰਹਿ ਚੁੱਕੇ ਹਨ। ਉਹ ਸਿਹਤ ਮੰਤਰੀ ਸਮੇਤ ਵੱਖ-ਵੱਖ ਮੰਤਰੀ ਅਹੁਦਿਆਂ ਦੀ ਜ਼ਿੰਮੇਵਾਰੀ ਨਿਭਾ ਚੁੱਕੇ ਹਨ। ਗ੍ਰੇਟਰ ਮੈਨਚੈਸਟਰ ਦੇ ਮੇਅਰ ਵਜੋਂ ਕੰਮ ਕਰਦਿਆਂ ਉਨ੍ਹਾਂ ਨੇ ਸਥਾਨਕ ਆਵਾਜਾਈ, ਬੇਘਰ ਲੋਕਾਂ ਅਤੇ ਖੇਤਰੀ ਅਧਿਕਾਰਾਂ ਦੇ ਮੁੱਦਿਆਂ 'ਤੇ ਆਪਣੀ ਵੱਖਰੀ ਪਛਾਣ ਬਣਾਈ। ਮੈਨਚੈਸਟਰ ਅਤੇ ਉੱਤਰੀ ਇੰਗਲੈਂਡ ਦੇ ਹਿੱਤਾਂ ਲਈ ਲਗਾਤਾਰ ਆਵਾਜ਼ ਚੁੱਕਣ ਕਾਰਨ ਉਨ੍ਹਾਂ ਨੂੰ "ਕਿੰਗ ਆਫ਼ ਦ ਨਾਰਥ" ਵੀ ਕਿਹਾ ਜਾਂਦਾ ਰਿਹਾ ਹੈ। ਕੀਅਰ ਸਟਾਰਮਰ ਨੇ ਪਾਰਟੀ ਅੰਦਰ ਵਧ ਰਹੇ ਦਬਾਅ ਅਤੇ ਚੋਣ ਨਤੀਜਿਆਂ ਵਿੱਚ ਲੇਬਰ ਪਾਰਟੀ ਦੀ ਕਮਜ਼ੋਰ ਕਾਰਗੁਜ਼ਾਰੀ ਤੋਂ ਬਾਅਦ ਜੂਨ 2026 ਵਿੱਚ ਪਾਰਟੀ ਆਗੂ ਅਤੇ ਪ੍ਰਧਾਨ ਮੰਤਰੀ ਦਾ ਅਹੁਦਾ ਛੱਡਣ ਦਾ ਐਲਾਨ ਕੀਤਾ ਸੀ। ਉਹ ਨਵੇਂ ਪ੍ਰਧਾਨ ਮੰਤਰੀ ਦੇ ਰਸਮੀ ਤੌਰ 'ਤੇ ਅਹੁਦਾ ਸੰਭਾਲਣ ਤੱਕ ਕਾਰਜਕਾਰੀ ਪ੍ਰਧਾਨ ਮੰਤਰੀ ਵਜੋਂ ਜ਼ਿੰਮੇਵਾਰੀ ਨਿਭਾ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਬ੍ਰਿਟਿਸ਼ ਸੰਵਿਧਾਨਕ ਪ੍ਰਕਿਰਿਆ ਅਨੁਸਾਰ ਸੱਤਾਧਾਰੀ ਪਾਰਟੀ ਦਾ ਨਵਾਂ ਆਗੂ ਆਪਣੇ ਆਪ ਤੁਰੰਤ ਪ੍ਰਧਾਨ ਮੰਤਰੀ ਨਹੀਂ ਬਣਦਾ। ਮੌਜੂਦਾ ਪ੍ਰਧਾਨ ਮੰਤਰੀ ਵੱਲੋਂ ਰਾਜਾ ਨੂੰ ਆਪਣਾ ਅਸਤੀਫ਼ਾ ਸੌਂਪੇ ਜਾਣ ਤੋਂ ਬਾਅਦ ਰਾਜਾ ਉਸ ਆਗੂ ਨੂੰ ਸਰਕਾਰ ਬਣਾਉਣ ਦਾ ਸੱਦਾ ਦਿੰਦਾ ਹੈ, ਜਿਸ ਕੋਲ ਹਾਊਸ ਆਫ਼ ਕਾਮਨਜ਼ ਵਿੱਚ ਬਹੁਮਤ ਦਾ ਸਮਰਥਨ ਹੋਵੇ। ਇਸੇ ਪ੍ਰਕਿਰਿਆ ਤਹਿਤ ਬਰਨਮ 20 ਜੁਲਾਈ ਨੂੰ ਬਕਿੰਘਮ ਪੈਲੇਸ ਜਾਣਗੇ ਅਤੇ ਇਸ ਤੋਂ ਬਾਅਦ ਡਾਊਨਿੰਗ ਸਟਰੀਟ ਵਿੱਚ ਦੇਸ਼ ਨੂੰ ਸੰਬੋਧਨ ਕਰਨ ਦੀ ਸੰਭਾਵਨਾ ਹੈ। ਐਂਡੀ ਬਰਨਮ ਦੇ ਸਾਹਮਣੇ ਪ੍ਰਧਾਨ ਮੰਤਰੀ ਬਣਦਿਆਂ ਹੀ ਆਰਥਿਕ ਬਾਜ਼ਾਰਾਂ ਦਾ ਭਰੋਸਾ ਕਾਇਮ ਰੱਖਣ, ਸਰਕਾਰੀ ਖ਼ਰਚਿਆਂ ਨੂੰ ਸੰਤੁਲਿਤ ਕਰਨ, ਐੱਨਐੱਚਐੱਸ ਦੀਆਂ ਸਮੱਸਿਆਵਾਂ ਨਾਲ ਨਜਿੱਠਣ ਅਤੇ ਰਿਫਾਰਮ ਯੂਕੇ ਦੀ ਵਧਦੀ ਸਿਆਸੀ ਚੁਣੌਤੀ ਨੂੰ ਰੋਕਣ ਵਰਗੇ ਔਖੇ ਕੰਮ ਹੋਣਗੇ। ਉਨ੍ਹਾਂ ਦੀ ਨਵੀਂ ਕੈਬਨਿਟ ਵਿੱਚ ਕਿਹੜੇ ਸੀਨੀਅਰ ਆਗੂਆਂ ਨੂੰ ਥਾਂ ਮਿਲਦੀ ਹੈ, ਇਸ ਵੱਲ ਵੀ ਸਿਆਸੀ ਹਲਕਿਆਂ ਦੀਆਂ ਨਜ਼ਰਾਂ ਟਿਕੀਆਂ ਹੋਈਆਂ ਹਨ। ਚਾਂਸਲਰ, ਗ੍ਰਹਿ ਮੰਤਰੀ ਅਤੇ ਵਿਦੇਸ਼ ਮੰਤਰੀ ਸਮੇਤ ਕਈ ਮਹੱਤਵਪੂਰਨ ਵਿਭਾਗਾਂ ਵਿੱਚ ਫੇਰਬਦਲ ਦੀ ਸੰਭਾਵਨਾ ਜਤਾਈ ਜਾ ਰਹੀ ਹੈ। ਇਸ ਦੇ ਨਾਲ ਹੀ ਪੰਜਾਬੀ ਅਤੇ ਸਿੱਖ ਭਾਈਚਾਰੇ ਦੀ ਨੁਮਾਇੰਦਗੀ ਨੂੰ ਲੈ ਕੇ ਵੀ ਚਰਚਾ ਤੇਜ਼ ਹੈ। ਸਲੋਹ ਤੋਂ ਸੰਸਦ ਮੈਂਬਰ ਸ. ਤਨਮਨਜੀਤ ਸਿੰਘ ਢੇਸੀ ਅਤੇ ਬਰਮਿੰਘਮ ਐਜਬੈਸਟਨ ਤੋਂ ਸੰਸਦ ਮੈਂਬਰ ਪ੍ਰੀਤ ਕੌਰ ਗਿੱਲ ਦੇ ਕੈਬਨਿਟ ਵਿੱਚ ਸ਼ਾਮਲ ਹੋਣ ਦੀਆਂ ਸੰਭਾਵਨਾਵਾਂ ਬਾਰੇ ਸਿਆਸੀ ਹਲਕਿਆਂ ਵਿੱਚ ਕਿਆਸ ਲਗਾਏ ਜਾ ਰਹੇ ਹਨ। ਜ਼ਿਕਰਯੋਗ ਹੈ ਕਿ ਸ. ਤਨਮਨਜੀਤ ਸਿੰਘ ਢੇਸੀ ਇਸ ਤੋਂ ਪਹਿਲਾਂ ਲੇਬਰ ਪਾਰਟੀ ਦੀ ਸ਼ੈਡੋ ਕੈਬਨਿਟ ਵਿੱਚ ਸ਼ੈਡੋ ਰੇਲ ਮੰਤਰੀ ਵਜੋਂ ਜ਼ਿੰਮੇਵਾਰੀ ਨਿਭਾ ਚੁੱਕੇ ਹਨ। ਮੌਜੂਦਾ ਸਮੇਂ ਉਹ ਸੰਸਦ ਦੀ ਰੱਖਿਆ ਕਮੇਟੀ (**Defence Committee**) ਦੇ ਚੇਅਰਮੈਨ ਵਜੋਂ ਇੱਕ ਅਹਿਮ ਸੰਵਿਧਾਨਕ ਅਹੁਦੇ 'ਤੇ ਕੰਮ ਕਰ ਰਹੇ ਹਨ, ਜਿਸ ਕਾਰਨ ਉਨ੍ਹਾਂ ਨੂੰ ਸਰਕਾਰ ਵਿੱਚ ਅਹਿਮ ਜ਼ਿੰਮੇਵਾਰੀ ਮਿਲਣ ਦੀਆਂ ਅਟਕਲਾਂ ਵੀ ਲਗਾਈਆਂ ਜਾ ਰਹੀਆਂ ਹਨ। ਇਸ ਤੋਂ ਇਲਾਵਾ ਲੇਬਰ ਪਾਰਟੀ ਦੇ ਕਈ ਹੋਰ ਪੰਜਾਬੀ ਮੂਲ ਦੇ ਸੰਸਦ ਮੈਂਬਰ ਵੀ ਨਵੀਂ ਕੈਬਨਿਟ ਵਿੱਚ ਸਥਾਨ ਹਾਸਲ ਕਰਨ ਦੀ ਉਮੀਦ ਰੱਖਦੇ ਹਨ। ਹਾਲਾਂਕਿ ਕੈਬਨਿਟ ਦੀ ਅੰਤਿਮ ਸੂਚੀ ਪ੍ਰਧਾਨ ਮੰਤਰੀ ਐਂਡੀ ਬਰਨਮ ਵੱਲੋਂ ਅਹੁਦਾ ਸੰਭਾਲਣ ਤੋਂ ਬਾਅਦ ਹੀ ਜਾਰੀ ਕੀਤੀ ਜਾਵੇਗੀ। ਐਂਡੀ ਬਰਨਮ ਬ੍ਰਿਟੇਨ ਦੇ ਪਿਛਲੇ ਇਕ ਦਹਾਕੇ ਦੌਰਾਨ ਸੱਤਵੇਂ ਪ੍ਰਧਾਨ ਮੰਤਰੀ ਹੋਣਗੇ। ਉਨ੍ਹਾਂ ਦਾ ਪ੍ਰਧਾਨ ਮੰਤਰੀ ਬਣਨਾ ਬ੍ਰਿਟਿਸ਼ ਸਿਆਸਤ ਵਿੱਚ ਇੱਕ ਨਵੇਂ ਦੌਰ ਦੀ ਸ਼ੁਰੂਆਤ ਮੰਨਿਆ ਜਾ ਰਿਹਾ ਹੈ, ਪਰ ਉਨ੍ਹਾਂ ਦੇ ਵਾਅਦਿਆਂ ਦੀ ਅਸਲ ਪਰਖ ਆਰਥਿਕ ਸੰਕਟ, ਮਹਿੰਗਾਈ, ਜਨਤਕ ਸੇਵਾਵਾਂ ਅਤੇ ਵਧ ਰਹੀ ਸਿਆਸੀ ਵੰਡ ਨਾਲ ਨਜਿੱਠਣ ਵਿੱਚ ਹੋਵੇਗੀ।

# ਸ਼ਹੀਦ ਸਰਦਾਰ ਤੇਜਾ ਸਿੰਘ ਸਮੁੰਦਰੀ ਦੇ 100ਵੇਂ ਸ਼ਹੀਦੀ ਦਿਹਾੜੇ ਮੌਕੇ ਡੀਐਸਜੀਐਮਸੀ ਵੱਲੋਂ ਵਿਸ਼ੇਸ਼ ਗੁਰਮਤਿ ਸਮਾਗਮ, ਵੱਖ ਵੱਖ ਸ਼ਖ਼ਸੀਅਤਾਂ ਵੱਲੋਂ ਸ਼ਰਧਾਂਜਲੀਆਂ ਭੇਂਟ



ਨਵੀਂ ਦਿੱਲੀ 17 ਜੁਲਾਈ (ਆਵਾਜ਼ਿ ਕੌਮ ਬਿਊਰੋ)- ਸਿੱਖ ਕੌਮ ਦੇ ਮਹਾਨ ਸ਼ਖ਼ਸੀਅਤ, ਗੁਰਦੁਆਰਾ ਸੁਧਾਰ ਲਹਿਰ ਦੇ ਮੋਢੀ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੰਸਥਾਪਕ ਮੈਂਬਰ ਸ਼ਹੀਦ ਸਰਦਾਰ ਤੇਜਾ ਸਿੰਘ ਸਮੁੰਦਰੀ ਜੀ ਦੇ 100ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਾਈ ਲੱਖੀ ਸ਼ਾਹ ਵਣਜਾਰਾ ਹਾਲ, ਗੁਰਦੁਆਰਾ ਰਕਾਬ ਗੰਜ ਸਾਹਿਬ ਵਿਖੇ ਵਿਸ਼ੇਸ਼ ਗੁਰਮਤਿ ਸਮਾਗਮ ਸ਼ਰਧਾ ਨਾਲ ਕੀਤਾ ਗਿਆ। ਸਰਦਾਰ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਸ਼ਹੀਦ ਸਰਦਾਰ ਤੇਜਾ ਸਿੰਘ ਸਮੁੰਦਰੀ ਦਾ ਜੀਵਨ ਸਿੱਖ ਕੌਮ ਲਈ ਸੇਵਾ, ਕੁਰਬਾਨੀ, ਨਿਸ਼ਕਾਮ ਸਮਰਪਣ ਅਤੇ ਪੰਥਕ ਅਗਵਾਈ ਦਾ ਸਦੀਵੀ ਪ੍ਰੇਰਣਾ ਸਰੋਤ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸੁਧਾਰ ਲਹਿਰ ਵਿੱਚ ਉਨ੍ਹਾਂ ਵੱਲੋਂ ਨਿਭਾਈ ਗਈ ਇਤਿਹਾਸਕ ਭੂਮਿਕਾ ਅਤੇ ਸਿੱਖ ਸੰਸਥਾਵਾਂ ਦੀ ਮਜ਼ਬੂਤੀ ਲਈ ਦਿੱਤਾ ਗਿਆ ਯੋਗਦਾਨ ਹਮੇਸ਼ਾ ਯਾਦ ਰੱਖਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਸਮਾਗਮ ਦੌਰਾਨ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਮੁੱਚੀ ਟੀਮ ਨੇ ਸ਼ਮੂਲੀਅਤ ਕਰਦਿਆਂ ਸ਼ਹੀਦ ਸਰਦਾਰ ਤੇਜਾ ਸਿੰਘ ਸਮੁੰਦਰੀ ਜੀ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ ਅਤੇ ਉਨ੍ਹਾਂ ਦੀ ਲਾਸਾਨੀ ਸ਼ਹਾਦਤ ਨੂੰ ਨਮਨ ਕੀਤਾ। ਇਸ ਮੌਕੇ ਦਿੱਲੀ ਦੇ ਉਪ ਰਾਜਪਾਲ ਸ. ਤਰਨਜੀਤ ਸਿੰਘ ਸੰਧੂ, ਦਿੱਲੀ ਦੀ ਮੁੱਖ ਮੰਤਰੀ ਸ੍ਰੀਮਤੀ ਰੇਖਾ ਗੁਪਤਾ, ਦਿੱਲੀ ਸਰਕਾਰ ਦੇ ਕੈਬਿਨੇਟ ਮੰਤਰੀ ਸ. ਮਨਜਿੰਦਰ ਸਿੰਘ ਸਿਰਸਾ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਹਰਜਿੰਦਰ ਸਿੰਘ ਧਾਮੀ ਸਮੇਤ ਵੱਖ-ਵੱਖ ਰਾਜਸੀ, ਧਾਰਮਿਕ ਅਤੇ ਸਮਾਜਿਕ ਸ਼ਖ਼ਸੀਅਤਾਂ, ਸੰਤ-ਮਹਾਂਪੁਰਖਾਂ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰਦਿਆਂ ਸ਼ਹੀਦ ਸਰਦਾਰ ਤੇਜਾ ਸਿੰਘ ਸਮੁੰਦਰੀ ਜੀ ਦੀਆਂ ਪੰਥਕ ਸੇਵਾਵਾਂ, ਦੂਰਅੰਦੇਸ਼ੀ ਅਤੇ ਮਹਾਨ ਕੁਰਬਾਨੀ ਨੂੰ ਸ਼ਰਧਾ ਸਹਿਤ ਯਾਦ ਕੀਤਾ। ਇਸ ਮੌਕੇ ਵੱਖ ਵੱਖ ਬੁਲਾਰਿਆਂ ਨੇ ਆਪਣੇ ਸੰਬੋਧਨਾਂ ਵਿੱਚ ਕਿਹਾ ਕਿ ਸ਼ਹੀਦ ਸਰਦਾਰ ਤੇਜਾ ਸਿੰਘ ਸਮੁੰਦਰੀ ਵੱਲੋਂ ਸਿੱਖ ਕੌਮ ਦੀ ਧਾਰਮਿਕ ਅਜ਼ਾਦੀ, ਗੁਰਦੁਆਰਿਆਂ ਦੀ ਸੁਤੰਤਰਤਾ ਅਤੇ ਪੰਥਕ ਮਰਿਆਦਾ ਦੀ ਰੱਖਿਆ ਲਈ ਦਿੱਤੀ ਗਈ ਕੁਰਬਾਨੀ ਇਤਿਹਾਸ ਦੇ ਸੁਨਹਿਰੀ ਅੱਖਰਾਂ ਵਿੱਚ ਦਰਜ ਹੈ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

**21, 22 ਅਤੇ 23 ਅਗਸਤ**

**ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲਾਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ**

ਸਲਾਨਾ ਬਰਸੀ ਸੱਚਖੰਡ ਵਾਸੀ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਭਿੰਡਰਾਂਵਾਲਿਆ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ

ਸ਼ੁੱਕਰਵਾਰ 21 ਅਗਸਤ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ, ਸ਼ਨਿੱਚਰਵਾਰ 22 ਅਗਸਤ ਸ਼ਾਮ 5 ਤੋਂ ਸਾਢੇ 8 ਵਜੇ ਤੱਕ ਦੀਵਾਨ ਸੱਜਣਗੇ

ਕਥਾ ਵਾਚਕ,ਕੀਰਤਨੀ ਜਥਾ,ਕਵੀਸ਼ਰੀ ਤੇ ਢਾਡੀ ਸਿੰਘ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ

ਐਤਵਾਰ 23 ਅਗਸਤ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸੱਜਣਗੇ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778